ਮੰਗਲਵਾਰ, 2 ਜੂਨ, 2026
19 ਜੇਠ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 1

ਰੋਜ਼ਾਨਾ
# ਨਵਾਂ ਜ਼ਮਾਨਾ
75 ਜਲੰਧਰ | 1952
ਜਲੰਧਰ

nawan zamana TV

DAILY NAWAN ZAMANA • TUESDAY, 2 JUNE, 2026

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ‘ਕਾਕਰੋਚਾਂ’ ਨੂੰ 6 ਨੂੰ ਦਿੱਲੀ ਪੁੱਜਣ ਦਾ ਸੱਦਾ

## ਮੈਂ ਵੀ ਅਮਰੀਕਾ ਤੋਂ ਪਹੁੰਚ ਰਿਹਾਂ, ਸਿੱਖਿਆ ਮੰਤਰੀ ਦੇ ਅਸਤੀਫੇ ਲਈ ਜੰਤਰ-ਮੰਤਰ ’ਤੇ ਧਰਨਾ ਲਾਵਾਂਗੇ : ਅਭਿਜੀਤ ਦੀਪਕੇ

**ਨਵੀਂ ਦਿੱਲੀ (ਨ ਜ਼ ਸ)**

ਸੋਸ਼ਲ ਮੀਡੀਆ ’ਤੇ ਨੌਜਵਾਨਾਂ ਦੀ ਹਰਮਨਪਿਆਰੀ ਮੁਹਿੰਮ ‘ਕਾਕਰੋਚ ਜਨਤਾ ਪਾਰਟੀ’ ਦੇ ਬਾਨੀ ਅਭਿਜੀਤ ਦੀਪਕੇ ਨੇ ਸੋਮਵਾਰ ਕਿਹਾ ਕਿ ਉਹ 6 ਜੂਨ ਨੂੰ ਅਮਰੀਕਾ ਤੋਂ ਭਾਰਤ ਪਰਤ ਰਿਹਾ ਹੈ। ਉਹ ਪ੍ਰੀਖਿਆਵਾਂ ਵਿੱਚ ਹੋਈਆਂ ਵੱਡੀਆਂ ਗੜਬੜੀਆਂ ਅਤੇ ਲਾਪਰਵਾਹੀਆਂ ਦੇ ਵਿਰੋਧ ਵਿੱਚ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਦਿੱਲੀ ਵਿੱਚ ਇੱਕ ਸ਼ਾਂਤਮਈ ਪ੍ਰਦਰਸ਼ਨ ਸ਼ੁਰੂ ਕਰੇਗਾ। ਉਸ ਨੇ ਵੀਡੀਓ ਸੰਦੇਸ਼ ਵਿੱਚ ਦੇਸ਼-ਭਰ ਦੇ ਵਿਦਿਆਰਥੀਆਂ ਅਤੇ ਆਪਣੇ ਸਮਰਥਕਾਂ ਨੂੰ ਇਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।

ਦੀਪਕੇ ਨੇ ਵੀਡੀਓ ਵਿੱਚ ਕਿਹਾ, “ਹੁਣ ਉਹ ਸਮਾਂ ਆ ਗਿਆ ਹੈ ਜਦੋਂ ਸਾਨੂੰ ਸਾਰਿਆਂ ਨੂੰ ਇਕੱਠੇ ਹੋਣਾ ਪਵੇਗਾ। ਭਾਰਤੀ ਸੰਵਿਧਾਨ ਦੇ ਦਾਇਰੇ ਵਿੱਚ ਰਹਿ ਕੇ, ਸ਼ਾਂਤਮਈ ਢੰਗ ਨਾਲ ਆਵਾਜ਼ ਬੁਲੰਦ ਕਰਦਿਆਂ ਸਾਨੂੰ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਕਰਨੀ ਹੋਵੇਗੀ। ਜੇ ਅਸੀਂ ਸਾਰੇ ਇੱਕਜੁੱਟ ਹੋ ਕੇ ਆਵਾਜ਼ ਚੁੱਕਾਂਗੇ, ਤਾਂ ਸਰਕਾਰ ਨੂੰ ਸਾਡੀ ਗੱਲ ਹਰ ਹਾਲ ਵਿੱਚ ਸੁਣਨੀ ਹੀ ਪਵੇਗੀ।”

ਦੀਪਕੇ ਨੇ ਆਪਣੇ ਸਮਰਥਕਾਂ ਨੂੰ ਅਪੀਲ ਕੀਤੀ ਹੈ ਕਿ ਉਹ 6 ਜੂਨ, ਦਿਨ ਸ਼ਨੀਵਾਰ ਦੀ ਸਵੇਰ ਨੂੰ ਦਿੱਲੀ ਹਵਾਈ ਅੱਡੇ ’ਤੇ ਪਹੁੰਚਣ। ਉਸ ਨੇ ਕਿਹਾ ਹੈ, “ਮੈਂ ਸ਼ਨੀਵਾਰ ਸਵੇਰੇ ਦਿੱਲੀ ਪਹੁੰਚ ਰਿਹਾ ਹਾਂ। ਤੁਸੀਂ ਸਾਰੇ ਉੱਥੇ ਪਹੁੰਚੋ ਅਤੇ ਅਸੀਂ ਸਾਰੇ ਇਕੱਠੇ ਪਾਰਲੀਮੈਂਟ ਸਟ੍ਰੀਟ ਪੁਲਸ ਥਾਣੇ ਜਾਵਾਂਗੇ, ਤਾਂ ਜੋ ਜੰਤਰ-ਮੰਤਰ ਵਿਖੇ ਸ਼ਾਂਤਮਈ ਧਰਨਾ ਪ੍ਰਦਰਸ਼ਨ ਕਰਨ ਦੀ ਕਾਨੂੰਨੀ ਮਨਜ਼ੂਰੀ ਲਈ ਜਾ ਸਕੇ।”






ਦੀਪਕੇ ਨੇ ਕਿਹਾ ਕਿ ਸਿੱਖਿਆ ਮੰਤਰੀ ਪ੍ਰਧਾਨ ਦੇ ਅਸਤੀਫੇ ਲਈ ਉਨ੍ਹਾ ਦੀ ਪਾਰਟੀ ਦੀ ਪਟੀਸ਼ਨ ਨੂੰ ਕਰੀਬ 8 ਲੱਖ ਲੋਕਾਂ ਦਾ ਸਮਰਥਨ ਪ੍ਰਾਪਤ ਹੈ।

ਦੀਪਕੇ ਨੇ ਕਿਹਾ, ‘ਮੈਂ ਆਪਣੇ ਦੇਸ਼, ਆਪਣੇ ਘਰ, ਭਾਰਤ ਵਾਪਸ ਆ ਰਿਹਾ ਹਾਂ, ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਮੰਗਣ ਲਈ। ਤੁਸੀਂ ਏਨੇ ਦਿਨਾਂ ਤੋਂ ਦੇਖ ਰਹੇ ਹੋ ਕਿ ਅਸੀਂ ਸੋਸ਼ਲ ਮੀਡੀਆ ’ਤੇ ਆਪਣੀ ਆਵਾਜ਼ ਬੁਲੰਦ ਕਰ ਰਹੇ ਹਾਂ ਕਿ ਪੇਪਰ ਲੀਕ ਹੋਣ ਕਾਰਨ ਖੁਦਕੁਸ਼ੀ ਕਰਨ ਵਾਲੇ ਬੱਚਿਆਂ ਅਤੇ ਲੱਖਾਂ ਵਿਦਿਆਰਥੀਆਂ ਦੀ ਮਿਹਨਤ ਬਰਬਾਦ ਹੋ ਗਈ ਹੈ, ਇਸ ਲਈ ਧਰਮਿੰਦਰ ਪ੍ਰਧਾਨ ਨੂੰ ਅਸਤੀਫਾ ਦੇ ਦੇਣਾ ਚਾਹੀਦਾ ਹੈ।’

ਦੀਪਕੇ ਨੇ ਕਿਹਾ ਕਿ ਜੇ ਪ੍ਰਧਾਨ ਅਸਤੀਫਾ ਦੇਣ ਵਿੱਚ ਅਸਫਲ ਰਹਿੰਦੇ ਹਨ, ਤਾਂ ਇਸ ਦਾ ਮਤਲਬ ਇਹ ਹੋਵੇਗਾ ਕਿ ਭਾਰਤ ਵਿੱਚ ਕੋਈ ਜਵਾਬਦੇਹੀ ਨਹੀਂ ਬਚੀ। ਉਸ ਨੇ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਸਿਸਟਮ ਬਿਨਾਂ ਨਤੀਜਿਆਂ

• ਬਾਕੀ ਸਫਾ 2 ’ਤੇ

# ਐੱਚ ਪੀ ਸੀ ਐੱਲ ਵੱਡਾ ਨਿਵੇਸ਼ ਕਰੇਗੀ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**

ਐੱਚ ਪੀ ਸੀ ਐੱਲ ਦੇ ਚੇਅਰਮੈਨ ਵਿਕਾਸ ਕੌਸ਼ਲ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਮਜ਼ਬੂਤ ਬੁਨਿਆਦੀ ਢਾਂਚੇ, ਰਣਨੀਤਕ ਸਥਿਤੀ, ਨਿਵੇਸ਼ਕ-ਪੱਖੀ ਨੀਤੀਆਂ ਅਤੇ ਪਾਰਦਰਸ਼ੀ ਸ਼ਾਸਨ ਪ੍ਰਣਾਲੀ ’ਤੇ ਚਾਨਣਾ ਪਾਇਆ। ਮੀਟਿੰਗ ਦੌਰਾਨ ਐੱਚ ਪੀ ਸੀ ਐੱਲ-ਮਿੱਤਲ ਐਨਰਜੀ ਲਿਮਟਿਡ ਨੇ ਪੰਜਾਬ ਵਿੱਚ ਆਪਣੇ ਕੰਮਕਾਜ ਦੇ ਹੋਰ ਵਿਸਥਾਰ ਦਾ ਐਲਾਨ ਵੀ ਕੀਤਾ, ਜਿਸ ਵਿੱਚ ਬਾਇਓਫਿਊਲ ਅਤੇ ਬਾਇਓਗੈਸ ਪ੍ਰੋਜੈਕਟ ਸ਼ਾਮਲ ਹਨ।ਇਨ੍ਹਾਂ ਪ੍ਰੋਜੈਕਟਾਂ ਨਾਲ ਰੁਜ਼ਗਾਰ ਪੈਦਾ ਹੋਣ, ਪੇਂਡੂ ਆਰਥਿਕਤਾ ਨੂੰ ਮਜ਼ਬੂਤੀ ਮਿਲਣ, ਉਦਯੋਗਿਕ ਵਿਕਾਸ ਨੂੰ ਹੁਲਾਰਾ ਮਿਲਣ ਅਤੇ ਖੇਤੀਬਾੜੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਟਿਕਾਊ ਹੱਲ ਮਿਲਣ ਦੀ ਉਮੀਦ ਹੈ।ਮੁੱਖ ਮੰਤਰੀ ਨੇ ਕਿਹਾ, ‘ਇਹ ਬਹੁਤ ਉਤਸ਼ਾਹਜਨਕ ਹੈ ਕਿ ਐੱਚ ਪੀ ਸੀ ਐੱਲ ਨੇ ਪੰਜਾਬ ਵਿੱਚ ਰਿਫਾਇਨਰੀ ਅਤੇ ਬਾਇਓਗੈਸ ਵਰਗੇ ਮੁੱਖ ਖੇਤਰਾਂ ਵਿੱਚ ਨਿਵੇਸ਼ ਕਰਨ ਵਿੱਚ ਡੂੰਘੀ ਦਿਲਚਸਪੀ ਦਿਖਾਈ ਹੈ।ਇਹ ਨਿਵੇਸ਼ ਸੂਬੇ ਨੂੰ ਵੱਡਾ ਲਾਭ ਪਹੁੰਚਾਉਣਗੇ।ਆਰਥਿਕ ਗਤੀਵਿਧੀਆਂ ਨੂੰ ਵੱਡਾ ਹੁਲਾਰਾ ਦੇਣ ਤੋਂ ਇਲਾਵਾ ਇਹ ਪ੍ਰੋਜੈਕਟ ਪੰਜਾਬ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਰਾਹ ਖੋਲ੍ਹਣਗੇ।’



ਮੁੱਖ ਮੰਤਰੀ ਨੇ ਕਿਹਾ, ‘ਇਹ ਖ਼ੁਸ਼ੀ ਦੀ ਗੱਲ ਹੈ ਕਿ ਐੱਚ ਪੀ ਸੀ ਐੱਲ-ਮਿੱਤਲ ਐਨਰਜੀ ਲਿਮਟਿਡ 2ਜੀ ਤਕਨਾਲੋਜੀ ’ਤੇ ਕੰਮ ਕਰਕੇ ਬਠਿੰਡਾ ਵਿੱਚ ਆਪਣੇ ਕੰਮਕਾਜ ਦਾ ਹੋਰ ਵਿਸਤਾਰ ਕਰ ਰਹੀ ਹੈ।ਇਸ ਉਪਰਾਲੇ ਵਿੱਚ ਖੇਤੀਬਾੜੀ ਦੀ ਰਹਿੰਦ-ਖੂੰਹਦ ਤੋਂ ਕੀਮਤੀ ਉਤਪਾਦ ਤਿਆਰ ਕਰਦੇ ਹੋਏ ਬਾਇਓਫਿਊਲ ਖੇਤਰ ਨੂੰ ਮਜ਼ਬੂਤ ਕਰਨ ਦੀ ਬੇਹੱਦ ਸੰਭਾਵਨਾ ਹੈ।’

ਉਨ੍ਹਾ ਦੱਸਿਆ ਕਿ ਕੰਪਨੀ ਪੰਜਾਬ ਭਰ ਵਿੱਚ ਦਸ ਬਾਇਓਗੈਸ ਪਲਾਂਟ ਸਥਾਪਤ ਕਰਨ ਦੀ ਪ੍ਰਕਿਰਿਆ ਵਿੱਚ ਹੈ, ਜਿਨ੍ਹਾਂ ਵਿੱਚੋਂ ਪੰਜ ਪਹਿਲਾਂ ਹੀ ਚਾਲੂ ਹੋ ਚੁੱਕੇ ਹਨ।

# ਲੁਧਿਆਣਾ ’ਚ ਜ਼ਹਿਰੀਲੀ ਗੈਸ ਨਾਲ ਪਿਓ-ਪੁੱਤ ਸਣੇ 3 ਮਜ਼ਦੂਰਾਂ ਦੀ ਮੌਤ

**ਲੁਧਿਆਣਾ (ਨ ਜ਼ ਸ)**-ਸ਼ਹਿਰ ਦੇ ਆਰ ਕੇ ਰੋਡ ਸਥਿਤ ਫੈਕਟਰੀ ਵਿੱਚ ਸੋਮਵਾਰ ਜ਼ਹਿਰੀਲੀ ਗੈਸ ਲੀਕ ਹੋਣ ਕਾਰਨ ਪਿਓ-ਪੁੱਤ ਸਣੇ ਤਿੰਨ ਜਣਿਆਂ ਦੀ ਮੌਤ ਹੋ ਗਈ। ਹਵਾ ਵਿੱਚ ਫੈਲੀ ਇਸ ਜ਼ਹਿਰੀਲੀ ਗੈਸ ਨਾਲ ਦਮ ਘੁੱਟਣ ਕਰਕੇ ਤਿੰਨਾਂ ਨੇ ਮੌਕੇ ’ਤੇ ਹੀ ਦਮ ਤੋੜ ਦਿੱਤਾ। ਹਾਦਸੇ ਦੌਰਾਨ ਫੈਕਟਰੀ ਕੰਪਲੈਕਸ ਦੇ ਅੰਦਰ ਭਾਜੜਾਂ ਪੈ ਗਈਆਂ ਅਤੇ ਗੈਸ ਦੀ ਲਪੇਟ ਵਿੱਚ ਆਉਣ ਕਾਰਨ ਕਈ ਹੋਰ ਮਜ਼ਦੂਰ ਉੱਥੇ ਹੀ ਬੇਹੋਸ਼ ਹੋ ਕੇ ਡਿੱਗ ਗਏ, ਜਿਨ੍ਹਾਂ ਵਿੱਚੋਂ ਦੋ ਦੀ ਹਾਲਤ ਬੇਹੱਦ ਗੰਭੀਰ ਦੱਸੀ ਜਾ ਰਹੀ ਹੈ।

ਗੈਸ ਦਾ ਅਸਰ ਇੰਨਾ ਤੇਜ਼ ਅਤੇ ਘਾਤਕ ਸੀ ਕਿ ਮਜ਼ਦੂਰਾਂ ਨੂੰ ਸੰਭਲਣ ਜਾਂ ਬਾਹਰ ਭੱਜਣ ਦਾ ਮੌਕਾ ਤੱਕ ਨਹੀਂ ਮਿਲਿਆ। ਅੱਖਾਂ ਵਿੱਚ ਜਲਨ ਅਤੇ ਸਾਹ ਲੈਣ ਵਿੱਚ ਤਕਲੀਫ ਹੋਣ ਕਾਰਨ ਕਈ ਮਜ਼ਦੂਰ ਮੌਕੇ ’ਤੇ ਹੀ ਬੇਹੋਸ਼ ਹੋ ਡਿੱਗ ਪਏ। ਇਸ ਮੰਦਭਾਗੀ ਘਟਨਾ ਵਿੱਚ ਜਾਨ ਗੁਆਉਣ ਵਾਲੇ ਮ੍ਰਿਤਕਾਂ ਦੀ ਪਛਾਣ ਮਾਨਾ ਅਤੇ ਉਸ ਦੇ ਪੁੱਤਰ ਅਮਿਤ ਵਜੋਂ ਹੋਈ ਹੈ, ਜਦਕਿ ਤੀਜੇ ਮ੍ਰਿਤਕ ਦੀ ਪਛਾਣ ਕੀਤੀ ਜਾ ਰਹੀ ਸੀ। ਘਟਨਾ ਸਮੇਂ ਪਿਤਾ-ਪੁੱਤਰ ਮਸ਼ੀਨ ਦੇ ਹੇਠਲੇ ਹਿੱਸੇ ਵਿੱਚੋਂ ਨਿਕਲਣ ਵਾਲੀ ਮਿੱਟੀ (ਵੇਸਟੇਜ) ਨੂੰ ਟਰਾਲੀ ਵਿੱਚ ਲੋਡ ਕਰ ਰਹੇ ਸਨ, ਜਿਸ ਕਾਰਨ ਉਹ ਇਸ ਜਾਨਲੇਵਾ ਗੈਸ ਦੇ ਸਿੱਧੇ ਸੰਪਰਕ ਵਿੱਚ ਆ ਗਏ। ਖਬਰ ਮਿਲਦੇ ਹੀ ਸਥਾਨਕ ਪ੍ਰਸ਼ਾਸਨ, ਪੁਲਸ ਅਤੇ ਸੰਬੰਧਤ ਵਿਭਾਗਾਂ ਦੀਆਂ ਟੀਮਾਂ ਐਂਬੂਲੈਂਸਾਂ ਸਣੇ ਮੌਕੇ ’ਤੇ ਪਹੁੰਚੀਆਂ। ਮੁੱਢਲੀ ਜਾਂਚ ਵਿੱਚ ਹਾਦਸੇ ਦਾ ਕਾਰਨ ਗੈਸ ਲੀਕੇਜ ਹੀ ਮੰਨਿਆ ਜਾ ਰਿਹਾ ਹੈ, ਹਾਲਾਂਕਿ ਫੈਕਟਰੀ ਅੰਦਰ ਸੁਰੱਖਿਆ ਮਾਪਦੰਡਾਂ ਦੀ ਅਣਦੇਖੀ ਕੀਤੀ ਗਈ ਸੀ ਜਾਂ ਨਹੀਂ, ਇਸ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਥਾਣਾ ਮੋਤੀ ਨਗਰ ਦੇ ਐੱਸ ਐੱਚ ਓ ਭੁਪਿੰਦਰ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਲਾਪਰਵਾਹੀ ਪਾਏ ਜਾਣ ’ਤੇ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।



# ਕੈਬਨਿਟ ਵੱਲੋਂ ਚੋਣ ਵਿਭਾਗ ’ਚ ਅਹਿਮ ਅਸਾਮੀਆਂ ਭਰਨ ਲਈ ਰਾਹ ਪੱਧਰਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਵਜ਼ਾਰਤ ਨੇ ਸੋਮਵਾਰ ਅਹਿਮ ਫੈਸਲਾ ਲੈਂਦਿਆਂ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸੂਬੇ ਦੀ ਚੋਣ ਮਸ਼ੀਨਰੀ ਨੂੰ ਮਜ਼ਬੂਤ ਕਰਨ ਲਈ ਚੋਣ ਵਿਭਾਗ ਦੇ ਸੇਵਾ ਨਿਯਮਾਂ ਵਿੱਚ ਸੋਧ ਨੂੰ ਮਨਜ਼ੂਰੀ ਦੇ ਦਿੱਤੀ। ਇਸ ਫੈਸਲੇ ਨਾਲ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਪ੍ਰਸ਼ਾਸਨਿਕ ਰੁਕਾਵਟਾਂ ਦੂਰ ਹੋਣਗੀਆਂ, ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ (ਐੱਸ.ਆਈ.ਆਰ.) ਨੂੰ ਸੁਚਾਰੂ ਅਤੇ ਨਿਰਵਿਘਨ ਤਰੀਕੇ ਨਾਲ ਨੇਪਰੇ ਚਾੜ੍ਹਨ ਵਿੱਚ ਮਦਦ ਮਿਲੇਗੀ ਅਤੇ ਚੋਣਾਂ ਨਾਲ ਸੰਬੰਧਤ ਕਾਰਜਾਂ ਲਈ ਲੋੜੀਂਦਾ ਸਟਾਫ਼ ਯਕੀਨੀ ਬਣਾਉਣ ਲਈ ਖਾਲੀ ਪਈਆਂ ਮਹੱਤਵਪੂਰਨ ਅਸਾਮੀਆਂ ਨੂੰ ਭਰਨ ਲਈ ਰਾਹ ਪੱਧਰਾ ਹੋਵੇਗਾ।

ਮੁੱਖ ਮੰਤਰੀ ਦਫ਼ਤਰ ਨੇ ਦੱਸਿਆ ਕਿ ਮੰਤਰੀ ਮੰਡਲ ਨੇ ਚੋਣ ਕਾਨੂੰਨਗੋ ਦੀ ਅਸਾਮੀ ਤੋਂ ਚੋਣ ਤਹਿਸੀਲਦਾਰ ਵਜੋਂ ਤਰੱਕੀ ਲਈ ਲੋੜੀਂਦੇ ਤਜਰਬੇ ਨੂੰ 1 5

• ਬਾਕੀ ਸਫਾ 2 ’ਤੇ

# ਗੰਨੇ ਦੇ 100 ਫੀਸਦੀ ਬਕਾਏ ਦਾ ਨਿਪਟਾਰਾ

**ਚੰਡੀਗੜ੍ਹ (ਨ ਜ਼ ਸ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਨੇ ਖੇਤੀਬਾੜੀ ਅਤੇ ਸਹਿਕਾਰੀ ਖੇਤਰਾਂ ਨੂੰ ਮਜ਼ਬੂਤ ਕਰਨ ਵਿੱਚ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ।ਇਸ ਤਹਿਤ ਪਹਿਲੀ ਵਾਰ ਪੰਜਾਬ ਸਰਕਾਰ ਨੇ ਸਾਲ 2025-26 ਦੇ ਪਿੜਾਈ ਸੀਜ਼ਨ ਦੌਰਾਨ ਗੰਨਾ ਕਿਸਾਨਾਂ ਦੇ 100 ਫੀਸਦੀ ਬਕਾਏ ਅਦਾ ਕਰ ਦਿੱਤੇ ਹਨ।ਸੂਬੇ ਭਰ ਦੀਆਂ ਖੰਡ ਮਿੱਲਾਂ ਨੇ ਰਿਕਾਰਡ 167.20 ਲੱਖ ਕੁਇੰਟਲ ਗੰਨੇ ਦੀ ਖਰੀਦ ਕੀਤੀ ਅਤੇ 695.36 ਕਰੋੜ ਰੁਪਏ ਦਾ ਭੁਗਤਾਨ ਕੀਤਾ ਹੈ, ਤਾਂ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦੇ ਬਕਾਏ ਦੀ ਅਦਾਇਗੀ ਯਕੀਨੀ ਬਣਾਈ ਜਾ ਸਕੇ।

## ਜੇ ਈ ਈ ਐਡਵਾਂਸਡ ’ਚ ਸ਼ੁਭਮ ਕੁਮਾਰ ਅੱਵਲ



**ਨਵੀਂ ਦਿੱਲੀ (ਨ ਜ਼ ਸ)**-ਦੇਸ਼ ਦੀ ਵਕਾਰੀ ਪ੍ਰੀਖਿਆ ‘ਜੇ ਈ ਈ ਐਡਵਾਂਸਡ’-2026 ਦੇ ਸੋਮਵਾਰ ਐਲਾਨੇ ਨਤੀਜਿਆਂ ਮੁਤਾਬਕ 56,880 ਉਮੀਦਵਾਰਾਂ ਨੇ ਸਫਲਤਾ ਹਾਸਲ ਕੀਤੀ ਹੈ, ਜਿਨ੍ਹਾਂ ਵਿੱਚ 10,107 ਕੁੜੀਆਂ ਹਨ। ਆਈ ਆਈ ਟੀ ਦਿੱਲੀ ਜ਼ੋਨ ਦੇ ਸ਼ੁਭਮ ਕੁਮਾਰ ਨੇ ਕਾਮਨ ਰੈਂਕ ਲਿਸਟ ਵਿੱਚ 360 ਵਿੱਚੋਂ 330 ਅੰਕ ਪ੍ਰਾਪਤ ਕਰਕੇ ਦੇਸ਼ ਭਰ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ। ਦਿੱਲੀ ਜ਼ੋਨ ਦੀ ਹੀ ਆਰੋਹੀ ਦੇਸ਼ਪਾਂਡੇ 360 ਵਿੱਚੋਂ 280 ਅੰਕ ਲੈ ਕੇ ਕੁੜੀਆਂ ਦੇ ਵਰਗ ਵਿੱਚੋਂ ਸਿਖਰ ’ਤੇ ਰਹੀ, ਜਦੋਂਕਿ ਉਸ ਦਾ ਆਲ ਇੰਡੀਆ ਰੈਂਕ 77ਵਾਂ ਹੈ। ਕਬੀਰ ਛਿੱਲਰ ਨੇ 329 ਅੰਕਾਂ ਨਾਲ ਦੇਸ਼ ਭਰ ਵਿੱਚੋਂ ਦੂਜਾ ਅਤੇ ਜਤਿਨ ਚਾਹਰ ਨੇ 319 ਅੰਕਾਂ ਨਾਲ ਤੀਜਾ ਰੈਂਕ ਹਾਸਲ ਕੀਤਾ ਹੈ। 17 ਮਈ ਨੂੰ ਲਈ ਗਈ ਪ੍ਰੀਖਿਆ ਦੇ ਪੇਪਰ 1 ਅਤੇ ਪੇਪਰ 2 ਵਿੱਚ ਕੁੱਲ 1,79,694 ਉਮੀਦਵਾਰ ਬੈਠੇ ਸਨ।

## ਸਰਕਾਰੀ ਟੀਚਰ ਦੀ ਹੱਤਿਆ

**ਅੰਮ੍ਰਿਤਸਰ (ਨਵਾਂ ਜ਼ਮਾਨਾ ਸਰਵਿਸ)**-ਤਲਵੰਡੀ ਪਿੰਡ ਦੇ ਰਹਿਣ ਵਾਲੇ ਸਰਕਾਰੀ ਟੀਚਰ ਜਗਦੀਪ ਸਿੰਘ (40) ਦੀ ਸੋਮਵਾਰ ਤਰਸਿੱਕਾ ਥਾਣੇ ਅਧੀਨ ਪੈਂਦੇ ਪਿੰਡ ਨਾਰਾਇਣਗੜ੍ਹ ਨੇੜੇ ਕੁਝ ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਹੱਤਿਆ ਕਰ ਦਿੱਤੀ। ਗਹਿਰੀ ਮੰਡੀ ਦੇ ਸਰਕਾਰੀ ਸਕੂਲ ਵਿੱਚ ਤਾਇਨਾਤ ਜਗਦੀਪ ਸਿੰਘ ਆਪਣੀ ਬੇਟੀ ਕੋਮਲਦੀਪ ਕੌਰ ਨੂੰ ਜੰਡਿਆਲਾ ਗੁਰੂ ਵਿਖੇ ਟਿਊਸ਼ਨ ਛੱਡ ਕੇ ਵਾਪਸ ਆ ਰਿਹਾ ਸੀ।

## ਹਿਮਾਚਲ ਤੇ ਪੰਜਾਬ ਵਿਚਾਲੇ ਆਵਾਜਾਈ 4 ਘੰਟੇ ਪ੍ਰਭਾਵਤ

**ਚੰਡੀਗੜ੍ਹ :** ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਸੂਬੇ ਦੇ ਸਰਹੱਦੀ ਖੇਤਰਾਂ ਵਿੱਚ ਲਗਾਏ ਗਏ ਐਂਟਰੀ ਟੈਕਸਾਂ ਦੇ ਵਿਰੋਧ ਵਿੱਚ ਸੋਮਵਾਰ ਪੰਜਾਬ-ਹਿਮਾਚਲ ਸਰਹੱਦ ’ਤੇ ਸਥਿਤ 55 ਐਂਟਰੀ ਟੈਕਸ ਪੁਆਇੰਟਾਂ ’ਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਕਾਰਨ ਹਿਮਾਚਲ ਨੂੰ ਜਾਣ ਅਤੇ ਉਧਰੋਂ ਆਉਣ ਵਾਲੀ ਆਵਾਜਾਈ ਕਰੀਬ ਚਾਰ ਘੰਟੇ ਪ੍ਰਭਾਵਤ ਰਹੀ। ਗਰਮੀਆਂ ਦੀਆਂ ਛੁੱਟੀਆਂ ਕਾਰਨ ਵੱਡੀ ਗਿਣਤੀ ਵਿੱਚ ਸੈਲਾਨੀ ਹਿਮਾਚਲ ਵੱਲ ਜਾ ਰਹੇ ਸਨ, ਜਿਨ੍ਹਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ।

## ਸਤਿੰਦਰ ਸਿੰਘ ਜਲੰਧਰ ਦੇ ਨਵੇਂ ਪੁਲਸ ਕਮਿਸ਼ਨਰ

**ਚੰਡੀਗੜ੍ਹ (ਨ ਜ਼ ਸ)**-ਸੋਮਵਾਰ ਵੱਡੇ ਫੇਰਬਦਲ ਤਹਿਤ ਅੰਮ੍ਰਿਤਸਰ ਦਿਹਾਤੀ ਦੇ ਐੱਸ ਐੱਸ ਪੀ ਸੁਹੈਲ ਕਾਸਿਮ ਮੀਰ ਸਣੇ 11 ਪੁਲਸ ਅਫਸਰਾਂ ਦੇ ਤਬਾਦਲੇ ਕਰ ਦਿੱਤੇ ਗਏ। ਧੰਨਪ੍ਰੀਤ ਕੌਰ ਦੀ ਥਾਂ ਸਤਿੰਦਰ ਸਿੰਘ ਨੂੰ ਜਲੰਧਰ ਦਾ ਪੁਲਸ ਕਮਿਸ਼ਨਰ ਲਗਾਇਆ ਗਿਆ ਹੈ। ਧੰਨਪ੍ਰੀਤ ਨੂੰ ਡਾਇਰੈਕਟਰ ਐੱਮ ਆਰ ਐੱਸ ਪੀ ਪੀ ਏ ਫਿਲੌਰ ਲਾਇਆ ਗਿਆ ਹੈ। ਪ੍ਰਗਿਆ ਜੈਨ ਨੂੰ ਐੱਸ ਐੱਸ ਪੀ ਫਰੀਦਕੋਟ ਤੋਂ ਬਦਲ ਕੇ ਏ ਆਈ ਜੀ ਲਾਅ ਐਂਡ ਆਰਡਰ ਪੰਜਾਬ ਬਣਾ ਦਿੱਤਾ ਗਿਆ ਹੈ। ਫਿਲੌਰ ਵਿਖੇ ਐੱਮ ਆਰ ਐੱਸ ਪੀ ਪੀ ਏ ਦੀ ਡਾਇਰੈਕਟਰ ਅਨੀਤਾ ਪੁੰਜ ਨੂੰ ਸਪੈਸ਼ਲ ਡੀ ਜੀ ਪੀ ਐੱਚ ਆਰ ਡੀ ਅਤੇ ਵੈਲਫੇਅਰ, ਪੰਜਾਬ (ਚੰਡੀਗੜ੍ਹ) ਲਗਾਇਆ ਗਿਆ ਹ ੈ ।

• ਬਾਕੀ ਸਫਾ 2 ’ਤੇ

# ਕਮਰਸ਼ੀਅਲ ਗੈਸ ਸਿਲੰਡਰ ਹੋਰ ਮਹਿੰਗਾ

**ਨਵੀਂ ਦਿੱਲੀ (ਨ ਜ਼ ਸ)**



ਸਰਕਾਰੀ ਤੇਲ ਕੰਪਨੀਆਂ ਨੇ 19 ਕਿੱਲੋ ਵਾਲੇ ਕਮਰਸ਼ੀਅਲ ਐੱਲ ਪੀ ਜੀ ਸਿਲੰਡਰ ਦੀਆਂ ਕੀਮਤਾਂ ਵਿੱਚ ਵਾਧਾ ਕਰ ਦਿੱਤਾ ਹੈ। ਦਿੱਲੀ ਵਿੱਚ ਕੀਮਤ 42 ਰੁਪਏ ਵਧ ਕੇ 3113.50 ਰੁਪਏ ਹੋ ਗਈ ਹੈ, ਜਦੋਂ ਕਿ ਕੋਲਕਾਤਾ ਵਿੱਚ 53.50 ਰੁਪਏ ਵਧ ਕੇ 3255.50 ਰੁਪਏ ਤੱਕ ਪਹੁੰਚ ਗਈ ਹੈ। ਨਵੀਆਂ ਦਰਾਂ ਪਹਿਲੀ ਜੂਨ ਤੋਂ ਲਾਗੂ ਹੋ ਗਈਆਂ ਹਨ। ਇਸ ਦੇ ਨਾਲ ਹੀ 5 ਕਿੱਲੋ ਵਾਲੇ ਸਿਲੰਡਰ ਦੀ ਕੀਮਤ ਵਿੱਚ ਵੀ 11 ਰੁਪਏ ਦਾ ਵਾਧਾ ਕੀਤਾ ਗਿਆ ਹੈ, ਜਿਸ ਤੋਂ ਬਾਅਦ ਦਿੱਲੀ ਵਿੱਚ ਇਹ 821.50 ਰੁਪਏ ਦਾ ਮਿਲੇਗਾ। ਘਰੇਲੂ ਰਸੋਈ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ। ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰਾਲੇ ਦੀ ਜਾਇੰਟ ਸਕੱਤਰ ਸੁਜਾਤਾ ਸ਼ਰਮਾ ਨੇ ਇੱਕ ਅੰਤਰ-ਮੰਤਰਾਲਾ ਮੀਟਿੰਗ ਦੌਰਾਨ ਦੱਸਿਆ ਕਿ ਸਰਕਾਰ ਪੱਛਮੀ ਏਸ਼ੀਆ ਦੇ ਸੰਕਟ ਦਰਮਿਆਨ ਬਾਲਣ ਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਰਣਨੀਤਕ ਭੰਡਾਰਾਂ ’ਤੇ ਕੰਮ ਕਰ ਰਹੀ ਹੈ। ਤੇਲ ਮਾਰਕੀਟਿੰਗ ਕੰਪਨੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਆਪਣੇ ਕੋਲ ਘੱਟੋ-ਘੱਟ 30 ਦਿਨਾਂ ਦਾ ਐੱਲ ਪੀ ਜੀ ਸਟਾਕ ਯਕੀਨੀ ਬਣਾਉਣ। ਉਨ੍ਹਾ ਦੇਸ਼ ਵਾਸੀਆਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਦੇਸ਼ ਵਿੱਚ ਪੈਟਰੋਲ, ਡੀਜ਼ਲ ਅਤੇ ਗੈਸ ਦਾ ਕੋਈ ਸੰਕਟ ਨਹੀਂ। ਉਨ੍ਹਾ ਇਹ ਸਵੀਕਾਰ ਕੀਤਾ ਕਿ ਕੁਝ ਖੇਤਰਾਂ ਵਿੱਚ ਖੇਤੀਬਾੜੀ ਮੰਗ ਅਤੇ ਬਲਕ ਸਪਲਾਈ ਕਾਰਨ ਪੈਟਰੋਲ ਪੰਪਾਂ ’ਤੇ ਅਸਧਾਰਨ ਵਿਕਰੀ ਦੇਖੀ ਗਈ ਹੈ, ਜਿਸ ਵਿੱਚ 30 ਫੀਸਦੀ ਤੋਂ ਵੱਧ ਦਾ ਉਛਾਲ ਆਇਆ ਹੈ। ਤੇਲ ਦੀ ਕਾਲਾਬਾਜ਼ਾਰੀ ਅਤੇ ਗੈਰ-ਕਾਨੂੰਨੀ ਵਰਤੋਂ ਨੂੰ ਰੋਕਣ ਲਈ ਸਰਕਾਰ ਨੇ ਸਖ਼ਤ ਰੁਖ ਅਖਤਿਆਰ ਕਰ ਲਿਆ ਹੈ। ਪਿਛਲੇ ਚਾਰ ਦਿਨਾਂ ਵਿੱਚ ਐੱਲ ਪੀ ਜੀ ਡਿਸਟ੍ਰੀਬਿਊਟਰਾਂ ’ਤੇ 6500 ਤੋਂ ਵੱਧ ਛਾਪੇ ਮਾਰੇ ਗਏ ਹਨ, ਜਿਸ ਤਹਿਤ 5 ਐੱਫ ਆਈ ਆਰ ਦਰਜ ਕਰਕੇ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸੇ ਤਰ੍ਹਾਂ ਪੈਟਰੋਲ ਪੰਪਾਂ ’ਤੇ 900 ਛਾਪੇਮਾਰੀਆਂ ਦੌਰਾਨ ਹਜ਼ਾਰਾਂ ਲੀਟਰ ਤੇਲ ਜ਼ਬਤ ਕਰਕੇ 15 ਲੋਕਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਸਰਕਾਰ ਮੁਤਾਬਕ ਫਿਲਹਾਲ ਗੈਸ ਦੀ ਬੈਕਲੌਗ ਸਪਲਾਈ ਘਟ ਕੇ 4.5 ਦਿਨ ਰਹਿ ਗਈ ਹੈ ਅਤੇ ਸਥਿਤੀ ਪੂਰੀ ਤਰ੍ਹਾਂ ਕੰਟਰੋਲ ਹੇਠ ਹੈ।

# ਪਵਿੱਤਰ ਸ਼ਹਿਰ ਐਲਾਨਣ ਤੇ ਮੀਟ ਵੇਚਣ ’ਤੇ ਰੋਕ ਨੂੰ ਹਾਈ ਕੋਰਟ ’ਚ ਚੁਣੌਤੀ

**ਅੰਮ੍ਰਿਤਸਰ (ਨ ਜ਼ ਸ)**

ਇੱਥੇ ਨਗਰ ਨਿਗਮ ਦੀ ਹੱਦ ਅੰਦਰ ਮੱਛੀ ਅਤੇ ਮੀਟ ਦਾ ਲਾਇਸੰਸਸ਼ੁਦਾ ਕਾਰੋਬਾਰ ਕਰਨ ਵਾਲੇ ਇੱਕ ਵਪਾਰੀ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ’ਚ ਪੰਜਾਬ ਸਰਕਾਰ ਦੇ ਉਸ ਨੋਟੀਫਿਕੇਸ਼ਨ ਨੂੰ ਚੁਣੌਤੀ ਦਿੱਤੀ ਹੈ, ਜਿਸ ਤਹਿਤ ਅੰਮ੍ਰਿਤਸਰ ਦੇ ‘ਚਾਰ ਦੀਵਾਰੀ’ (ਵਾਲਡ ਸਿਟੀ) ਇਲਾਕੇ ਨੂੰ ‘ਪਵਿੱਤਰ ਸ਼ਹਿਰ’ ਐਲਾਨਿਆ ਗਿਆ ਹੈ ਅਤੇ ਉੱਥੇ ਮੀਟ, ਮੱਛੀ ਤੇ ਕੱਚੇ ਮਾਸ ਦੇ ਉਤਪਾਦਾਂ ਦੀ ਵਿਕਰੀ ਤੇ ਵਪਾਰ ’ਤੇ ਪੂਰਨ ਪਾਬੰਦੀ ਲਗਾ ਦਿੱਤੀ ਗਈ ਹੈ। ‘ਕੁਲਦੀਪ ਫਿਸ਼ ਕੰਪਨੀ’ ਨਾਮਕ ਫਰਮ ਦੇ ਮਾਲਕ ਦਾ ਕਹਿਣਾ ਹੈ ਕਿ ਸਰਕਾਰ ਦੇ ਇਸ ਕਦਮ ਨਾਲ ਉਨ੍ਹਾ ਦੇ ਕਾਨੂੰਨੀ ਅਤੇ ਲਾਇਸੰਸਸ਼ੁਦਾ ਕਾਰੋਬਾਰ ’ਤੇ ਬਿਨਾਂ ਕਿਸੇ ਪੁਨਰਵਾਸ ਨੀਤੀ, ਬਦਲਵੀਂ ਜਗ੍ਹਾ ਦਿੱਤੇ ਜਾਂ ਬਿਨਾਂ ਕੋਈ ਢੁਕਵਾਂ ਸਮਾਂ ਦਿੱਤੇ ਮੁਕੰਮਲ ਰੋਕ ਲਗਾ ਦਿੱਤੀ ਗਈ ਹੈ, ਜੋ ਕਿ ਸਰਾਸਰ ਨਾਇਨਸਾਫੀ ਹੈ।

ਉਸ ਨੇ ਪਟੀਸ਼ਨ ਵਿੱਚ ਇਹ ਨੁਕਤਾ ਵੀ ਚੁੱਕਿਆ ਹੈ ਕਿ ਕਿਸੇ ਵੀ ਕਾਨੂੰਨ, ਨਿਯਮ ਜਾਂ ਐਕਟ ਵਿੱਚ ‘ਪਵਿੱਤਰ ਸ਼ਹਿਰ’ ਜਾਂ ‘ਚਾਰ ਦੀਵਾਰੀ’ ਸ਼ਬਦਾਂ ਨੂੰ ਸਪੱਸ਼ਟ ਤੌਰ ’ਤੇ ਪਰਿਭਾਸ਼ਿਤ ਨਹੀਂ ਕੀਤਾ ਗਿਆ ਹੈ। ਮਹਿਜ਼ ਕਾਰਜਕਾਰੀ ਨੋਟੀਫਿਕੇਸ਼ਨਾਂ ਦੇ ਸਿਰ ’ਤੇ ਕਾਨੂੰਨੀ ਵਪਾਰਕ ਗਤੀਵਿਧੀਆਂ ਉੱਤੇ ਅਜਿਹੀ ਪੂਰਨ ਪਾਬੰਦੀ ਨਹੀਂ ਲਗਾਈ ਜਾ ਸਕਦੀ। ਇਹ ਫੈਸਲਾ ਬਿਨਾਂ ਕਿਸੇ ਤਰਕਸੰਗਤ ਆਧਾਰ ਦੇ ਸਿਰਫ ਖ਼ਾਸ ਖੇਤਰ ਦੇ ਵਪਾਰੀਆਂ ਨੂੰ ਨਿਸ਼ਾਨਾ ਬਣਾ ਕੇ ਲਿਆ ਗਿਆ ਹੈ। ਪਟੀਸ਼ਨ ਵਿੱਚ ਮੰਗ ਕੀਤੀ ਗਈ ਹੈ ਕਿ ਇਸ ਨੋਟੀਫਿਕੇਸ਼ਨ ਅਤੇ ਸੀਲਿੰਗ ਦੀ ਕਾਰਵਾਈ ਨੂੰ ਰੱਦ ਕੀਤਾ ਜਾਵੇ ਜਾਂ ਫਿਰ ਕਾਰਵਾਈ ਕਰਨ ਤੋਂ ਪਹਿਲਾਂ ਪ੍ਰਭਾਵਤ ਵਪਾਰੀਆਂ ਦੇ ਪੁਨਰਵਾਸ ਅਤੇ ਉਨ੍ਹਾਂ ਨੂੰ ਦੂਜੀ ਜਗ੍ਹਾ ਸ਼ਿਫਟ ਕਰਨ ਲਈ ਇੱਕ ਨਿਰਪੱਖ ਨੀਤੀ ਬਣਾਈ ਜਾਵੇ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਜਸਟਿਸ ਹਰਸਿਮਰਨ ਸਿੰਘ ਸੇਠੀ ਅਤੇ ਜਸਟਿਸ ਦੀਪਕ ਮਨਚੰਦਾ ਦੀ ਅਗਵਾਈ ਵਾਲੀ ਡਿਵੀਜ਼ਨ ਬੈਂਚ ਨੇ ਪੰਜਾਬ ਸਰਕਾਰ ਨੂੰ ਨੋਟਿਸ ਆਫ ਮੋਸ਼ਨ (ਸਟੇਅ ਦੇ ਨੋਟਿਸ ਸਮੇਤ) ਜਾਰੀ ਕਰ ਦਿੱਤਾ ਹੈ। ਮਾਮਲੇ ਦੀ ਅਗਲੀ ਸੁਣਵਾਈ ਹੁਣ 22 ਜੂਨ ਨੂੰ ਹੋਵੇਗੀ।

# ਸੁਪਰੀਮ ਕੋਰਟ ਲਈ ਪੰਜ ਨਵੇਂ ਜੱਜ



ਅਸ਼ਵਨੀ ਕੁਮਾਰ ਮਿਸ਼ਰਾ

**ਨਵੀਂ ਦਿੱਲੀ (ਨ ਜ਼ ਸ)**-ਸੁਪਰੀਮ ਕੋਰਟ ਵਿੱਚ ਪੰਜ ਨਵੇਂ ਜੱਜਾਂ ਦੀ ਨਿਯੁਕਤੀ ਦਾ ਕੇਂਦਰੀ ਕਾਨੂੰਨ ਤੇ ਨਿਆਂ ਮੰਤਰਾਲੇ ਨੇ ਸੋਮਵਾਰ ਸਵੇਰੇ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ। ਨਵੇਂ ਜੱਜਾਂ ਵਿੱਚ ਬੰਬੇ ਹਾਈ ਕੋਰਟ ਦੇ ਚੀਫ ਜਸਟਿਸ ਚੰਦਰਸ਼ੇਖਰ, ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ ਜਸਟਿਸ ਸ਼ੀਲ ਨਾਗੂ, ਮੱਧ ਪ੍ਰਦੇਸ਼ ਹਾਈ ਕੋਰਟ ਦੇ ਚੀਫ ਜਸਟਿਸ ਸੰਜੀਵ ਸਚਦੇਵਾ, ਜੰਮੂ-ਕਸ਼ਮੀਰ ਹਾਈ ਕੋਰਟ ਦੇ ਚੀਫ ਜਸਟਿਸ ਅਰੁਣ ਪੱਲੀ ਤੇ ਸੀਨੀਅਰ ਵਕੀਲ ਵੈਂਕਟਾ ਸੁਬਰਾਮਨੀ ਮੋਹਨਾ ਸ਼ਾਮਲ ਹਨ। ਇਸੇ ਦੌਰਾਨ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਕਾਰਜਕਾਰੀ ਚੀਫ ਜਸਟਿਸ ਨਿਯੁਕਤ ਕੀਤਾ ਗਿਆ ਹੈ।

## ਅੱਜ-ਨਾਮਾ

ਮੁੱਕਿਆ ਚੱਕਰ ਕ੍ਰਿਕਟ ਦਾ ਕੱਲ੍ਹ ਆਖਰ,
ਰੋਜ਼ ਸੀ ਜਾਪਦੀ ਲੱਗੀ ਪਈ ਜੰਗ ਬੇਲੀ।
ਕਿਹੜੀ ਜਿੱਤਣੀ ਟੀਮ ਕਿਸ ਹਾਰ ਜਾਣਾ,
ਏਨੀ ਬਹਿਸ ਵੀ ਕਰਦੀ ਸੀ ਦੰਗ ਬੇਲੀ।
ਲੱਗਾ ਕ੍ਰਿਕਟ ਦਾ ਰੋਗ ਹੈ ਜਿਹੜਿਆਂ ਨੂੰ,
ਰੱਖਦੇ ਕੰਨਾਂ ਨਾਲ ਫੋਨ ਉਹ ਟੰਗ ਬੇਲੀ।
ਖੱਪ ਤਾਂ ਮੁੱਕੀ ਕ੍ਰਿਕਟ ਦੀ ਜਿਵੇਂ ਆਖਰ,
ਕਰਿਆ ਵਿਹਲ ਨੇ ਅੱਜ ਆ ਤੰਗ ਬੇਲੀ।
ਕ੍ਰਿਕਟ, ਕ੍ਰਿਕਟ, ਕ੍ਰਿਕਟ ਹੀ ਹੋਈ ਬੇਲੀ,
ਕੁਝ ਤੇ ਲੋਕ ਸੀ ਏਸੇ ਨਾਲ ਜੁੜੇ ਬੇਲੀ।
ਵਿੱਸਰੇ ਪਏ ਸਨ ਬਾਕੀ ਸਭ ਕੰਮ-ਧੰਦੇ,
ਕੰਮਾਂ ਵੱਲ ਨਹੀਂ ਹਾਲੇ ਤੱਕ ਮੁੜੇ ਬੇਲੀ।

-ਤੀਸ ਮਾਰ ਖਾਂ

# ਮਜੀਠੀਆ ਨੂੰ ਫੜਨ ਲਈ ਪੁਲਸ ਦਾ ਘਰ ’ਤੇ ਛਾਪਾ

**ਅੰਮ੍ਰਿਤਸਰ (ਨਵਾਂ ਜ਼ਮਾਨਾ ਸਰਵਿਸ)**

ਮਜੀਠਾ ਥਾਣੇ ’ਤੇ ਹੋਏ ਕਥਿਤ ਹਮਲੇ, ਭੰਨਤੋੜ ਅਤੇ ਪੁਲਸ ਹਿਰਾਸਤ ਵਿੱਚੋਂ ਇੱਕ ਨਜ਼ਰਬੰਦ ਬੰਦੇ ਨੂੰ ਛੁਡਾਉਣ ਦੀ ਕੋਸ਼ਿਸ਼ ਦੇ ਮਾਮਲੇ ਵਿੱਚ ਅੰਮ੍ਰਿਤਸਰ ਦਿਹਾਤੀ ਦੇ ਐੱਸ ਪੀ ਆਦਿਤਿਆ ਵਾਰੀਅਰ ਦੀ ਅਗਵਾਈ ਹੇਠ ਪੁਲਸ ਟੀਮ ਨੇ ਸੋਮਵਾਰ ਇੱਥੋਂ ਦੇ ਗ੍ਰੀਨ ਐਵੇਨਿਊ ਇਲਾਕੇ ਵਿੱਚ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਦੇ ਘਰ ਛਾਪੇਮਾਰੀ ਕੀਤੀ। ਮਜੀਠੀਆ ਘਰ ’ਚ ਨਹੀਂ ਮਿਲੇ।



ਅੰਮ੍ਰਿਤਸਰ ਦਿਹਾਤੀ ਦੇ ਐੱਸ ਐੱਸ ਪੀ ਸੋਹੇਲ ਕਾਸਿਮ ਮੀਰ ਨੇ ਮੀਡੀਆ ਨੂੰ ਦੱਸਿਆ ਕਿ ਜੋਬਨਪ੍ਰੀਤ (ਜੋਬਨਜੀਤ) ਨੂੰ ਥਾਣੇ ਵਿੱਚ ਦਰਜ ਐੱਫ ਆਈ ਆਰ ਨੰਬਰ 90 ਤਹਿਤ ਗ੍ਰਿਫਤਾਰ ਕੀਤਾ ਗਿਆ ਸੀ। ਐਤਵਾਰ ਸਵੇਰੇ ਲਗਭਗ 11:30 ਵਜੇ ਮਜੀਠੀਆ ਸਮੇਤ ਕਿਰਤੀ ਕਿਸਾਨ ਯੂਨੀਅਨ ਦੇ ਲੋਕ ਥਾਣੇ ਦੇ ਅੰਦਰ ਗੈਰ-ਕਾਨੂੰਨੀ ਢੰਗ ਨਾਲ ਦਾਖਲ ਹੋਏ ਅਤੇ ਥਾਣੇ ਦੀ ਤਲਾਸ਼ੀ ਲੈਣ ਲੱਗੇ। ਉਹ ਉਸ ਕਮਰੇ ਵਿੱਚ ਪਹੁੰਚ ਗਏ, ਜਿੱਥੇ ਜੋਬਨਪ੍ਰੀਤ ਤੋਂ ਪੁੱਛਗਿੱਛ ਕੀਤੀ ਜਾ ਰਹੀ ਸੀ। ਭੀੜ ਨੇ ਉਸ ਨੂੰ ਕਮਰੇ ਵਿੱਚੋਂ ਛੁਡਾਉਣ ਦੀ ਕੋਸ਼ਿਸ਼ ਕੀਤੀ। ਇਸ ਹੰਗਾਮੇ ਦੌਰਾਨ ਭੀੜ ਨੇ ਥਾਣੇ ਵਿੱਚ ਪਈਆਂ ਕੇਸਾਂ ਦੀਆਂ ਅਹਿਮ ਫਾਈਲਾਂ ਵੀ ਪਾੜ ਦਿੱਤੀਆਂ, ਜਨਤਕ ਜਾਇਦਾਦ ਨੂੰ ਭਾਰੀ ਨੁਕਸਾਨ ਪਹੁੰਚਾਇਆ ਅਤੇ ਪੁਲਸ ਮੁਲਾਜ਼ਮਾਂ ’ਤੇ ਵੀ ਹਮਲਾ ਕਰ ਦਿੱਤਾ। ਉਨ੍ਹਾਂ ਥਾਣੇ ਦੇ ਅੰਦਰ ਡਰ ਅਤੇ ਹੰਗਾਮੇ ਦਾ ਮਾਹੌਲ ਪੈਦਾ ਕੀਤਾ। ਸਾਰੇ ਸਬੂਤਾਂ ਅਤੇ ਵੀਡੀਓ ਫੁਟੇਜ ਨੂੰ ਘੋਖਣ ਤੋਂ ਬਾਅਦ ਥਾਣੇ ਵਿੱਚ 50 ਤੋਂ ਵੱਧ ਵਿਅਕਤੀਆਂ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਗਈ ਹੈ। ਮਾਮਲੇ ਵਿੱਚ ਜੋ ਵੀ ਜ਼ਿੰਮੇਵਾਰ ਹੋਵੇਗਾ, ਉਸ ਨੂੰ ਹਰ ਹਾਲ ਵਿੱਚ ਗ੍ਰਿਫਤਾਰ ਕੀਤਾ ਜਾਵੇਗਾ। ਜਾਂਚ ਕਰਨ ਲਈ ਪੁਲਸ ਨੇ ਵਿਸ਼ੇਸ਼ ਜਾਂਚ ਟੀਮ (ਸਿਟ) ਦਾ ਗਠਨ ਕੀਤਾ ਗਿਆ ਹੈ।

ਮਜੀਠੀਆ ਨੇ ਦੋਸ਼ ਲਾਇਆ ਸੀ ਕਿ ਜੋਬਨਪ੍ਰੀਤ ਹਾਲ ਹੀ ਵਿੱਚ ਹੋਈਆਂ ਲੋਕਲ ਬਾਡੀਜ਼ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਪੋਲਿੰਗ ਏਜੰਟ ਸੀ, ਜਿਸ ਕਾਰਨ ਸਿਆਸੀ ਬਦਲਾਖੋਰੀ ਤਹਿਤ ਉਸ ਨੂੰ ਝੂਠੇ ਕੇਸ ਵਿੱਚ ਫਸਾਇਆ ਗਿਆ ਹੈ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਮਜੀਠੀਆ ਖਿਲਾਫ ਸਿਆਸੀ ਬਦਲਾਖੋਰੀ ਤਹਿਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਅਕਾਲੀ ਦਲ ਡਰਨ ਵਾਲਾ ਨਹੀਂ, ਅਸੀਂ ਆਮ ਆਦਮੀ ਪਾਰਟੀ ਦੀ ਧੱਕੇਸ਼ਾਹੀ ਖਿਲਾਫ ਲੜਾਈ ਲੜਾਂਗੇ।

## ਡੀ ਜੀ ਪੀ ਨੂੰ ਨੋਟਿਸ

**ਚੰਡੀਗੜ੍ਹ :** ਮਜੀਠਾ ਥਾਣੇ ’ਚ ਨੌਜਵਾਨ ਨੂੰ ਕਥਿਤ ਤੌਰ ’ਤੇ ਨਾਜਾਇਜ਼ ਹਿਰਾਸਤ ’ਚ ਰੱਖਣ ਦੇ ਮਾਮਲੇ ’ਚ ਹਾਈ ਕੋਰਟ ਨੇ ਡੀ ਜੀ ਪੀ ਤੇ ਐੱਸ ਐੱਸ ਪੀ ਨੂੰ ਨੋਟਿਸ ਜਾਰੀ ਕਰ ਕੇ ਮੰਗਲਵਾਰ ਸਵੇਰ ਤੱਕ ਜਵਾਬ ਦਾਇਰ ਕਰਨ ਦਾ ਆਦੇਸ਼ ਦਿੱਤਾ ਹੈ।

ਪਿੰਡ ਸੋਹੀਆਂ ਕਲਾਂ ਦੇ ਮੁਖਵੰਤ ਸਿੰਘ ਨੇ ਕੋਰਟ ਨੂੰ ਦੱਸਿਆ ਕਿ ਉਸ ਦੇ ਪੁੱਤਰ ਜੋਬਨਪ੍ਰੀਤ ਸਿੰਘ ਨੂੰ 31 ਮਈ ਦੀ ਸਵੇਰ ਨੂੰ ਬਿਨਾਂ ਕਾਨੂੰਨੀ ਕਾਗਜ਼ ਦਿਖਾਏ ਗ੍ਰਿਫਤਾਰ ਕੀਤਾ ਗਿਆ।

NAAC GRADE A++

LOVELY PROFESSIONAL UNIVERSITY
Transforming Education Transforming India

A RESEARCH FOCUSSED UNIVERSITY WORKING ON GLOBAL RESEARCH ISSUES

- 7600+ patents published
- 28700+ research publications indexed in Scopus/ WOS
- 49 faculty members are enlisted in the "Stanford world top 2% scientists" for the year 2025.
- We foster global collaboration and elevate academic prowess through our “International Research Exchange” and “International Co-Supervision” programs

ADMISSION NOTICE
Ph.D.
[ FULL TIME/ PART TIME ]

Engineering (ECE, CSE, EE, ME, CE, Chemical Engineering, Aerospace Engineering, Molecular Biology and Genetic Engg., Geospatial Information Science and Technology), Computer Applications, Agronomy, Entomology, Fruit Science, Genetics and Plant Breeding, Plant Pathology, Vegetable Science, Soil Science, Food Science and Technology, Environmental Sciences, Biotechnology, Bioinformatics, Microbiology, Forensic Sciences, Biochemistry, Botany, Zoology, Chemistry, Physics, Mathematics, Statistics, Management, Commerce, Economics, Hotel Management, Tourism Management, Law, Planning, Architecture, Fashion, Interior and Furniture Design, Product and Industrial Design, User Experience, Psychology, Geography, Performing Arts (Music), Film and TV Production, Fine Arts, Journalism and Mass Communication, English, Performing Arts-Theatre, Political Science, Sociology, Social Work, History, Education, Public Administration, Physical Education, Punjabi, Hindi, Pharmaceutics, Pharmaceutical Chemistry, Pharmacognosy, Pharmacology, Pharmacy Practice, Ayurvedic Pharmacy, Pharmaceutical Analysis, Clinical Microbiology, Clinical Biochemistry, Clinical Embryology, Library Science, Physiotherapy, Nanotechnology

FLEXIBLE AND HYBRID COURSE WORK OPTIONS ARE AVAILABLE

Individuals who have been awarded a Ph.D. degree in accordance with UGC regulations are exempted from the requirement of the minimum eligibility condition of NET/ SLET/ SET for recruitment/ appointment of Assistant Professor or equivalent positions in Universities/ Colleges/ Institutions

| | |
|---|---|
| Last Date of Application | 30th June 2026 |
| Dates of Entrance Test (LPUNEST) | 10th & 12th July 2026 |
| Result of LPUNEST (Ph.D.) | 15th July 2026 |
| Slot Booking for Interview | 15th - 18th July 2026 |
| Interview Dates | 21st - 25th July 2026 |
| Interview Result | 29th July 2026 |
| Last Date of Admission | 10th August 2026 |

Scholarship/ Fellowship/ Travel Grant

- Scholarship upto ₹3.2 Lakh per student based on perfomance in LPUNEST Exam/ JRFs (UGC/CSIR) / NET/ GATE/ GPAT qualified/ Women Candidates^
- Research incentives upto ₹5 Crore awarded in 2024
- Teaching Fellowship of ₹21,600 per month and Travel grant upto ₹35,000 to attend National/ International Conference^#
- Monthly fellowship of ₹37,000+ HRA to eligible JRF candidates*

^For application process, scholarship, disciplines, student intake (seats), eligibility, admission criteria, test centres and other details, refer the link https://nest.lpu.in/phd/

*subject to availability and fulfillment of eligibility criteria. #As per government guidelines.

LOVELY PROFESSIONAL UNIVERSITY (LPU)
Jalandhar-Delhi G.T. Road, Phagwara, Punjab | www.lpu.in
admissions@lpu.co.in | Contact us: 01824-404408

## ਪ੍ਰੈੱਸ ਕਲੱਬ ਸਨੌਰ ਵੱਲੋਂ ਵੈੱਬਸਾਈਟ ਜਾਰੀ, ਖ਼ੂਨਦਾਨ, ਮੈਡੀਕਲ ਕੈਂਪ ਲਾਇਆ

**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਡਿਜ਼ੀਟਲ ਯੁੱਗ ਵਿੱਚ ਪੱਤਰਕਾਰਤਾ ਨੂੰ ਲੋਕਾਂ ਦੇ ਹੋਰ ਨੇੜੇ ਲਿਆਉਣ ਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਇੱਕ ਮਜ਼ਬੂਤ ਮੰਚ ਪ੍ਰਦਾਨ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਪਟਿਆਲਾ ਦੇ ਪ੍ਰੈਸ ਕਲੱਬ ਵੱਲੋਂ ਇੱਕ ਵਿਲੱਖਣ ਤੇ ਇਤਿਹਾਸਕ ਉਪਰਾਲਾ ਕਰਦਿਆਂ ਆਪਣੀ ਆਧੁਨਿਕ ਵੈੱਬਸਾਈਟ ਦੀ ਸ਼ੁਰੂਆਤ ਕੀਤੀ ਗਈ। ਇਹ ਵੈੱਬਸਾਈਟ ਪੰਜਾਬ ਦੀ ਕਿਸੇ ਵੀ ਪ੍ਰੈਸ ਕਲੱਬ ਵੱਲੋਂ ਸ਼ੁਰੂ ਕੀਤਾ ਗਿਆ ਪਹਿਲਾ ਡਿਜੀਟਲ ਜਨ-ਸੰਪਰਕ ਪਲੇਟਫਾਰਮ ਮੰਨਿਆ ਜਾ ਰਿਹਾ ਹੈ, ਜਿਸ ਰਾਹੀਂ ਆਮ ਲੋਕ ਆਪਣੀਆਂ ਸਮੱਸਿਆਵਾਂ, ਸ਼ਿਕਾਇਤਾਂ, ਸੁਝਾਅ ਤੇ ਪ੍ਰੈਸ ਨੋਟ ਸਿੱਧੇ ਤੌਰ 'ਤੇ ਪੱਤਰਕਾਰਾਂ ਤੱਕ ਪੁਚਾ ਸਕਣਗੇ।

ਵੈੱਬਸਾਈਟ ਦਾ ਰਸਮੀ ਉਦਘਾਟਨ ਪਟਿਆਲਾ ਦੇ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਭੁਪੇਸ਼ ਚੱਠਾ ਵੱਲੋਂ ਕੀਤਾ ਗਿਆ। ਸਮਾਗਮ ਦੌਰਾਨ ਵੱਖ-ਵੱਖ ਰਾਜਨੀਤਿਕ, ਸਮਾਜਿਕ, ਧਾਰਮਿਕ ਤੇ ਪ੍ਰਸ਼ਾਸਨਿਕ ਖੇਤਰਾਂ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਦਿਆਂ ਪ੍ਰੈਸ ਕਲੱਬ ਸਨੌਰ ਦੀ ਇਸ ਪਹਿਲ ਦੀ ਭਰਪੂਰ ਸ਼ਲਾਘਾ ਕੀਤੀ। ਉਦਘਾਟਨੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਡੀ.ਪੀ.ਆਰ.ਓ. ਭੁਪੇਸ਼ ਚੱਠਾ ਨੇ ਕਿਹਾ ਕਿ ਅੱਜ ਦਾ ਸਮਾਂ ਡਿਜੀਟਲ ਸੰਚਾਰ ਦਾ ਯੁੱਗ ਹੈ ਤੇ ਜਾਣਕਾਰੀ ਦੀ ਤੇਜ਼ ਅਤੇ ਪਾਰਦਰਸ਼ੀ ਪਹੁੰਚ ਹੀ ਵਿਕਾਸ ਦਾ ਆਧਾਰ ਬਣਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰੈਸ ਕਲੱਬ ਸਨੌਰ ਵੱਲੋਂ ਸ਼ੁਰੂ ਕੀਤੀ ਗਈ ਇਹ ਵੈੱਬਸਾਈਟ ਲੋਕਾਂ ਅਤੇ ਮੀਡੀਆ ਵਿਚਕਾਰ ਸੰਪਰਕ ਦਾ ਇੱਕ ਮਜ਼ਬੂਤ ਸਾਧਨ ਸਾਬਤ ਹੋਵੇਗੀ।ਉਨ੍ਹਾਂ ਕਿਹਾ ਕਿ ਪੱਤਰਕਾਰਤਾ ਸਿਰਫ਼ ਖ਼ਬਰਾਂ ਤੱਕ ਸੀਮਿਤ ਨਹੀਂ ਰਹੀ, ਸਗੋਂ ਲੋਕਾਂ ਦੀ ਆਵਾਜ਼ ਨੂੰ ਸਰਕਾਰ ਅਤੇ ਪ੍ਰਸ਼ਾਸਨ ਤੱਕ ਪਹੁੰਚਾਉਣ ਦਾ ਇੱਕ ਪ੍ਰਭਾਵਸ਼ਾਲੀ ਮਾਧਿਅਮ ਬਣ ਚੁੱਕੀ ਹੈ। ਇਸ ਲਈ ਅਜਿਹੇ ਡਿਜੀਟਲ ਪਲੇਟਫਾਰਮ ਸਮੇਂ ਦੀ ਸਭ ਤੋਂ ਵੱਡੀ ਲੋੜ ਹਨ। ਉਨ੍ਹਾਂ ਕਿਹਾ ਕਿ ਇਸ ਵੈੱਬਸਾਈਟ ਦੀ ਸਭ ਤੋਂ ਵੱਡੀ ਖ਼ਾਸੀਅਤ ਇਹ ਹੈ ਕਿ ਕੋਈ ਵੀ ਵਿਅਕਤੀ ਆਪਣੀ ਸਮੱਸਿਆ, ਸ਼ਿਕਾਇਤ ਜਾਂ ਜਾਣਕਾਰੀ ਇੱਕ ਵਾਰ ਭੇਜੇਗਾ ਤੇ ਉਹ ਜਾਣਕਾਰੀ ਇੱਕੋ ਸਮੇਂ ਕਈ ਪੱਤਰਕਾਰਾਂ ਤੱਕ ਪਹੁੰਚ ਜਾਵੇਗੀ।ਸਮਾਗਮ ਦੌਰਾਨ ਵੱਖ-ਵੱਖ ਰਾਜਨੀਤਿਕ, ਸਮਾਜਿਕ ਤੇ ਧਾਰਮਿਕ ਖੇਤਰਾਂ ਨਾਲ ਸਬੰਧਿਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਸ਼ਿਰਕਤ ਕੀਤੀ ਇਸ ਨਾਲ ਨਾ ਸਿਰਫ਼ ਲੋਕਾਂ ਦੀ ਗੱਲ ਨੂੰ ਵਿਆਪਕ ਮੰਚ ਮਿਲੇਗਾ, ਸਗੋਂ ਪ੍ਰਸ਼ਾਸਨਿਕ ਪੱਧਰ 'ਤੇ ਵੀ ਸਮੱਸਿਆਵਾਂ ਦੇ ਹੱਲ ਲਈ ਦਬਾਅ ਬਣੇਗਾ।

ਇਸ ਮੌਕੇ ਭਾਰਤੀ ਰਾਸ਼ਟਰਵਾਦੀ ਪਾਰਟੀ ਦੇ ਪ੍ਰਧਾਨ ਡਾ. ਨਵਜੋਤ ਕੌਰ ਸਿੱਧੂ, ਪਟਿਆਲਾ ਦੇ ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ, ਸਾਬਕਾ ਸੰਸਦ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ, ਸਿਮਰਨਜੀਤ ਕੌਰ ਪਠਾਣਮਾਜਰਾ, ਗੁਰਸ਼ਰਨ ਕੌਰ ਰੰਧਾਵਾ ਜਿਲ੍ਹਾ ਪ੍ਰਧਾਨ , ਹਰਿੰਦਰਪਾਲ ਸਿੰਘ ਹੈਰੀ ਮਾਨ, ਨਿਰਮਲ ਸਿੰਘ ਭੱਟੀਆ, ਬਲਿਹਾਰ ਸਿੰਘ ਸ਼ਮਸ਼ਪੁਰਾ, ਤੇਜਿੰਦਰਪਾਲ ਸਿੰਘ ਸੰਧੂ, ਉੱਘੇ ਕਾਰੋਬਾਰੀ ਪ੍ਰੇਮਪ੍ਰੀਤ ਸਿੰਘ ਘਲੋੜੀ, ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਕ੍ਰਿਸ਼ਨ ਸਿੰਘ ਸਨੌਰ, ਸਤਪਾਲ ਸਿੰਘ ਪੂਨੀਆ, ਹਰਦੀਪ ਸਿੰਘ ਜੋਸ਼ਨ, ਗੁਰਵਿੰਦਰ ਸਿੰਘ ਗੌਰਵ ਸੰਧੂ, ਜਸਮੀਤ ਕੌਰ ਛੀਨਾ, ਜਸਪਾਲ ਸਿੰਘ ਭੰਗੂ, ਰਾਕੇਸ਼ ਬੱਗਾ, ਜਸਵਿੰਦਰ ਸਿੰਘ ਮੋਣੀ ਭਾਖਰ, ਸੀਨੀਅਰ ਕਾਂਗਰਸੀ ਆਗੂ ਦਲਵਿੰਦਰ ਸਿੰਘ ਧੰਜੂ, ਬੂਟਾ ਸਿੰਘ ਸ਼ਾਦੀਪੁਰ ਤੇ ਹੋਰ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।ਪਟਿਆਲਾ ਤੋਂ ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ ਨੇ ਪ੍ਰੈਸ ਕਲੱਬ ਸਨੌਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਲੋਕਤੰਤਰ ਵਿੱਚ ਮੀਡੀਆ ਦੀ ਭੂਮਿਕਾ ਬੇਹੱਦ ਅਹਿਮ ਹੈ।ਉਨ੍ਹਾਂ ਕਿਹਾ ਕਿ ਇਹ ਵੈੱਬਸਾਈਟ ਲੋਕਾਂ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਨਾਲ ਉਭਾਰਨ ਦਾ ਕੰਮ ਕਰੇਗੀ।ਡਾ. ਗਾਂਧੀ ਨੇ ਕਿਹਾ ਕਿ ਅੱਜ ਵੀ ਬਹੁਤ ਸਾਰੇ ਲੋਕ ਆਪਣੀਆਂ ਸਮੱਸਿਆਵਾਂ ਨੂੰ ਸਹੀ ਮੰਚ ਤੱਕ ਨਹੀਂ ਪੁਚਾ ਸਕਦੇ, ਪਰ ਇਸ ਪਲੇਟਫਾਰਮ ਦੇ ਜ਼ਰੀਏ ਉਨ੍ਹਾਂ ਨੂੰ ਇੱਕ ਭਰੋਸੇਯੋਗ ਅਤੇ ਪ੍ਰਭਾਵਸ਼ਾਲੀ ਮਾਧਿਅਮ ਮਿਲੇਗਾ।

ਉਨ੍ਹਾਂ ਕਿਹਾ ਕਿ ਇਹ ਉਪਰਾਲਾ ਪੂਰੇ ਪੰਜਾਬ ਲਈ ਇੱਕ ਮਾਡਲ ਬਣ ਸਕਦਾ ਹੈ। ਭਾਰਤੀ ਰਾਸ਼ਟਰਵਾਦੀ ਪਾਰਟੀ ਦੇ ਮੋਢੀ ਡਾ. ਨਵਜੋਤ ਕੌਰ ਸਿੱਧੂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸਮਾਜਿਕ ਸਰੋਕਾਰਾਂ ਅਤੇ ਲੋਕ-ਹਿੱਤ ਦੇ ਮੁੱਦਿਆਂ ਨੂੰ ਅੱਗੇ ਲਿਆਉਣ ਲਈ ਡਿਜੀਟਲ ਮਾਧਿਅਮ ਅੱਜ ਦੀ ਸਭ ਤੋਂ ਵੱਡੀ ਲੋੜ ਹਨ।ਉਨ੍ਹਾਂ ਕਿਹਾ ਕਿ ਪ੍ਰੈਸ ਕਲੱਬ ਸਨੌਰ ਦੀ ਇਹ ਪਹਿਲ ਸਮਾਜਿਕ ਜ਼ਿੰਮੇਵਾਰੀ ਤੇ ਆਧੁਨਿਕ ਸੋਚ ਦਾ ਪ੍ਰਤੀਕ ਹੈ।ਸਾਬਕਾ ਸੰਸਦ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਤਕਨਾਲੋਜੀ ਦੇ ਇਸ ਦੌਰ ਵਿੱਚ ਪੱਤਰਕਾਰਤਾ ਨੂੰ ਡਿਜੀਟਲ ਪਲੇਟਫਾਰਮਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਰਹਿੰਦੇ ਲੋਕਾਂ ਦੀਆਂ ਸਮੱਸਿਆਵਾਂ ਅਕਸਰ ਉੱਚ ਪੱਧਰ ਤੱਕ ਨਹੀਂ ਪਹੁੰਚਦੀਆਂ, ਪਰ ਇਹ ਵੈੱਬਸਾਈਟ ਉਨ੍ਹਾਂ ਦੀ ਆਵਾਜ਼ ਨੂੰ ਵੱਡੇ ਪੱਧਰ 'ਤੇ ਪੁਚਾਉਣ ਦਾ ਕੰਮ ਕਰੇਗੀ ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਇਹ ਉਪਰਾਲਾ ਨੌਜਵਾਨਾਂ ਨੂੰ ਵੀ ਪੱਤਰਕਾਰਤਾ ਤੇ ਸਮਾਜਿਕ ਜ਼ਿੰਮੇਵਾਰੀਆਂ ਨਾਲ ਜੋੜਨ ਵਿੱਚ ਸਹਾਇਕ ਹੋਵੇਗਾ।ਉਨ੍ਹਾਂ ਕਿਹਾ ਕਿ ਡਿਜੀਟਲ ਮਾਧਿਅਮਾਂ ਰਾਹੀਂ ਜਾਣਕਾਰੀ ਦੇ ਪ੍ਰਸਾਰ ਨੂੰ ਨਵੀਂ ਦਿਸ਼ਾ ਮਿਲੇਗੀ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਪ੍ਰੈਸ ਕਲੱਬ ਸਨੌਰ ਨੇ ਲੋਕਾਂ ਅਤੇ ਪੱਤਰਕਾਰਾਂ ਵਿਚਕਾਰ ਇੱਕ ਮਜ਼ਬੂਤ ਕੜੀ ਬਣਾਉਣ ਦਾ ਸ਼ਲਾਘਾਯੋਗ ਕੰਮ ਕੀਤਾ ਹੈ। ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਜਨਤਾ ਅਤੇ ਮੀਡੀਆ ਵਿਚਕਾਰ ਮਜ਼ਬੂਤ ਸੰਚਾਰ ਹੀ ਲੋਕਤੰਤਰ ਦੀ ਅਸਲ ਤਾਕਤ ਹੈ।ਉਨ੍ਹਾਂ ਕਿਹਾ ਕਿ ਪ੍ਰੈਸ ਕਲੱਬ ਸਨੌਰ ਦੀ ਇਹ ਪਹਿਲ ਪੂਰੇ ਖੇਤਰ ਲਈ ਮਾਣ ਵਾਲੀ ਗੱਲ ਹੈ।ਸਮਾਗਮ ਦੌਰਾਨ ਪ੍ਰੈਸ ਕਲੱਬ ਸਨੌਰ ਦੇ ਅਹੁਦੇਦਾਰਾਂ ਵੱਲੋਂ ਵੈੱਬਸਾਈਟ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਵੈੱਬਸਾਈਟ 'ਤੇ ਲੋਕਾਂ ਲਈ ਸ਼ਿਕਾਇਤ ਭੇਜਣ, ਪ੍ਰੈਸ ਨੋਟ ਭੇਜਣ, ਸਮਾਜਿਕ ਮੁੱਦਿਆਂ ਸਬੰਧੀ ਜਾਣਕਾਰੀ ਸਾਂਝੀ ਕਰਨ ਅਤੇ ਪੱਤਰਕਾਰਾਂ ਨਾਲ ਸਿੱਧਾ ਸੰਪਰਕ ਕਰਨ ਦੀ ਸੁਵਿਧਾ ਉਪਲਬਧ ਹੈ। ਖ਼ੂਨਦਾਨ ਕੈਂਪ ਵਿੱਚ ਨੌਜਵਾਨਾਂ, ਸਮਾਜ ਸੇਵੀਆਂ ਅਤੇ ਵੱਖ-ਵੱਖ ਸੰਸਥਾਵਾਂ ਦੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਅਤੇ ਮਨੁੱਖਤਾ ਦੀ ਭਲਾਈ ਲਈ ਖ਼ੂਨਦਾਨ ਕੀਤਾ।



## ਨਵਜੰਮੀ ਬੱਚੀ ਦੇ ਜਨਮ ਮੌਕੇ ਕਰਾਈ 21 ਹਜ਼ਾਰ ਦੀ ਐੱਫ ਡੀ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨਵੇਂ ਬਣੇ ਕੌਂਸਲਰ ਜਸਵੀਰ ਸਿੰਘ ਬੰਟੀ ਨੇ ਨਵ ਜਨਮੀ ਬੱਚੀ ਦੇ ਜਨਮ ਮੌਕੇ 21000 ਦੀ ਐਫਡੀ ਕਰਾਈ ਹੈ।ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਪਰਿਵਾਰ ਨੂੰ ਸੌਂਪੀ ਗਈ। ਵਿਧਾਇਕ ਰਾਏ ਨੇ ਦੱਸਿਆ ਕਿ ਕੌਂਸਲਰ ਜਸਬੀਰ ਵੰਟੀ ਨੇ ਚੋਣਾਂ ਦੌਰਾਨ ਵਾਰਡ ਵਾਸੀਆਂ ਦੇ ਨਾਲ ਵਾਅਦੇ ਕੀਤਾ ਸੀ ਕਿ ਉਹ ਆਪਣੀ ਟਰਮ ਦੇ ਦੌਰਾਨ ਵਾਰਡ ਦੇ ਵਿੱਚ ਜਨਮ ਲੈਣ ਵਾਲੀ ਬੱਚੀ ਦੇ ਨਾਮ 21000 ਦੀ ਐਫਡੀ ਕਰਾਉਣਗੇ।ਉਨ੍ਹਾਂ ਦੇ ਕੌਂਸਲਰ ਬਣਨ ਤੋਂ ਦੂਜੇ ਹੀ ਦਿਨ ਬੱਚੀ ਨੇ ਵਾਰਡ ਦੇ ਵਿੱਚ ਜਨਮ ਲਿਆ ਅਤੇ ਕੌਂਸਲਰ ਜਸਵੀਰ ਬੰਟੀ ਵੱਲੋਂ 21 ਹਜਾਰ ਦੀ ਐਫਡੀ ਕਰਾ ਕੇ ਪਰਵਾਰ ਨੂੰ ਸੌਂਪ ਦਿੱਤੀ ਗਈ ਹੈ।ਕੌਂਸਲਰ ਵੱਲੋਂ ਕੀਤਾ ਗਿਆ ਇਹ ਕਾਰਜ ਬਹੁਤ ਹੀ ਸ਼ਲਾਘਾਯੋਗ ਹੈ।ਅਜਿਹੀ ਅਗਾਂਹ ਵਧੂ ਸੋਚ ਵਾਲੇ ਵਿਅਕਤੀ ਸਮਾਜ ਦੇ ਲਈ ਚਾਨਣ ਮੁਨਾਰਾ ਬਣਦੇ ਹਨ।ਦੂਸਰੇ ਕੌਂਸਲਰਾਂ ਨੂੰ ਵੀ ਸਮਾਜਿਕ ਕਾਰਜਾਂ ਦੇ ਵਿੱਚ ਜਸਵੀਰ ਸਿੰਘ ਬੰਟੀ ਵਰਗੇ ਕੌਂਸਲਰਾਂ ਤੋਂ ਸੇਧ ਲੈਣ ਦੀ ਲੋੜ ਹੈ। ਜਸਵੀਰ ਬੰਟੀ ਨੇ ਕਿਹਾ ਕਿ ਉਹਨਾਂ ਦੀ ਟਰਮ ਦੌਰਾਨ ਜਿਸ ਪਰਿਵਾਰ ਦੇ ਵਿੱਚ ਬੱਚੀ ਦਾ ਜਨਮ ਹੋਵੇਗਾ, ਉਸ ਦੇ ਨਾਂਅ 21000 ਦੀ ਐਫਡੀ ਕਰਵਾਈ ਜਾਵੇਗੀ।ਇਸ ਤੋਂ ਇਲਾਵਾ ਵਾਰਡ ਦੇ ਰਹਿੰਦੇ ਕਾਰਜਾਂ ਨੂੰ ਵੀ ਪਹਿਲ ਦੇ ਅਧਾਰ 'ਤੇ ਪੂਰਾ ਕੀਤਾ ਜਾਵੇਗਾ।ਸਰਹੰਦ ਦੇ ਵਿੱਚ ਪੈਂਦੇ 23 ਵਾਰਡਾਂ ਦੇ ਵਿੱਚੋਂ ਉਹ ਆਪਣੇ ਵਾਰਡ ਨੂੰ ਨਮੂਨੇ ਦਾ ਵਾਰਡ ਬਣਾਉਣਗੇ।

## ਗੈਰੀ ਸਿੱਧੂ ਵੱਲੋਂ ਆਪਣੇ ਪਿਤਾ ਦੀ ਯਾਦ 'ਚ ਸਕੂਲ ਨੂੰ ਵਾਟਰ ਕੂਲਰ ਭੇਟ



**ਜ਼ੀਰਾ (ਨਰਿੰਦਰ ਅਨੇਜਾ)**-ਸਰਕਾਰੀ ਮਿਡਲ ਅਤੇ ਪ੍ਰਾਇਮਰੀ ਸਕੂਲ ਝੱਤਰਾ ਨੂੰ ਗੈਰੀ ਸੰਧੂ ਪੁੱਤਰ ਸਵਰਗੀ ਬੇਅੰਤ ਸਿੰਘ (ਸਾਬਕਾ ਸਰਪੰਚ ਪਿੰਡ ਝੱਤਰਾ) ਵੱਲੋਂ ਬਹੁਤ ਜ਼ਿਆਦਾ ਗਰਮੀ ਨੂੰ ਵੇਖਦੇ ਹੋਇਆਂ ਸਕੂਲ ਨੂੰ ਵਾਟਰ ਕੂਲਰ ਭੇਟ ਕੀਤਾ ਗਿਆ ਤਾਂ ਜੋ ਇਸ ਗਰਮੀ ਭਰੇ ਮੌਸਮ ਵਿੱਚ ਬੱਚਿਆਂ ਨੂੰ ਠੰਢੇ ਪਾਣੀ ਦੀ ਸਹੂਲਤ ਮਿਲ ਸਕੇ।ਇਸ ਮੌਕੇ ਸਮੂਹ ਸਟਾਫ ਵੱਲੋਂ ਗੈਰੀ ਸੰਧੂ ਅਤੇ ਸਮੂਹ ਸੰਧੂ ਪਰਿਵਾਰ ਦਾ ਧੰਨਵਾਦ ਕੀਤਾ ਗਿਆ ਸਕੂਲ ਮੁਖੀ ਮਨੀਸ਼ ਕੁਮਾਰ ਨੇ ਇਸ ਮੌਕੇ ਦੱਸਿਆ ਕੇ ਇਸ ਪਰਵਾਰ ਵੱਲੋਂ ਪਹਿਲਾਂ ਵੀ ਸਮੇਂ- ਸਮੇਂ 'ਤੇ ਸਕੂਲ ਦੀ ਮਦਦ ਕੀਤੀ ਜਾਂਦੀ ਰਹੀ ਹੈ।ਗੈਰੀ ਸੰਧੂ ਵੱਲੋਂ ਜਲਦੀ ਹੀ ਸਕੂਲ ਦਾ ਮੇਨ ਗੇਟ ਲਵਾਉਣ ਦਾ ਵਾਅਦਾ ਵੀ ਕੀਤਾ ਗਿਆ।ਇਸ ਮੌਕੇ ਸਕੂਲ ਸਟਾਫ ਸੁਖਵਿੰਦਰ ਸਿੰਘ, ਮਨਜੀਤ ਸਿੰਘ, ਗੁਰਪ੍ਰੀਤ ਕੌਰ, ਨੀਲੂ ਬਾਲਾ, ਹਰਪ੍ਰੀਤ ਕੌਰ ਆਦਿ ਹਾਜ਼ਰ ਸਨ।

## ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ ਵੱਲੋਂ ਸੇਵਾ ਕੇਂਦਰ ਦੇ ਮੁਲਾਜ਼ਮਾਂ ਦੀ ਹੜਤਾਲ ਦੀ ਹਮਾਇਤ ਦਾ ਐਲਾਨ



**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਦੇ ਸੇਵਾ ਕੇਂਦਰਾਂ ਦੇ ਕਰਮਚਾਰੀ ਤਨਖਾਹ ਵਿੱਚ ਵਾਧਾ ਕਰਨ, ਨੌਕਰੀਆਂ ਨੂੰ ਰੈਗੂਲਰ ਕਰਨ ਆਦਿ ਮੰਗਾਂ ਲਈ ਹੜਤਾਲ ਉੱਪਰ ਹਨ।ਇਹ ਕਰਮਚਾਰੀ ਸੇਵਾ ਕੇਂਦਰਾਂ ਵਿੱਚ ਪਿਛਲੇ ਲੰਮੇ ਸਮੇਂ ਤੋਂ ਬਹੁਤ ਘੱਟ ਤਨਖਾਹ 'ਤੇ ਕੰਮ ਕਰ ਰਹੇ ਹਨ।ਇਹਨਾਂ ਦੀ ਤਨਖਾਹ ਵਿੱਚ ਵਾਧਾ ਨਹੀਂ ਕੀਤਾ ਗਿਆ।ਇਸ ਤਨਖਾਹ ਨਾਲ ਗੁਜ਼ਾਰਾ ਕਰਨਾ ਬਹੁਤ ਮੁਸ਼ਕਲ ਹੈ।ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਜ਼ਿਲ੍ਹਾ ਲੁਧਿਆਣਾ ਵੱਲੋਂ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਲੀਲ ਦੀ ਅਗਵਾਈ ਵਿੱਚ ਲੁਧਿਆਣਾ ਦੇ ਸੇਵਾ ਕੇਂਦਰਾਂ ਵਿੱਚ ਸ਼ਮੂਲੀਅਤ ਕੀਤੀ ਗਈ।ਰੁਪਿੰਦਰ ਪਾਲ ਸਿੰਘ ਗਿੱਲ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਅਸੀਂ ਸਰਕਾਰਾਂ ਬਦਲ ਬਦਲ ਦੇਖ ਲਈਆਂ ਹਨ।ਕਿਸੇ ਵੀ ਸਰਕਾਰ ਦੇ ਰਾਜ ਵਿੱਚ ਸਾਡੀਆਂ ਸਮੱਸਿਆਵਾਂ ਦਾ ਹੱਲ ਨਹੀਂ ਹੋਇਆ ਹੈ। ਮੁਲਾਜ਼ਮਾਂ ਕੋਲ ਸੰਘਰਸ਼ ਹੀ ਢੰਗ ਹੈ, ਜਿਸ ਰਾਹੀਂ ਅਸੀਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਕਰ ਸਕਦੇ ਹਾਂ। ਉਨ੍ਹਾਂ ਕਿਹਾ ਕਿ ਅੱਜ ਕਿਸਾਨ, ਮੁਜ਼ਦੂਰ, ਮੁਲਾਜ਼ਮ ਅਤੇ ਵਿਦਿਆਰਥੀ ਮੰਗਾਂ ਦੀ ਪ੍ਰਾਪਤੀ ਲਈ ਸੜਕਾਂ 'ਤੇ ਸੰਘਰਸ਼ ਕਰ ਰਹੇ ਹਨ।ਸਰਕਾਰ ਸੰਘਰਸ਼ਾਂ ਨੂੰ ਬਹੁਤ ਸਖ਼ਤੀ ਅਤੇ ਤਸ਼ੱਦਦ ਕਰ ਕੇ ਦਬਾ ਰਹੀ ਹੈ।ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਜ਼ਿਲ੍ਹਾ ਲੁਧਿਆਣਾ ਦੇ ਆਗੂਆਂ ਨੇ ਸੇਵਾ ਕੇਂਦਰ ਦੇ ਮੁਲਾਜ਼ਮਾਂ ਨੂੰ ਸੰਘਰਸ਼ ਵਿੱਚ ਹਰ ਤਰ੍ਹਾਂ ਨਾਲ ਸਹਿਯੋਗ ਕਰਨ ਦਾ ਵਿਸ਼ਵਾਸ ਦਿੱਤਾ।

## ਵਾਰਡ ਨੰ. 22 ਦੀ ਜਿੱਤ ਸਮੂਹ ਵਾਰਡ ਨਿਵਾਸੀਆਂ ਦੀ ਜਿੱਤ : ਮੁਨਸ਼ੀ ਫਾਰੂਕ ਅਹਿਮਦ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਵਾਰਡ ਨੰਬਰ 22 ਤੋਂ ਚੋਣ ਜਿੱਤੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੀਨੀਅਰ ਪੱਤਰਕਾਰ ਮੁਨਸ਼ੀ ਫਾਰੂਕ ਅਹਿਮਦ ਨੇ ਇਥੇ ਅਦਾਰਾ ਪੰਜਾਬੀ ਰੰਗ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਚੋਣਾਂ ਦੌਰਾਨ ਵਾਰਡ ਦੇ ਵੋਟਰਾਂ ਅਤੇ ਸਪੋਰਟਰਾਂ ਵੱਲੋਂ ਮੇਰੇ ਪ੍ਰਤੀ ਦਿਖਾਏ ਗਏ ਅਥਾਹ ਉਤਸ਼ਾਹ ਅਤੇ ਅਟੁੱਟ ਸਮਰਥਨ ਲਈ ਮੈਂ ਆਪਣੇ ਵਾਰਡ ਨਿਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ।ਉਨ੍ਹਾਂ ਕਿਹਾ ਕਿ ਇਹ ਜਿੱਤ ਕਿਸੇ ਇਕ ਆਗੂ ਜਾਂ ਪਾਰਟੀ ਦੀ ਨਹੀਂ, ਸਗੋਂ ਸਮੂਹ ਵਾਰਡ ਨਿਵਾਸੀਆਂ ਦੀ ਜਿੱਤ ਹੈ, ਲੋਕਾਂ ਨੇ ਵਿਕਾਸ ਅਤੇ ਭਰੋਸੇ ਦੀ ਰਾਜਨੀਤੀ 'ਤੇ ਮੋਹਰ ਲਗਾਈ ਹੈ।ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੇ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਉਹ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਨੂੰ ਤਰਜੀਹ ਦਿੰਦੇ ਹਨ।ਵਾਰਡ ਨੰਬਰ 22 ਨੂੰ ਸ਼ਹਿਰ ਅੰਦਰ ਨਮੂਨੇ ਦਾ ਸਾਫ-ਸੁਥਰਾ ਸੁੰਦਰ ਵਾਰਡ ਬਣਾਉਣ ਲਈ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ ਅਤੇ ਹਰੇਕ ਵਾਰਡ ਨਿਵਾਸੀ ਦੀਆਂ ਮੁਢਲੀਆਂ ਸਹੂਲਤਾਂ ਨੂੰ ਯਕੀਨੀ ਬਣਾਇਆ ਜਾਵੇਗਾ।ਮੁਨਸ਼ੀ ਫਾਰੂਕ ਨੇ ਦਾਅਵਾ ਕੀਤਾ ਕਿ ਇਹ ਨਤੀਜੇ ਆਉਣ ਵਾਲੇ ਸਮੇਂ 'ਚ ਪੰਜਾਬ ਦੀ ਰਾਜਨੀਤੀ ਲਈ ਵੀ ਮਹੱਤਵਪੂਰਨ ਸੰਕੇਤ ਹਨ ਅਤੇ ਸੂਬੇ ਦੇ ਲੋਕ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ। ਮੁਨਸ਼ੀ ਫਾਰੂਕ ਨੇ ਕਿਹਾ ਕਿ ਮਾਲੇਰਕੋਟਲਾ ਅੰਦਰ ਆਮ ਆਦਮੀ ਪਾਰਟੀ ਨੂੰ ਮਿਲੀ ਇਤਿਹਾਸਕ ਜਿੱਤ ਨਾਲ ਹਲਕਾ ਵਿਧਾਇਕ ਡਾ.ਜ਼ਮੀਲ ਉਰ ਰਹਿਮਾਨ ਦਾ ਸਿਆਸੀ ਕੱਦ ਪਾਰਟੀ ਅੰਦਰ ਅਤੇ ਸਥਾਨਕ ਸਿਆਸੀ ਗਲਿਆਰਿਆਂ 'ਚ ਹੋਰ ਉੱਚਾ ਹੋ ਗਿਆ ਹੈ।

## ਸੱਤਿਆ ਭਾਰਤੀ ਸਕੂਲ ਦੀ ਵਿਦਿਆਰਥਣ ਵੱਲੋਂ ਯੂਵਿਕਾ 2026 'ਚ ਸ਼ਾਨਦਾਰ ਭਾਗੀਦਾਰੀ



**ਜਗਰਾਉਂ (ਅਮਿਤ ਖੰਨਾ)**- ਸੱਤਿਆ ਭਾਰਤੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ, ਸ਼ੇਰਪੁਰ ਕਲਾਂ ਦੀ ਵਿਦਿਆਰਥਣ ਹੁਸਨਜੋਤ ਕੌਰ ਨੇ ਇਸਰੋ ਦੇ ਰਾਸ਼ਟਰੀ ਪੱਧਰ ਦੇ ਯੂਵਿਕਾ 2026 ਪ੍ਰੋਗਰਾਮ ਲਈ ਚੁਣੇ ਜਾਣ 'ਤੇ ਸਕੂਲ ਅਤੇ ਪਿੰਡ ਦਾ ਨਾਮ ਰੌਸ਼ਨ ਕੀਤਾ। ਇਹ ਪ੍ਰਾਪਤੀ ਨਾ ਸਿਰਫ਼ ਉਸਦੀ ਮਿਹਨਤ ਅਤੇ ਲਗਨ ਦਾ ਨਤੀਜਾ ਹੈ, ਸਗੋਂ ਸਕੂਲ ਦੇ ਉੱਚ ਸਿੱਖਿਅਕ ਮਿਆਰਾਂ ਨੂੰ ਵੀ ਦਰਸਾਉਂਦੀ ਹੈ। ਪ੍ਰੋਗਰਾਮ ਦੌਰਾਨ ਉਸ ਨੇ ਅੰਤਰਿਕਸ਼ ਵਿਗਿਆਨ, ਰੋਬੋਟਿਕਸ ਅਤੇ ਨਵੀਂ ਤਕਨਾਲੋਜੀ ਨਾਲ਼ ਸੰਬੰਧਤ ਗਤੀਵਿਧੀਆਂ ਵਿੱਚ ਭਾਗ ਲਿਆ। ਹੁਸਨਜੋਤ ਨੇ ਛੇ ਮੈਂਬਰੀ ਟੀਮ ਨਾਲ਼ ਪਾਵਰਪੋਇੰਟ ਪ੍ਰਜ਼ੈਂਟੇਸ਼ਨ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ, ਚਾਰ ਮੈਂਬਰੀ ਟੀਮ ਨਾਲ਼ ਰੋਬੋਟਿਕਸ ਗਤੀਵਿਧੀ ਵਿੱਚ ਪਹਿਲਾ ਸਥਾਨ ਵੀ ਪ੍ਰਾਪਤ ਕੀਤਾ। ਉਸ ਦੀ ਇਸ ਉਪਲੱਬਧੀ ਲਈ ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਹੁਸਨਜੋਤ ਦੀ ਇਹ ਸਫ਼ਲਤਾ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗੀ ਅਤੇ ਉਨ੍ਹਾਂ ਨੂੰ ਵਿਗਿਆਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਅੱਗੇ ਵਧਣ ਲਈ ਉਤਸ਼ਾਹਤ ਕਰੇਗੀ।

## ਸਨਮਤੀ ਵਿਮਲ ਜੈਨ ਸਕੂਲ 'ਚ ਅੱਗ ਸੁਰੱਖਿਆ ਬਾਰੇ ਜਾਗਰੂਕਤਾ ਸੈਮੀਨਾਰ



**ਜਗਰਾਉਂ (ਅਮਿਤ ਖੰਨਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਜਗਰਾਉਂ ਵਿਖੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਅੱਗ ਸੁਰੱਖਿਆ ਅਤੇ ਬਚਾਅ ਸਬੰਧੀ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਅੱਗ ਲੱਗਣ ਦੀ ਸਥਿਤੀ ਵਿੱਚ ਬਚਾਅ ਦੇ ਤਰੀਕਿਆਂ ਅਤੇ ਅੱਗ ਬੁਝਾਉਣ ਵਾਲੇ ਯੰਤਰਾਂ ਦੀ ਸਹੀ ਵਰਤੋਂ ਬਾਰੇ ਜਾਣਕਾਰੀ ਦਿੱਤੀ ਗਈ। ਪ੍ਰੋਗਰਾਮ ਦੌਰਾਨ ਜਸਵਿੰਦਰ ਸ਼ਰਮਾ ਨੇ ਸਕੂਲ ਦੇ ਸਮੂਹ ਸਟਾਫ ਨੂੰ ਅੱਗ ਲੱਗਣ ਦੇ ਸੰਭਾਵਿਤ ਕਾਰਨਾਂ, ਐਮਰਜੈਂਸੀ ਹਾਲਾਤ ਵਿੱਚ ਅਪਣਾਈਆਂ ਜਾਣ ਵਾਲੀਆਂ ਸਾਵਧਾਨੀਆਂ ਅਤੇ ਅੱਗ ਬੁਝਾਉਣ ਵਾਲੇ ਉਪਕਰਨਾਂ ਦੇ ਪ੍ਰਭਾਵਸ਼ਾਲੀ ਇਸਤੇਮਾਲ ਬਾਰੇ ਪ੍ਰੈਕਟੀਕਲ ਡੈਮੋ ਦੇ ਕੇ ਜਾਣੂ ਕਰਵਾਇਆ। ਉਨ੍ਹਾਂ ਨੇ ਕਿਹਾ ਕਿ ਸਮੇਂ ਸਿਰ ਸਹੀ ਫ਼ੈਸਲਾ ਅਤੇ ਜਾਗਰੂਕਤਾ ਕਿਸੇ ਵੀ ਵੱਡੇ ਹਾਦਸੇ ਨੂੰ ਟਾਲ ਸਕਦੀ ਹੈ। ਇਸ ਮੌਕੇ ਸਕੂਲ ਦੇ ਸਟਾਫ ਮੈਂਬਰਾਂ ਨੇ ਵੀ ਅੱਗ ਸੁਰੱਖਿਆ ਸਬੰਧੀ ਜਾਣਕਾਰੀ ਹਾਸਲ ਕੀਤੀ ਅਤੇ ਵੱਖ-ਵੱਖ ਸਵਾਲ ਪੁੱਛ ਕੇ ਆਪਣੇ ਸੰਦੇਹ ਦੂਰ ਕੀਤੇ। ਪ੍ਰੋਗਰਾਮ ਦਾ ਮੁੱਖ ਉਦੇਸ਼ ਸਕੂਲ ਪਰਵਾਰ ਨੂੰ ਸੁਰੱਖਿਆ ਪ੍ਰਤੀ ਹੋਰ ਜਾਗਰੂਕ ਬਣਾਉਣਾ ਅਤੇ ਕਿਸੇ ਵੀ ਐਮਰਜੈਂਸੀ ਸਥਿਤੀ ਦਾ ਸਾਹਮਣਾ ਕਰਨ ਲਈ ਤਿਆਰ ਕਰਨਾ ਸੀ। ਇਹ ਸਮੂਹ ਪ੍ਰੋਗਰਾਮ ਸਕੂਲ ਦੀ ਪ੍ਰਿੰਸੀਪਲ ਸੁਪ੍ਰਿਆ ਖੁਰਾਣਾ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ ਹੇਠ ਸਫਲਤਾਪੂਰਵਕ ਸੰਪੰਨ ਹੋਇਆ। ਅੰਤ ਵਿੱਚ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਜਸਵਿੰਦਰ ਸ਼ਰਮਾ ਦਾ ਧੰਨਵਾਦ ਕੀਤਾ ਗਿਆ।

## ਐੱਸ ਐੱਸ ਪੀ ਵੱਲੋਂ ਮਨਜ਼ੂਰੀ ਦੇਣ ਦੇ ਬਾਵਜੂਦ ਨਹੀਂ ਬਣ ਸਕਿਆ ਪੀ ਸੀ ਆਰ ਪੁਆਇੰਟ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)**



ਸ਼ਹਿਰ ਦੇ ਜਲਾਲਾਬਾਦ ਰੋਡ ਫਲਾਈਓਵਰ ਦੇ ਹੇਠਾਂ ਬਣੀਆਂ ਪੌੜੀਆਂ ਤੇ ਨਸ਼ੀਲੇ ਪਦਾਰਥਾਂ ਦੀ ਵਿਕਰੀ ਹੋਣ ਦੇ ਸਬੰਧ ਵਿੱਚ ਪ੍ਰਾਪਤ ਹੋਈ ਸ਼ਿਕਾਇਤ ਸਬੰਧੀ ਮਗਰੋਂ ਐਸ ਐਸ ਪੀ ਵੱਲੋਂ ਮੌਕੇ 'ਤੇ ਪੀ ਸੀ ਆਰ ਪੁਆਇੰਟ ਬਣਾਉਣ ਦੀ ਮਨਜ਼ੂਰੀ ਦੇਣ ਮਗਰੋਂ ਵੀ ਹਾਲੇ ਤੱਕ ਇੱਥੇ ਇਹ ਪੁਆਇੰਟ ਨਹੀਂ ਬਣ ਸਕਿਆ।ਜ਼ਿਕਰ ਕਰਕੇ ਨਸ਼ੇੜੀ ਕਿਸਮ ਦੇ ਲੋਕਾਂ ਦਾ ਜਮਾਵੜਾ ਫਲਾਈਓਵਰ ਹੇਠਾਂ ਪੌੜੀਆਂ 'ਤੇ ਲੱਗਿਆ ਰਹਿੰਦਾ ਹੈ।ਦੁਕਾਨਦਾਰਾਂ ਅਨੁਸਾਰ ਇੱਥੇ ਨਸ਼ਾ ਵਿਕਦਾ ਹੈ, ਜਿਸ ਕਰਕੇ ਦੁਕਾਨਦਾਰਾਂ 'ਚ ਭਾਰੀ ਰੋਸ ਹੈ।ਜਲਾਲਾਬਾਦ ਰੋਡ ਦੇ ਦੁਕਾਨਦਾਰਾਂ ਅਕਸ਼ ਤਨੇਜਾ, ਤਰਸੇਮ ਕੁਮਾਰ, ਨਵਲ ਦਾਬੜਾ, ਅਜੇ, ਵਿਜੇ ਕੁਮਾਰ, ਡਿੰਪਲ ਜੈਨ ਸਮੇਤ ਹੋਰਾਂ ਵੱਲੋਂ ਬੀਤੀ 15 ਮਈ ਨੂੰ ਐਸ ਐਸ ਪੀ ਨੂੰ ਇਸ ਸਬੰਧੀ ਸ਼ਿਕਾਇਤ ਦਿੱਤੀ ਗਈ ਸੀ ਤੇ ਮੌਕੇ 'ਤੇ ਪੀ ਸੀ ਆਰ ਪੁਆਇੰਟ ਬਣਾਉਣ ਦੀ ਮੰਗ ਕੀਤੀ ਗਈ ਸੀ। ਜਿਸ ਮਗਰੋਂ ਤਿੰਨ ਦਿਨ ਬਾਅਦ 18 ਮਈ ਨੂੰ ਐਸ ਐਸ ਪੀ ਵੱਲੋਂ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ, ਇੰਚਾਰਜ ਜ਼ਿਲ੍ਹਾ ਟ੍ਰੈਫਿਕ ਮੋਟਰਸਾਈਕਲ ਪੀ ਸੀ ਆਰ, ਇੰਚਾਰਜ ਸਪੈਸ਼ਲ ਬ੍ਰਾਂਚ ਤੇ ਇੰਚਾਰਜ ਡਾਇਲ 112 ਹੈਲਪ ਲਾਈਨ ਸ੍ਰੀ ਮੁਕਤਸਰ ਸਾਹਿਬ ਦੇ ਨਾਮ ਪੱਤਰ ਜਾਰੀ ਕਰਕੇ ਇਸ ਥਾਂ ਪੀ ਸੀ ਆਰ ਪੁਆਇੰਟ ਨੂੰ ਮਨਜ਼ੂਰੀ ਦੇ ਦਿੱਤੀ ਸੀ।ਇਸ ਨਾਲ ਦੁਕਾਨਦਾਰਾਂ 'ਚ ਖੁਸ਼ੀ ਦਾ ਮਾਹੌਲ ਬਣ ਗਿਆ ਸੀ ਕਿ ਚਲੋ ਹੁਣ ਇੱਥੇ ਪੁਆਇੰਟ ਬਣਨ ਮਗਰੋਂ ਨਸ਼ਾ ਵੇਚਣ ਵਾਲਿਆਂ ਤੇ ਨਕੇਲ ਕੱਸੀ ਜਾ ਸਕੇਗੀ ਪਰ ਜੂਨ ਦਾ ਮਹੀਨਾ ਚੜ੍ਹ ਗਿਆ ਹੈ ਹਾਲੇ ਤੱਕ ਇਹ ਪੀ ਸੀ ਆਰ ਪੁਆਇੰਟ ਨਹੀਂ ਬਣ ਸਕਿਆ।ਇਸ ਪੱਤਰ ਜਰੀਏ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਨੂੰ ਹਦਾਇਤ ਕੀਤੀ ਗਈ ਕਿ ਸ਼ਹਿਰ ਸ੍ਰੀ ਮੁਕਤਸਰ ਸਾਹਿਬ ਵਿੱਚ ਜਲਾਲਾਬਾਦ ਰੋਡ 'ਤੇ ਸਥਿਤ ਫਲਾਈਓਵਰ ਦੇ ਹੇਠਾਂ ਨਾਕਾਬੰਦੀ ਅਤੇ ਗਸ਼ਤ ਤੇਜ਼ ਕੀਤੀ ਜਾਵੇ ਅਤੇ ਖੁਦ ਵੱਲੋਂ ਵੀ ਖੁਫੀਆ ਸੋਰਸਾਂ ਰਾਹੀਂ ਪਤਾ ਲਗਾਇਆ ਜਾਵੇ।ਜੇਕਰ ਉਕਤ ਖੇਤਰ ਵਿੱਚ ਕੋਈ ਨਸ਼ੀਲੇ ਪਦਾਰਥਾਂ ਦੇ ਵੇਚਣ ਸਬੰਧੀ ਕੋਈ ਅਜਿਹੀ ਗੱਲ ਸਾਹਮਣੇ ਆਉਂਦੀ ਹੈ ਤਾਂ ਸਬੰਧਤ ਦੇ ਖਿਲਾਫ ਤੁਰੰਤ ਬਣਦੀ ਕਾਰਵਾਈ ਕੀਤੀ ਜਾਵੇ।ਇਹੀ ਨਹੀਂ ਇੰਚਾਰਜ ਜ਼ਿਲ੍ਹਾ ਟ੍ਰੈਫਿਕ, ਮੋਟਰਸਾਈਕਲ ਪੀ ਸੀ ਆਰ, ਮੋਟਰਸਾਈਕਲ ਸ੍ਰੀ ਮੁਕਤਸਰ ਸਾਹਿਬ ਨੂੰ ਹਦਾਇਤ ਕੀਤੀ ਗਈ ਕਿ ਉਹ ਰਾਤ ਦਿਨ ਅਤੇ ਰਾਤ ਸਮੇਂ ਇਸ ਮੋਬਾਇਲ ਪੀ.ਸੀ.ਆਰ., ਮੋਟਰਸਾਈਕਲ ਕਰਮਚਾਰੀਆਂ ਦੀ ਉਸ ਬੀਟ ਏਰੀਆ ਵਿੱਚ ਡਿਊਟੀ ਹੁੰਦੀ ਹੈ ਉਹਨਾਂ ਨੂੰ ਚੰਗੀ ਤਰ੍ਹਾਂ ਬਰੀਫ ਕੀਤਾ ਜਾਵੇ ਇੰਚਾਰਜ ਸਪੈਸ਼ਲ ਬਰਾਂਚ ਡੀ.ਪੀ.ਓ., ਸ੍ਰੀ ਮੁਕਤਸਰ ਸਾਹਿਬ ਨੂੰ ਹਦਾਇਤ ਕੀਤੀ ਗਈ ਕਿ ਜਲਾਲਾਬਾਦ ਰੋਡ ਪਰ ਸਥਿਤ ਫਲਾਈਓਵਰ ਦੇ ਹੇਠਾਂ ਨੇੜੇ ਪੌੜੀਆਂ ਪਰ ਖੁਫੀਆ ਸੋਰਸ ਲਗਾ ਕੇ ਨਸ਼ਾ ਵੇਚਣ ਵਾਲੇ ਪੁਰਸ਼ਾਂ/ਔਰਤਾਂ ਦਾ ਪਤਾ ਲਗਾਇਆ ਜਾਵੇ ਅਤੇ ਇਸ ਸਬੰਧੀ ਸੂਚਨਾ ਇਕੱਤਰ ਕੀਤੀ ਜਾਵੇ ਅਤੇ ਸੀਨੀਅਰ ਅਫਸਰਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਜੋ ਨਸ਼ਾ ਵੇਚਣ ਵਾਲਿਆ ਖਿਲਾਫ ਕਾਰਵਾਈ ਕੀਤੀ ਜਾ ਸਕੇ।ਪਰ ਇਹ ਆਦੇਸ਼ ਸਿਰਫ ਕਾਗਜੀ ਕਾਰਵਾਈ ਬਣ ਕੇ ਰਹਿ ਗਏ।

## ਜਨਤਕ ਥਾਵਾਂ 'ਤੇ ਤੰਬਾਕੂ ਉਤਪਾਦਾਂ ਦੀ ਵਿਕਰੀ ਤੇ ਸੇਵਨ ਕਰਨਾ ਕਾਨੂੰਨੀ ਅਪਰਾਧ : ਡਾ. ਅਮਰਜੀਤ ਕੌਰ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅਤੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਅਮਰਜੀਤ ਕੌਰ ਦੀ ਅਗਵਾਈ ਹੇਠ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਤਹਿਤ ਜ਼ਿਲ੍ਹੇ ਦੀਆਂ ਵੱਖ ਵੱਖ ਸਿਹਤ ਸੰਸਥਾਵਾਂ ਵਿਚ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਮੁਹਿੰਮ ਚਲਾਈ ਗਈ ਅਤੇ ਤੰਬਾਕੂ ਦੀ ਵਰਤੋਂ ਨਾ ਕਰਨ ਸਬੰਧੀ ਪ੍ਰਣ ਕਰਵਾਏ ਗਏ। ਸਿਵਲ ਸਰਜਨ ਡਾ. ਅਮਰਜੀਤ ਕੌਰ ਨੇ ਕਿਹਾ ਕਿ ਕੋਟਪਾ (ਸਿਗਰਟ ਅਤੇ ਹੋਰ ਤੰਬਾਕੂ ਉਤਪਾਦ) ਐਕਟ 2003 ਦੀ ਉਲੰਘਣਾ ਕਰਨਾ ਸਜ਼ਾਯੋਗ ਅਪਰਾਧ ਹੈ। ਕੋਟਪਾ ਐਕਟ ਦੀ ਧਾਰਾ 4 ਤਹਿਤ ਜਨਤਕ ਥਾਵਾਂ 'ਤੇ ਸਿਗਰਟ ਪੀਣ ਜਾਂ ਤੰਬਾਕੂਨੋਸ਼ੀ ਕਰਨ 'ਤੇ 200 ਰੁਪਏ ਤੱਕ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਐਕਟ ਦੀ ਧਾਰਾ 6(ੳ) ਤਹਿਤ 18 ਸਾਲ ਤੋਂ ਘੱਟ ਉਮਰ ਦੇ ਵਿਅਕਤੀਆਂ ਨੂੰ ਸਿਗਰਟ ਜਾਂ ਕਿਸੇ ਤੰਬਾਕੂ ਉਤਪਾਦ ਦੀ ਵਿਕਰੀ ਕਰਨ ਦੀ ਪਾਬੰਦੀ ਹੈ ਜਦਕਿ ਧਾਰਾ 6(ਬ) ਤਹਿਤ ਵਿੱਦਿਅਕ ਸੰਸਥਾਵਾਂ ਦੇ 100 ਮੀਟਰ ਦੇ ਘੇਰੇ ਅੰਦਰ ਤੰਬਾਕੂ ਉਤਪਾਦਾਂ ਦੀ ਵਿਕਰੀ ਤੇ ਸੇਵਨ ਕਰਨਾ ਵੀ ਕਾਨੂੰਨੀ ਅਪਰਾਧ ਹੈ। ਇਸ ਤੋਂ ਇਲਾਵਾ ਧਾਰਾ 5 ਤਹਿਤ ਕਿਸੇ ਵੀ ਤੰਬਾਕੂ ਪਦਾਰਥ ਦੀ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਇਸ਼ਤਿਹਾਰਬਾਜ਼ੀ ਨਹੀਂ ਕੀਤੀ ਜਾ ਸਕਦੀ। ਉਹਨਾਂ ਕਿਹਾ ਕਿ ਤੰਬਾਕੂ ਦਾ ਕਿਸੇ ਵੀ ਰੂਪ ਨਾਲ ਸੇਵਨ ਵਿਅਕਤੀ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਕਮਜ਼ੋਰ ਕਰ ਦਿੰਦਾ ਹੈ ਤੇ ਉਸ ਦੀ ਰੋਗਾਂ ਨਾਲ ਲੜਨ ਦੀ ਸ਼ਕਤੀ ਘਟ ਜਾਂਦੀ ਹੈ, ਜਿਸ ਕਾਰਨ ਉਸ ਨੂੰ ਬਹੁਤ ਸਾਰੀਆਂ ਬਿਮਾਰੀਆਂ ਘੇਰ ਲੈਂਦੀਆਂ ਹਨ ਤੇ ਮਨੁੱਖ ਦੀ ਔਸਤਨ ਉਮਰ ਘਟ ਜਾਂਦੀ ਹੈ। ਉਨ੍ਹਾਂ ਕਿਹਾ ਕਿ ਤੰਬਾਕੂ ਨਾਲ ਮੂੰਹ, ਗਲਾ ਤੇ ਫ਼ੇਫੜਿਆਂ ਦਾ ਕੈਂਸਰ ਤੇ ਦੰਦਾਂ ਆਦਿ ਦੀਆਂ ਬਿਮਾਰੀਆਂ ਹੋਣ ਦਾ ਖ਼ਤਰਾ ਵਧੇਰੇ ਹੁੰਦਾ ਹੈ।

## ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬ ਦੇ ਅਹਿਮ ਮੁੱਦਿਆਂ ਨੂੰ ਲੈ ਕੇ ਰਾਜਪਾਲ ਦੇ ਨਾਂਅ ਸੌਂਪਿਆ ਮੰਗ ਪੱਤਰ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਨਾਲ ਸਬੰਧਤ ਬਹੁਤ ਹੀ ਜ਼ਰੂਰੀ ਅਤੇ ਸੰਵੇਦਨਸ਼ੀਲ ਮੁੱਦਿਆਂ ਬਾਰੇ ਪੰਜਾਬ ਦੇ ਰਾਜਪਾਲ ਦੇ ਨਾਂਅ ਯਾਦ ਪੱਤਰ ਸੌਂਪਿਆ ਗਿਆ ਹੈ। ਇਹ ਮੁੱਖ ਜ਼ਿਲ੍ਹਾ ਡਾ. ਮੁਖਤਿਆਰ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਜਸਬੀਰ ਸਿੰਘ ਭੁੱਲਰ ਸੀਨੀਅਰ ਮੀਤ ਪ੍ਰਧਾਨ ਫਿਰੋਜ਼ਪੁਰ, ਡਾ. ਮੋਹਨ ਸਿੰਘ ਕਾਲੜਾ ਜਥੇਬੰਦਕ ਸਕੱਤਰ ਫਿਰੋਜ਼ਪੁਰ, ਬਲਜਿੰਦਰ ਸਿੰਘ ਖ਼ਜ਼ਾਨਚੀ ਸਕੱਤਰ ਫਿਰੋਜ਼ਪੁਰ, ਜਸਪਾਲ ਸਿੰਘ ਆਈ.ਟੀ. ਮਾਹਲ ਜਨਰਲ ਸਕੱਤਰ ਫਿਰੋਜ਼ਪੁਰ, ਨਿਸ਼ਾਨ ਸਿੰਘ ਰੰਧਾਵਾ ਪ੍ਰਧਾਨ, ਯੂਥ ਅਕਾਲੀ ਦਲ (ਦਿੱਲੀ) ਦੀ ਅਗਵਾਈ ਵਿਚ ਮੰਗ ਪੱਤਰ ਡਿਪਟੀ ਕਮਿਸ਼ਨਰ (ਡੀ.ਸੀ.) ਰਾਹੀਂ ਭੇਜਿਆ ਗਿਆ ਹੈ, ਜਿਸ ਵਿਚ ਪਾਰਟੀ ਨੇ ਸਿੱਖ ਪੰਥ ਤੇ ਪੰਜਾਬ ਦੇ ਹਿੱਤਾਂ ਲਈ ਆਵਾਜ਼ ਬੁਲੰਦ ਕਰਦਿਆਂ ਕੇਂਦਰ ਅਤੇ ਰਾਜ ਸਰਕਾਰ ਕੋਲੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ ਹੈ।

ਜ਼ਿਲ੍ਹਾ ਡਾ. ਮੁਖਤਿਆਰ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਜਸਬੀਰ ਸਿੰਘ ਭੁੱਲਰ ਸੀਨੀਅਰ ਮੀਤ ਪ੍ਰਧਾਨ ਫਿਰੋਜ਼ਪੁਰ ਨੇ ਆਖਿਆ ਕਿ ਸਿੱਖ ਹਿੱਤਾਂ ਅਤੇ ਪੰਜਾਬ ਦੀ ਰਾਜਨੀਤਿਕ ਹੋਂਦ ਦੀ ਲੜਾਈ ਲਈ ਉਹ ਹਮੇਸ਼ਾ ਤਤਪਰ ਰਹੀ ਹੈ ਅਤੇ ਲੋਕਾਂ ਦੀਆਂ ਮੰਗਾਂ ਮੰਨਵਾਉਣ ਲਈ ਸਰਕਾਰ ਨੂੰ ਮਜ਼ਬੂਰ ਕਰੇਗੀ। ਇਸ ਯਾਦ ਪੱਤਰ ਵਿੱਚ ਮੁੱਖ ਤੌਰ 'ਤੇ ਦੋ ਵੱਡੀਆਂ ਮੰਗਾਂ ਨੂੰ ਹਨ। ਪਹਿਲੀ ਮੰਗ 'ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਾਨੂੰਨ 2026' ਵਿੱਚ ਸੋਧ ਕਰਾਉਣ ਸਬੰਧੀ ਹੈ। ਅਕਾਲੀ ਦਲ ਦਾ ਕਹਿਣਾ ਹੈ ਕਿ ਇਹ ਕਾਨੂੰਨ ਬਹੁਤ ਕਾਹਲੀ ਵਿੱਚ ਅਤੇ ਦੇਸ਼-ਵਿਦੇਸ਼ ਦੀਆਂ ਜ਼ਿੰਮੇਵਾਰ ਸਿੱਖ ਸੰਸਥਾਵਾਂ ਤੇ ਵਿਦਵਾਨਾਂ ਦੀ ਸਲਾਹ ਲਏ ਬਿਨਾਂ ਪਾਸ ਕੀਤਾ ਗਿਆ ਹੈ, ਜਿਸ ਕਾਰਨ ਇਸ ਵਿੱਚ ਭਾਰੀ ਤਰੁੱਟੀਆਂ ਰਹਿ ਗਈਆਂ ਹਨ। ਪਾਰਟੀ ਨੇ ਦੋਸ਼ ਲਾਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਨੇ ਵੀ ਇਸ ਮਾਮਲੇ ਵਿੱਚ ਆਪਣਾ ਬਣਦਾ ਰੋਲ ਨਹੀਂ ਨਿਭਾਇਆ। ਪਾਰਟੀ ਮੁਤਾਬਕ ਸਿੱਖ ਪੰਥ ਚਾਹੁੰਦਾ ਹੈ ਕਿ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਮਿਲਣ, ਪਰ ਮੌਜੂਦਾ ਕਾਨੂੰਨ ਨੇ ਸੇਵਾ-ਸੰਭਾਲ ਕਰਨ ਵਾਲਿਆਂ ਨੂੰ ਹੀ ਦੋਸ਼ੀਆਂ ਦੇ ਬਰਾਬਰ ਖੜ੍ਹਾ ਕਰ ਦਿੱਤਾ ਹੈ, ਜੋ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਦੂਜੀ ਵੱਡੀ ਮੰਗ ਜੂਨ 1984 ਦੇ ਘੱਲੂਘਾਰੇ (ਸ੍ਰੀ ਦਰਬਾਰ ਸਾਹਿਬ 'ਤੇ ਹੋਏ ਹਮਲੇ) ਦੀ ਨਿਰਪੱਖ ਜਾਂਚ ਸਬੰਧੀ ਹੈ।

ਮੰਗ ਪੱਤਰ ਵਿੱਚ ਕਿਹਾ ਗਿਆ ਹੈ ਕਿ ਤਤਕਾਲੀਨ ਕਾਂਗਰਸ ਸਰਕਾਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਤੋਪਾਂ-ਟੈਂਕਾਂ ਨਾਲ ਹਮਲਾ ਕਰਾ ਕੇ ਹਜ਼ਾਰਾਂ ਬੇਦੋਸ਼ੇ ਸਿੱਖਾਂ, ਬੀਬੀਆਂ ਅਤੇ ਬੱਚਿਆਂ ਨੂੰ ਸ਼ਹੀਦ ਕੀਤਾ ਗਿਆ ਸੀ। ਅਕਾਲੀ ਦਲ ਨੇ ਮੰਗ ਕੀਤੀ ਹੈ ਕਿ ਭਾਰਤ ਸਰਕਾਰ ਇਸ ਕਾਂਡ ਲਈ ਪਾਰਲੀਮੈਂਟ ਵਿਚ ਰਸਮੀ ਤੌਰ 'ਤੇ ਮਾਫ਼ੀ ਮੰਗੇ। ਇਸ ਦੇ ਨਾਲ ਹੀ ਤਤਕਾਲੀਨ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੂੰ ਇਸ ਕਾਂਡ ਦੀ ਮੁੱਖ ਜ਼ਿੰਮੇਵਾਰ ਮੰਨਦਿਆਂ ਉਨ੍ਹਾਂ ਨੂੰ ਦਿੱਤਾ ਗਿਆ 'ਭਾਰਤ ਰਤਨ' ਐਵਾਰਡ ਵਾਪਸ ਲਿਆ ਜਾਵੇ ਅਤੇ ਦਿੱਲੀ ਦੇ ਇੰਦਰਾ ਗਾਂਧੀ ਇੰਟਰਨੈਸ਼ਨਲ ਏਅਰਪੋਰਟ ਦਾ ਨਾਂਅ ਬਦਲ ਕੇ 'ਸ੍ਰੀ ਗੁਰੂ ਤੇਗ ਬਹਾਦਰ ਜੀ' ਦੇ ਨਾਂਅ 'ਤੇ ਰੱਖਿਆ ਜਾਵੇ।

## ਪੰਜਾਬ ਦੇ ਲੋਕਾਂ ਦਾ ਭਰੋਸਾ ਕਾਂਗਰਸ ਪਾਰਟੀ 'ਤੇ ਕਾਇਮ : ਭੋਲਾ ਸਮਾਧ ਭਾਈ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕਾਂਗਰਸ ਪਾਰਟੀ ਦੇ ਹਲਕਾ ਬਾਘਾ ਪੁਰਾਣਾ ਦੇ ਮੁੱਖ ਸੇਵਾਦਾਰ ਭੋਲਾ ਬਰਾੜ ਸਮਾਧ ਭਾਈ ਨੇ ਕਿਹਾ ਹੈ ਕਿ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣੇਗੀ ਅਤੇ ਹਲਕਾ ਬਾਘਾ ਪੁਰਾਣਾ ਵਿੱਚ ਵੀ ਕਾਂਗਰਸ ਪਾਰਟੀ ਵੱਡੀ ਜਿੱਤ ਦਰਜ ਕਰੇਗੀ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੀ ਭਲਾਈ ਲਈ ਕੰਮ ਕਰਦੀ ਆਈ ਹੈ ਅਤੇ ਪੰਜਾਬ ਦੇ ਲੋਕਾਂ ਦਾ ਭਰੋਸਾ ਵੀ ਕਾਂਗਰਸ ਪਾਰਟੀ 'ਤੇ ਕਾਇਮ ਹੈ।ਭੋਲਾ ਬਰਾੜ ਨੇ ਦਾਅਵਾ ਕੀਤਾ ਕਿ ਮੌਜੂਦਾ ਸਮੇਂ ਵਿੱਚ ਲੋਕ ਵੱਖ-ਵੱਖ ਮੁੱਦਿਆਂ ਨਾਲ ਜੂਝ ਰਹੇ ਹਨ ਅਤੇ ਉਹਨਾਂ ਨੂੰ ਇਕ ਮਜ਼ਬੂਤ ਅਤੇ ਤਜਰਬੇਕਾਰ ਸਰਕਾਰ ਦੀ ਲੋੜ ਹੈ, ਜੋ ਸਿਰਫ ਕਾਂਗਰਸ ਪਾਰਟੀ ਹੀ ਦੇ ਸਕਦੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਦੇ ਦੌਰਾਨ ਹੀ ਪੰਜਾਬ ਵਿੱਚ ਵਿਕਾਸ ਦੇ ਵੱਡੇ ਕੰਮ ਹੋਏ ਸਨ ਅਤੇ ਲੋਕਾਂ ਨੂੰ ਵੱਖ-ਵੱਖ ਖੇਤਰਾਂ ਵਿੱਚ ਸੁਵਿਧਾਵਾਂ ਪ੍ਰਾਪਤ ਹੋਈਆਂ ਸਨ।ਇਸ ਦੇ ਉਲਟ, ਮੌਜੂਦਾ ਹਾਲਾਤਾਂ ਵਿੱਚ ਲੋਕ ਨਿਰਾਸ਼ ਹਨ ਅਤੇ ਉਹ ਮੁੜ ਕਾਂਗਰਸ ਪਾਰਟੀ ਵੱਲ ਉਮੀਦਾਂ ਨਾਲ ਦੇਖ ਰਹੇ ਹਨ।ਭੋਲਾ ਬਰਾੜ ਸਮਾਧ ਭਾਈ ਨੇ ਕਿਹਾ ਕਿ ਹਲਕਾ ਬਾਘਾ ਪੁਰਾਣਾ ਵਿੱਚ ਪਾਰਟੀ ਵਰਕਰ ਪੂਰੀ ਤਰ੍ਹਾਂ ਸਰਗਰਮ ਹਨ ਅਤੇ ਘਰ-ਘਰ ਜਾ ਕੇ ਲੋਕਾਂ ਨੂੰ ਕਾਂਗਰਸ ਦੀਆਂ ਨੀਤੀਆਂ ਅਤੇ ਉਪਲਬਧੀਆਂ ਬਾਰੇ ਜਾਣੂ ਕਰਵਾ ਰਹੇ ਹਨ।ਉਨ੍ਹਾਂ ਨੇ ਇਹ ਵੀ ਕਿਹਾ ਕਿ ਕਾਂਗਰਸ ਪਾਰਟੀ ਹੀ ਉਹ ਪਾਰਟੀ ਹੈ ਜੋ ਹਰ ਵਰਗ ਦੇ ਲੋਕਾਂ ਦੇ ਹਿੱਤਾਂ ਦੀ ਰੱਖਿਆ ਕਰਦੀ ਹੈ ਅਤੇ ਸਮਾਜ ਦੇ ਹਰ ਹਿੱਸੇ ਨੂੰ ਨਾਲ ਲੈ ਕੇ ਚਲਦੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਸਰਕਾਰ ਬਣਨ ਨਾਲ ਪੰਜਾਬ ਦੇ ਨੌਜਵਾਨਾਂ, ਕਿਸਾਨਾਂ ਅਤੇ ਵਪਾਰੀਆਂ ਨੂੰ ਵੱਡਾ ਫਾਇਦਾ ਹੋਵੇਗਾ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਹੋਰ ਮਜ਼ਬੂਤੀ ਨਾਲ ਮੈਦਾਨ ਵਿੱਚ ਉਤਰੇਗੀ ਅਤੇ ਲੋਕਾਂ ਦੇ ਸਹਿਯੋਗ ਨਾਲ ਸਰਕਾਰ ਬਣਾਉਣ ਵਿੱਚ ਕਾਮਯਾਬ ਰਹੇਗੀ।

## ਮੈਗਾ ਪੀ ਟੀ ਐਮ ਤੇ ਮਾਪਿਆਂ ਦੀ ਵਰਕਸ਼ਾਪ 2026-27 ਦਾ ਆਯੋਜਨ



**ਮੱਖੂ (ਰਛਪਾਲ ਸਿੰਘ ਸੰਧੂ)**-ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਬਹਿਕ ਗੁੱਜਰਾਂ ਵਿਖੇ ਸਿੱਖਿਆ ਦਾ ਮਹਾਂ ਜਸ਼ਨ-ਮੈਗਾ ਪੀ.ਟੀ.ਐਮ. ਅਤੇ ਮਾਪਿਆਂ ਦੀ ਵਰਕਸ਼ਾਪ 2026-27 ਦਾ ਆਯੋਜਨ ਬੜੇ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਕੀਤਾ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਸਕੂਲ ਦੇ ਪ੍ਰਿੰਸੀਪਲ ਸੁਖਵਿੰਦਰ ਸਿੰਘ ਨੇ ਕੀਤੀ, ਜਦਕਿ ਮੁੱਖ ਮਹਿਮਾਨ ਵਜੋਂ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਚਮਕੌਰ ਸਿੰਘ ਸਰਾਂ ਨੇ ਸ਼ਿਰਕਤ ਕੀਤੀ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਮਾਪਿਆਂ, ਵਿਦਿਆਰਥੀਆਂ ਅਤੇ ਪਿੰਡ ਵਾਸੀਆਂ ਨੇ ਭਾਗ ਲਿਆ।ਇਸ ਮੌਕੇ ਪ੍ਰਿੰਸੀਪਲ ਸੁਖਵਿੰਦਰ ਸਿੰਘ ਨੇ ਸਕੂਲ ਦੀਆਂ ਵਿਸ਼ੇਸ਼ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਸਕੂਲ ਦੇ ਸਾਰੇ ਕਲਾਸਰੂਮਾਂ ਵਿੱਚ ਇੰਟਰਐਕਟਿਵ ਪੈਨਲ ਲਗਾਏ ਗਏ ਹਨ, ਜਿਸ ਨਾਲ ਪੜ੍ਹਾਈ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਰੁਚਿਕਰ ਬਣਾਇਆ ਗਿਆ ਹੈ।ਉਨ੍ਹਾਂ ਨੇ ਸਕੂਲ ਦੇ ਵਿਦਿਆਰਥੀਆਂ ਦੀਆਂ ਖੇਡਾਂ ਤੇ ਪੜ੍ਹਾਈ ਦੇ ਖੇਤਰ ਵਿੱਚ ਮਾਰੀਆਂ ਮੱਲਾਂ ਆਏ ਹੋਏ ਮਹਿਮਾਨਾਂ ਤੇ ਮਾਪਿਆਂ ਨਾਲ ਸਾਂਝੀਆਂ ਕੀਤੀਆਂ।ਇਸ ਮੌਕੇ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਪਹਿਲਾ , ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਸੁਖਵਿੰਦਰ ਸਿੰਘ ਅਤੇ ਮੁੱਖ ਮਹਿਮਾਨ ਚਮਕੌਰ ਸਿੰਘ ਸਰਾਂ ਵੱਲੋਂ ਸਨਮਾਨਤ ਕੀਤਾ ਗਿਆ।ਮੁੱਖ ਮਹਿਮਾਨ ਚਮਕੌਰ ਸਿੰਘ ਸਰਾਂ ਨੇ ਵਿਦਿਆਰਥੀਆਂ ਨੂੰ ਮਿਹਨਤ, ਅਨੁਸ਼ਾਸਨ ਅਤੇ ਉੱਚੇ ਟੀਚੇ ਨਿਰਧਾਰਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਮੈਡਮ ਅਰਚਨਾ (ਲੈਕਚਰਾਰ ਰਾਜਨੀਤੀ ਸ਼ਾਸਤਰ), ਗੁਰਪ੍ਰੀਤ ਸਿੰਘ (ਲੈਕਚਰਾਰ ਪੰਜਾਬੀ), ਰਾਜਿੰਦਰ ਕੁਮਾਰ (ਲੈਕਚਰਾਰ ਕਾਮਰਸ), ਰਾਜੇਸ਼ ਪੁਰੀ, ਗੁਲਸ਼ਨ ਕੁਮਾਰ (ਕੰਪਿਊਟਰ ਫੈਕਲਟੀ) ਕਰਮਜੀਤ ਕੌਰ, ਸ਼੍ਰੀਮਤੀ ਰਵਜੀਤ ਕੌਰ, ਗੁਰਪ੍ਰੀਤ ਕੌਰ, ਰਾਜ ਰਾਣੀ, ਲਵਪ੍ਰੀਤ ਸ਼ਰਮਾ, ਰਾਜਦੀਪ ਕੌਰ, ਨਵਨੀਤ ਕੌਰ, ਪੂਨਮ ਦੇਵੀ, ਅਵਨੀਤ ਕੌਰ, ਸੁਨੀਤਾ ਰਾਣੀ, ਅਮਨਪ੍ਰੀਤ ਕੌਰ, ਅਮਨਦੀਪ ਕੌਰ, ਹਰਪ੍ਰੀਤ ਸਿੰਘ, ਵਰਿੰਦਰ ਸਿੰਘ, ਲਖਵੀਰ ਕੌਰ ਅਤੇ ਰਵਿੰਦਰ ਕੌਰ ਸਮੇਤ ਸਮੂਹ ਅਧਿਆਪਕ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਪ੍ਰਿੰਸੀਪਲ ਸੁਖਵਿੰਦਰ ਸਿੰਘ ਨੇ ਸਾਰੇ ਮਾਪਿਆਂ, ਮਹਿਮਾਨਾਂ ਅਤੇ ਸਟਾਫ਼ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ।

## ਸਫਾ 1 ਦੇ ਬਾਕੀ...

### 'ਕਾਕਰੋਚਾਂ' ਨੂੰ 6...

ਦੇ ਬਹੁਤ ਸਾਰੀਆਂ ਗਲਤੀਆਂ ਕਰ ਸਕਦਾ ਹੈ, ਜਿਸ ਦਾ ਖਮਿਆਜ਼ਾ ਵਿਦਿਆਰਥੀਆਂ ਨੂੰ ਭੁਗਤਣਾ ਪਵੇਗਾ। ਉਸ ਨੇ ਕਿਹਾ, 'ਇਹ ਕਿੰਨਾ ਚਿਰ ਚੱਲੇਗਾ ? ਇਸੇ ਲਈ ਸਮਾਂ ਆ ਗਿਆ ਹੈ। ਸਾਨੂੰ ਸਾਰਿਆਂ ਨੂੰ ਇਕੱਠੇ ਹੋਣਾ ਪਵੇਗਾ ਅਤੇ ਭਾਰਤ ਦੇ ਸੰਵਿਧਾਨ ਦੇ ਰਸਤੇ 'ਤੇ ਚੱਲਣਾ ਪਵੇਗਾ ਅਤੇ ਸ਼ਾਂਤੀਪੂਰਵਕ ਆਪਣੀ ਆਵਾਜ਼ ਬੁਲੰਦ ਕਰਨੀ ਪਵੇਗੀ ਅਤੇ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਕਰਨੀ ਪਵੇਗੀ। ਜੇ ਅਸੀਂ ਸਾਰੇ ਇਕੱਠੇ ਹੋ ਕੇ ਆਪਣੀ ਆਵਾਜ਼ ਬੁਲੰਦ ਕਰਦੇ ਹਾਂ ਤਾਂ ਮੰਤਰੀ ਨੂੰ ਸਾਡੀ ਗੱਲ ਸੁਣਨੀ ਪਵੇਗੀ।' ਕਾਕਰੋਚ ਜਨਤਾ ਪਾਰਟੀ ਦੀ ਸਿੱਖਿਆ ਮੰਤਰੀ ਨੂੰ ਬਰਖਾਸਤ ਕਰਨ ਦੀ ਪਟੀਸ਼ਨ 'ਤੇ 7,94,518 ਲੋਕਾਂ ਨੇ ਦਸਤਖਤ ਕੀਤੇ ਹਨ। ਪਟੀਸ਼ਨ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਸਿੱਖਿਆ ਪ੍ਰਣਾਲੀ ਨਾਲ ਸਮਝੌਤਾ ਕੀਤਾ ਗਿਆ ਹੈ। ਪਟੀਸ਼ਨ ਵਿੱਚ ਲਿਖਿਆ ਗਿਆ ਹੈ, 'ਖੁਦਕੁਸ਼ੀ ਨਾਲ ਮਰਨ ਵਾਲੇ ਵਿਦਿਆਰਥੀਆਂ ਦੇ ਦੁਖਦਾਈ ਨੁਕਸਾਨ ਤੋਂ ਲੈ ਕੇ ਇੱਕ ਦਹਾਕੇ ਦੇ ਪੇਪਰ ਲੀਕ ਕਾਰਨ ਟੁੱਟੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਤੇ ਇਸ ਅਸਫਲਤਾ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਇਸ ਦੇ ਨਤੀਜੇ ਜ਼ਰੂਰ ਭੁਗਤਣੇ ਪੈਣਗੇ। ਸਿੱਖਿਆ ਮੰਤਰੀ ਨੂੰ ਤੁਰੰਤ ਹਟਾਉਣ ਦੀ ਮੰਗ ਕਰਨ ਲਈ ਪਟੀਸ਼ਨ 'ਤੇ ਦਸਤਖਤ ਕਰੋ।' ਉਸਨੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਪ੍ਰੀਖਿਆਵਾਂ ਨਾਲ ਜੁੜੇ ਹਾਲੀਆ ਵਿਵਾਦਾਂ ਅਤੇ ਪੇਪਰ ਲੀਕ ਵਰਗੀਆਂ ਘਟਨਾਵਾਂ ਨੇ ਦੇਸ਼ ਦੇ ਲੱਖਾਂ ਹੋਣਹਾਰ ਵਿਦਿਆਰਥੀਆਂ ਨੂੰ ਗਹਿਰੀ ਚਿੰਤਾ ਅਤੇ ਮਾਨਸਿਕ ਪਰੇਸ਼ਾਨੀ ਵਿੱਚ ਪਾ ਦਿੱਤਾ ਹੈ, ਜਿਸ ਲਈ ਸਰਕਾਰ ਦੀ ਜਵਾਬਦੇਹੀ ਤੈਅ ਹੋਣੀ ਬੇਹੱਦ ਜ਼ਰੂਰੀ ਹੈ। ਜ਼ਿਕਰਯੋਗ ਹੈ ਕਿ ਅਭਿਜੀਤ ਦੀਪਕੇ ਵੱਲੋਂ ਸ਼ੁਰੂ ਕੀਤੀ ਗਈ 'ਕਾਕਰੋਚ ਜਨਤਾ ਪਾਰਟੀ' ਨੌਜਵਾਨਾਂ ਦੀ ਅਗਵਾਈ ਵਾਲੀ ਇੱਕ ਵੱਡੀ ਸੋਸ਼ਲ ਮੀਡੀਆ ਮੁਹਿੰਮ ਹੈ, ਜਿਸ ਨੇ ਬਹੁਤ ਘੱਟ ਸਮੇਂ ਵਿੱਚ ਵੱਡੀ ਮਕਬੂਲੀਅਤ ਹਾਸਲ ਕੀਤੀ ਹੈ ਅਤੇ ਦੇਸ਼ ਦੀਆਂ ਕਈ ਨਾਮਵਰ ਹਸਤੀਆਂ ਵੀ ਇਸ ਮੁਹਿੰਮ ਨਾਲ ਜੁੜੀਆਂ ਹੋਈਆਂ ਹਨ।

### ਕੈਬਨਿਟ ਵੱਲੋਂ ਚੋਣ...

ਸਾਲ ਤੋਂ ਘਟਾ ਕੇ 12 ਸਾਲ ਕਰਨ ਲਈ ਚੋਣ ਵਿਭਾਗ ਦੇ ਸੇਵਾ ਨਿਯਮਾਂ ਵਿੱਚ ਸੋਧ ਨੂੰ ਪ੍ਰਵਾਨਗੀ ਦੇ ਦਿੱਤੀ ਹੈ।ਇਹ ਸੋਧ ਵਿਭਾਗ ਵਿੱਚ ਚੋਣ ਤਹਿਸੀਲਦਾਰ ਦੀਆਂ 7 ਖਾਲੀ ਅਸਾਮੀਆਂ ਹੋਣ ਕਾਰਨ ਜ਼ਰੂਰੀ ਹੋ ਗਈ ਸੀ। ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਸੁਧਾਈ ਅਤੇ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਚੋਣਾਂ ਨਾਲ ਸੰਬੰਧਤ ਕੰਮਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਚੋਣ ਤਹਿਸੀਲਦਾਰਾਂ ਦੀਆਂ ਸੇਵਾਵਾਂ ਦੀ ਤੁਰੰਤ ਲੋੜ ਹੈ।ਮੌਜੂਦਾ ਨਿਯਮਾਂ ਤਹਿਤ 15 ਸਾਲਾਂ ਦੇ ਤਜਰਬੇ ਦੀ ਲੋੜ ਹੁੰਦੀ ਹੈ ਅਤੇ ਇਸ ਵੇਲੇ ਸੇਵਾ ਨਿਭਾਅ ਰਹੇ ਚੋਣ ਕਾਨੂੰਗੋਆਂ ਵਿੱਚੋਂ ਕੋਈ ਵੀ ਤਰੱਕੀ ਲਈ ਯੋਗ ਨਹੀਂ ਹੈ। ਵਿਭਾਗ ਨੇ ਲੋੜੀਂਦੇ ਤਜਰਬੇ ਨੂੰ ਘਟਾ ਕੇ 12 ਸਾਲ ਕਰਨ ਦੀ ਤਜਵੀਜ਼ ਰੱਖੀ ਸੀ ਤਾਂ ਜੋ ਯੋਗ ਚੋਣ ਕਾਨੂੰਗੋਆਂ ਨੂੰ ਆਉਣ ਵਾਲੇ ਸਮੇਂ ਵਿੱਚ ਪਦ-ਉੱਨਤ ਕੀਤਾ ਜਾ ਸਕੇ ਅਤੇ ਚੋਣ ਮਸ਼ੀਨਰੀ ਨੂੰ ਮਜ਼ਬੂਤ ਕਰਨ ਲਈ ਖਾਲੀ ਪਈਆਂ ਅਸਾਮੀਆਂ ਨੂੰ ਭਰਿਆ ਜਾ ਸਕੇ।

### ਸਤਿੰਦਰ ਸਿੰਘ ਜਲੰਧਰ...

ਪ੍ਰਦੀਪ ਕੁਮਾਰ ਯਾਦਵ ਕੋਲ ਪਹਿਲਾਂ ਆਈ ਜੀ ਪੀ ਟੈਕਨੀਕਲ ਸਰਵਿਸਿਜ਼ ਦੇ ਨਾਲ-ਨਾਲ ਨਵੀਂ ਦਿੱਲੀ ਸਥਿਤ ਪੰਜਾਬ ਭਵਨ ਦੇ ਰੈਜ਼ੀਡੈਂਟ ਕਮਿਸ਼ਨਰ ਦਾ ਵਾਧੂ ਚਾਰਜ ਵੀ ਸੀ, ਪਰ ਹੁਣ ਉਨ੍ਹਾ ਨੂੰ ਸਿਰਫ ਆਈ ਜੀ ਪੀ ਟੈਕਨੀਕਲ ਸਰਵਿਸਿਜ਼ ਪੰਜਾਬ ਲਗਾਇਆ ਗਿਆ ਹੈ। ਵਿਵੇਕ ਸ਼ੀਲ ਸੋਨੀ ਡੀ ਆਈ ਜੀ ਬਾਰਡਰ ਰੇਂਜ ਅੰਮ੍ਰਿਤਸਰ ਦਾ ਕੰਮਕਾਜ ਦੇਖਣਗੇ। ਸੁਰਿੰਦਰਜੀਤ ਸਿੰਘ ਮੰਡ ਡੀ ਆਈ ਜੀ ਜੇਲ੍ਹਾਂ ਪੰਜਾਬ ਬਣ ਗਏ ਹਨ। ਕੰਵਲਦੀਪ ਸਿੰਘ ਨੂੰ ਡੀ ਆਈ ਜੀ ਲਾਅ ਐਂਡ ਆਰਡਰ ਪੰਜਾਬ ਦਾ ਚਾਰਜ ਦਿੱਤਾ ਗਿਆ ਹੈ। ਸੰਦੀਪ ਕੁਮਾਰ ਸ਼ਰਮਾ ਨੂੰ ਡੀ ਆਈ ਜੀ ਪੀ ਏ ਪੀ-ਟੂ ਜਲੰਧਰ ਬਣਾਇਆ ਗਿਆ ਹੈ। ਸੰਦੀਪ ਗੋਇਲ ਨੂੰ ਡੀ ਆਈ ਜੀ ਲੁਧਿਆਣਾ ਰੇਂਜ ਲਗਾਇਆ ਗਿਆ ਹੈ।

## ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਦਾ ਧਰਨਾ ਜਾਰੀ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਇਕਾਈ ਜ਼ਿਲ੍ਹਾ ਮਾਲੇਰਕੋਟਲਾ ਵੱਲੋਂ 26 ਮਈ ਤੋਂ ਆਪਣੀਆਂ ਤਨਖਾਹਾਂ ਵਿੱਚ ਵਾਧਾ ਕਰਾਉਣ, ਬਰਾਬਰ ਕੰਮ ਬਰਾਬਰ ਤਨਖਾਹ ਲਾਗੂ ਕਰਨ ਤੇ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਨੂੰ ਸਰਕਾਰ ਅਧੀਨ ਕਰਕੇ ਪੱਕਾ ਕਰਨ ਸਬੰਧੀ ਆਦਿ ਮੰਗਾਂ ਪੂਰੀਆਂ ਕਰਾਉਣ ਲਈ ਲਗਾਤਾਰ ਹਰ ਰੋਜ਼ ਧਰਨਾ ਦਿੱਤਾ ਜਾ ਰਿਹਾ ਹੈ।ਇਹ ਧਰਨੇ ਸਾਰੇ ਪੰਜਾਬ ਸਾਰੇ ਸੇਵਾ ਕੇਂਦਰਾਂ ਮੁਲਾਜ਼ਮਾਂ ਨੇ ਸਘੰਰਸ਼ ਸ਼ੁਰੂ ਕੀਤਾ ਹੋਇਆ ਹੈ।ਕਾ. ਭਰਪੂਰ ਸਿੰਘ ਬੁੱਲਾਪੁਰ ਜਨਰਲ ਸਕੱਤਰ ਜ਼ਿਲ੍ਹਾ ਏਟਕ ਮਾਲੇਰਕੋਟਲਾ ਤੇ ਸੰਗਰੂਰ, ਮਹੁੰਮਦ ਖ਼ਲੀਲ ਸਹਾਇਕ ਸਕੱਤਰ ਜ਼ਿਲ੍ਹਾ ਏਟਕ ਮਾਲੇਰਕੋਟਲਾ, ਗੁਰਜੰਟ ਸਿੰਘ ਪੀ ਐੱਸ ਈ ਬੀ ਪੈਨਸ਼ਨ ਯੂਨੀਅਨ ਪੰਜਾਬ, ਨਰਿੰਦਰ ਕੁਮਾਰ ਪ੍ਰਧਾਨ ਪੀ ਐੱਸ ਈ ਬੀ ਇੰਪਲਾਈਜ ਫੈਡਰੇਸ਼ਨ ਏਟਕ ਡਵੀਜ਼ਨ ਮਾਲੇਰਕੋਟਲਾ, ਜਗਦੇਵ ਸਿੰਘ, ਕੁਲਵੰਤ ਸਿੰਘ ਤੇ ਜੀਤ ਸਿੰਘ ਬਿੰਜੋਕੀ ਕਲਾਂ ਆਦਿ ਆਗੂਆਂ ਨੇ ਧਰਨੇ ਸੰਬੋਧਨ ਕਰਦਿਆਂ ਕਿਹਾ ਕਿ ਇਹਨਾਂ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਨੂੰ 2016 ਤੋਂ ਲਗਾਤਾਰ 10 ਹਜ਼ਾਰ ਪ੍ਰਤੀ ਮਹੀਨਾ ਦਿੱਤਾ ਜਾ ਰਿਹਾ ਹੈ।ਇਸ ਤਰ੍ਹਾਂ ਮੁਲਾਜ਼ਮਾਂ ਦੀ ਲੁੱਟ ਕੀਤੀ ਜਾਂਦੀ ਹੈ, ਜਦੋਂਕਿ ਹੁਣ ਘੱਟੋ ਘੱਟ ਉਜਰਤ 13555 ਰੁਪਏ ਹੈ।ਇਹ ਸਕਿੱਲਡ ਮੁਲਾਜ਼ਮ ਹਨ।ਸਕਿਲਡ ਮੁਲਾਜ਼ਮ ਦੀ 22-23 ਹਜ਼ਾਰ ਰੁਪਏ ਮਹੀਨਾ ਹੈ। ਮਜ਼ਦੂਰਾਂ ਦੀ ਘੱਟੋ ਘੱਟ ਉਜਰਤ ਸਬੰਧੀ ਪਿਛਲੇ 14 ਸਾਲਾਂ ਤੋਂ ਤਨਖਾਹਾਂ ਵਿੱਚ ਵਾਧਾ ਨਹੀਂ ਕੀਤਾ ਗਿਆ, ਜਦੋਂ ਕਿ ਪੰਜ ਸਾਲ ਬਾਅਦ ਕਮਿਸ਼ਨ ਤਨਖਾਹਾਂ ਵਿੱਚ ਵਾਧਾ ਕਰਨਾ ਹੁੰਦਾ ਹੈ।ਹੁਣ ਪੰਜਾਬ ਸਰਕਾਰ ਨੇ 1 ਮਈ 2026 ਨੂੰ ਮਈ ਦਿਵਸ ਸਪੈਸ਼ਲ ਐਸੰਬਲੀ ਅਜਲਾਸ ਬਲਾ ਕੇ ਮਜ਼ਦੂਰਾਂ ਦੀਆਂ ਤਨਖਾਹਾਂ ਵਿੱਚ ਸਿਰਫ 15 ਫ਼ੀਸਦੀ ਵਾਧਾ ਕਰ ਦਿੱਤਾ ਹੈ।ਲੇਬਰ ਮੰਤਰੀ ਨੇ 1 ਮਈ 2026 ਨੂੰ ਕੇਂਦਰੀ ਟਰੇਡ ਯੂਨੀਅਨਾਂ ਨਾਲ ਸਵੇਰੇ 9 ਵਜੇ ਮੀਟਿੰਗ ਕੀਤੀ ਸੀ।ਟਰੇਡ ਯੂਨੀਅਨ ਆਗੂਆਂ ਨੇ ਲੇਬਰ ਮੰਤਰੀ ਤੋਂ ਘੱਟੋ ਘੱਟ ਉਜਰਤ 26000/ਰੁਪਏ ਮਹੀਨਾ ਕਰਨ ਦੀ ਮੰਗ ਕੀਤੀ ਸੀ, ਪ੍ਰੰਤੂ ਪੰਜਾਬ ਸਰਕਾਰ ਨੇ 15/ ਵਾਧਾ ਕੀਤਾ ਹੈ, ਜਿਸ ਨਾਲ ਮਜ਼ਦੂਰਾਂ ਦੀ ਤਨਖਾਹ 13555/ਰੁਪਏ ਬਣਦੀ ਹੈ। ਯੂਨੀਅਨ ਦੀ ਮੰਗ ਹੈ ਕਿ ਇਹਨਾਂ ਮੁਲਾਜ਼ਮਾਂ ਦੀ ਤਨਖਾਹ 35 ਹਜ਼ਾਰ ਪ੍ਰਤੀ ਮਹੀਨਾ ਕੀਤੀ ਜਾਵੇ। ਕੰਪਨੀ ਨੇ ਮੁਲਾਜ਼ਮਾਂ ਨੂੰ ਡਰਾਉਣ ਧਮਕਾਉਣ ਲਈ ਪੰਜਾਬ ਵਿੱਚ 400 ਮੁਲਾਜ਼ਮਾਂ ਨੂੰ ਛਾਂਟੀ ਕਰ ਦਿੱਤਾ ਹੈ, ਜੋ ਮੁਲਾਜ਼ਮਾਂ ਦੇ ਸਘੰਰਸ਼ ਨੂੰ ਦਬਾਉਣ ਲਈ ਕੀਤਾ ਜਾ ਰਿਹਾ ਹੈ।ਸੇਵਾ ਕੇਂਦਰਾਂ ਰਾਹੀਂ ਕੰਪਨੀ ਲੱਖਾ ਕਰੋੜਾਂ ਕਮਾ ਰਹੀ ਹੈ।ਕੰਪਨੀ ਮੁਲਾਜ਼ਮਾਂ ਦਾ ਸੋਸ਼ਣ ਕਰ ਰਹੀ ਹੈ।ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਦੇ ਪ੍ਰਧਾਨ ਕੁਲਵਿੰਦਰ ਸਿੰਘ, ਪਰਮਿੰਦਰ ਸਿੰਘ, ਹਰਪ੍ਰੀਤ ਸਿੰਘ ਤੇ ਮਹੁੰਮਦ ਸੁਰਾਜ ਸਾਰੇ ਆਗੂ ਮਾਲੇਰਕੋਟਲਾ ਆਦਿ ਨੇ ਮੰਗ ਕੀਤੀ ਹੈ ਕਿ ਸਾਡੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ। ਜੇਕਰ ਮੰਗਾਂ ਪੂਰੀਆਂ ਨਹੀਂ ਕੀਤੀਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਸੇਵਾ ਕੇਂਦਰ ਦੀ ਠੇਕਾ ਕੰਪਨੀ ਮੁਲਾਜ਼ਮਾਂ ਨੂੰ ਗੁੰਮਰਾਹ ਕਰਨ ਲਈ 3 ਜੂਨ ਨੂੰ ਰੁਜ਼ਗਾਰ ਮੇਲਾ ਰੱਖਿਆ ਗਿਆ ਹੈ, ਜੋ ਸੰਘਰਸ਼ ਕਰਦੇ ਮੁਲਾਜ਼ਮਾਂ ਨੂੰ ਡਰਾਉਣ ਲਈ ਕੀਤਾ ਗਿਆ ਹੈ।

## ਨਾਬਾਲਗ ਨੂੰ ਵਿਆਹ ਦਾ ਝਾਂਸਾ ਦੇਣ ਵਾਲੇ ਨੌਜਵਾਨ ਖਿਲਾਫ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਮਦੋਟ ਵਿਖੇ ਇਕ ਨਾਬਾਲਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ ਵਿਚ ਥਾਣਾ ਮਮਦੋਟ ਪੁਲਸ ਨੇ ਇਕ ਨੌਜਵਾਨ ਖਿਲਾਫ 137 (2), 96 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਨਾਬਾਲਿਗ ਲੜਕੀ ਦੇ ਪਿਤਾ ਨੇ ਦੱਸਿਆ ਕਿ ਉਹ ਭੱਠੇ 'ਤੇ ਕੰਮ ਕਰਦਾ ਹੈ ਤੇ ਉਹ ਆਪਣੇ ਪਰਿਵਾਰ ਨਾਲ ਉਥੇ ਹੀ ਰਹਿੰਦਾ ਹੈ। ਨਾਬਾਲਗ ਲੜਕੀ ਦੇ ਪਿਤਾ ਨੇ ਦੱਸਿਆ ਕਿ ਉਹ ਅਤੇ ਉਸ ਦਾ ਸਾਰਾ ਪਰਿਵਾਰ ਰਾਤ ਨੂੰ ਸੌਂ ਗਿਆ ਸੀ ਤੇ ਸਵੇਰੇ 5 ਵਜੇ ਉੱਠੇ ਤਾਂ ਉਸ ਦੀ ਨਾਬਾਲਿਗ ਲੜਕੀ ਉਮਰ 14 ਸਾਲ ਘਰ ਵਿੱਚ ਨਹੀਂ ਸੀ, ਜਿਸ ਦੀ ਆਸ ਪਾਸ ਕਾਫੀ ਭਾਲ ਕੀਤੀ, ਪਰ ਉਸ ਦਾ ਕੋਈ ਸੁਰਾਗ ਨਹੀਂ ਲੱਗਿਆ। ਨਾਬਾਲਗ ਲੜਕੀ ਦੇ ਪਿਤਾ ਨੇ ਦੱਸਿਆ ਕਿ ਬਾਅਦ ਵਿਚ ਉਨ੍ਹਾਂ ਨੂੰ ਪਤਾ ਲੱਗਾ ਹੈ ਕਿ ਭੱਠੇ 'ਤੇ ਹੀ ਕੰਮ ਕਰਦਾ ਲੜਕਾ ਗੁਰਪ੍ਰਤਾਪ ਸਿੰਘ ਉਰਫ ਗੋਰਾ ਉਸ ਨੂੰ ਵਿਆਹ ਦਾ ਝਾਂਸਾ ਦੇ ਕੇ ਲੈ ਗਿਆ ਹੈ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਨੌਜਵਾਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਅਰੋੜ ਵੰਸ਼ ਸਭਾ ਨੇ ਅਰੂਟ ਮਹਾਰਾਜ ਦਾ ਜਨਮ ਦਿਹਾੜਾ ਮਨਾਇਆ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਅਰੋੜ ਵੰਸ਼ ਸਭਾ ਵਲੋਂ ਅਰੂਟ ਮਹਾਰਾਜ ਜੀ ਦਾ ਜਨਮ ਦਿਹਾੜਾ ਮੁੱਦਕੀ ਰੋਡ 'ਤੇ ਗਊਸ਼ਾਲਾ ਦੇ ਨਜ਼ਦੀਕ ਬੜੀ ਸ਼ਰਧਾ ਅਤੇ ਧੂਮ ਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਅਰੋੜਾ ਬਰਾਦਰੀ ਅਤੇ ਹੋਰਨਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।ਅਰੋੜਾ ਵੰਸ਼ ਸਭਾ ਦੇ ਸੀਨੀਅਰ ਆਗੂ ਕਿਸ਼ਨ ਲਾਲ ਲੂਥਰਾ ਵੱਲੋਂ ਜੋਤੀ ਪ੍ਰਚੰਡ ਕੀਤੀ ਗਈ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ।ਸਮਾਗਮ 'ਚ ਥਾਣਾ ਮੁਖੀ ਇੰਸਪੈਕਟਰ ਜਨਕ ਰਾਜ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਕਿਸ਼ਨ ਲਾਲ ਲੂਥਰਾ, ਵਿਨੋਦ ਗੁੰਬਰ, ਸੁਨੀਲ ਕੁਮਾਰ ਪੰਪੀ ਠੁਕਰਾਲ ਨੇ ਦੱਸਿਆ ਕਿ ਅਰੋੜਾ ਭਾਈਚਾਰੇ ਦੇ ਮੁੱਢਲੇ ਇਤਿਹਾਸ ਅਨੁਸਾਰ, ਅਰੂਟ ਮਹਾਰਾਜ ਦੀ ਸੰਤਾਨ ਤੇ ਪੈਰੋਕਾਰਾਂ ਨੇ ਹੀ ਅਰੋੜ-ਵੰਸ਼ ਦੀ ਸਥਾਪਨਾ ਕੀਤੀ ਸੀ। ਇਸ ਵੰਸ਼ ਨੂੰ ਪੰਜਾਬ ਅਤੇ ਸਿੰਧ ਦੇ ਸਭ ਤੋਂ ਬਹਾਦਰ ਅਤੇ ਬੁੱਧੀਮਾਨ ਖੱਤਰੀ ਭਾਈਚਾਰਿਆਂ ਵਿਚੋਂ ਇੱਕ ਮੰਨਿਆ।ਬਚਪਨ ਵਿਚ ਮਹਾਰਾਜ ਜੀ ਦਾ ਸੁਭਾਅ ਸ਼ਾਂਤ ਹੋਣ ਕਰਕੇ ਇਨ੍ਹਾਂ ਦਾ ਨਾਮ ਅਰੂਟ ਰੱਖਿਆ ਗਿਆ।ਪਿਤਾ ਰਾਜਾ ਕਾਲ ਰਾਏ ਵੱਲੋਂ ਖ਼ਜ਼ਾਨਾ ਦੇਣ 'ਤੇ ਲਾਹੌਰ ਸ਼ਹਿਰ ਨੂੰ ਛੱਡ ਕੇ ਸਿੰਧੂ ਨਦੀ ਦੇ ਕਿਨਾਰੇ ਇਨ੍ਹਾਂ ਨੇ ਅਰੂਟ ਕੋਟ ਨਾਮ ਦਾ ਕਿਲਾ ਬਣਾਇਆ, ਜੋ ਬਾਅਦ ਵਿਚ ਅਰੋੜਕੋਟ ਕਿਹਾ ਜਾਣ ਲੱਗਾ।ਮਹਾਰਾਜ ਸ੍ਰੀ ਅਰੂਟ ਜੀ ਨੇ ਸਮਾਜ ਦੇ ਕੰਮ ਆਉਣ ਦੀ ਪ੍ਰੇਰਨਾ ਦਿੰਦਿਆ ਹੋਇਆ, ਇੱਕ ਦੂਜੇ ਨਾਲ ਆਪਸੀ ਭਾਈ ਚਾਰਾ ਬਣਾਏ ਰੱਖਦਿਆਂ ਹੋਇਆਂ , ਸਮਾਜ ਦੇ ਲੋੜਵੰਦ ਲੋਕਾਂ ਦੀ ਸਹਾਇਤਾ ਕਰਨ ਦੀ ਅਤੇ ਆਤਮ ਸਵੈ ਰੱਖਿਆ ਦੀ ਪ੍ਰੇਰਨਾ ਵੀ ਦਿੱਤੀ।ਉਨ੍ਹਾਂ ਦੱਸਿਆ ਕਿ ਮੁੱਦਕੀ ਰੋਡ 'ਤੇ ਗਊਸ਼ਾਲਾ ਦੇ ਸਾਹਮਣੇ ਅਰੂਟ ਮਹਾਰਾਜ ਜੀ ਅਤੇ ਗਊ ਮਾਤਾ ਦੀ ਮੂਰਤੀ ਦੀ ਸਥਾਪਨਾ ਕੀਤੀ ਜਾ ਰਹੀ, ਜਿਸ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# ਨਾਂਅ ਦੀਆਂ ਅਸੈਂਬਲੀਆਂ !

*ਦੇਸ਼ ਦੇ ਵੱਖ-ਵੱਖ ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ ਅਸੈਂਬਲੀਆਂ ਨੇ 2025 ਵਿੱਚ 600 ਤੋਂ ਵੱਧ ਬਿੱਲ ਪਾਸ ਕੀਤੇ, ਜੋ ਕਿ ਹਾਲ ਹੀ ਦੇ ਸਾਲਾਂ ਵਿੱਚ ਸਭ ਤੋਂ ਵੱਧ ਹਨ। ਦਿਲਚਸਪ ਗੱਲ ਇਹ ਹੈ ਕਿ ਇਹ ਅਸੈਂਬਲੀਆਂ ਸਾਲ ਵਿੱਚ ਔਸਤਨ 24 ਦਿਨ ਜੁੜੀਆਂ, ਜਿਸ ਤੋਂ ਪਤਾ ਲੱਗ ਸਕਦਾ ਹੈ ਕਿ ਇਨ੍ਹਾਂ ਨੇ ਬਿੱਲਾਂ 'ਤੇ ਕਿੰਨੀ ਕੁ ਬਹਿਸ ਕੀਤੀ ਹੋਵੇਗੀ। ਅਸੈਂਬਲੀਆਂ ਨੇ ਵੀਹ ਬਿੱਲਾਂ ਵਿੱਚੋਂ ਇੱਕ ਤੋਂ ਵੀ ਘੱਟ ਬਿੱਲਾਂ ਨੂੰ ਡੂੰਘੀ ਜਾਂਚ ਲਈ ਕਮੇਟੀਆਂ ਨੂੰ ਭੇਜਿਆ ਤੇ ਬਾਕੀ ਬਹੁਮਤ ਦੀ ਤਾਕਤ ਨਾਲ ਪਾਸ ਕਰ ਦਿੱਤੇ।*

*ਗੈਰ-ਲਾਭਕਾਰੀ ਸੰਸਥਾ ਪਾਲਿਸੀ ਰਿਸਰਚ ਸਟੱਡੀਜ਼ (ਪੀ ਆਰ ਐੱਸ) ਨੇ ਜਿਨ੍ਹਾਂ 27 ਰਾਜ ਅਤੇ ਤਿੰਨ ਕੇਂਦਰ ਸ਼ਾਸਤ ਪ੍ਰਦੇਸ਼ ਦੀਆਂ ਅਸੈਂਬਲੀਆਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ ਹੈ, ਉਸ ਮੁਤਾਬਕ ਓਡੀਸ਼ਾ ਅਸੈਂਬਲੀ 43 ਬੈਠਕਾਂ ਵਾਲੇ ਦਿਨਾਂ ਨਾਲ ਸਿਖਰ 'ਤੇ ਰਹੀ। ਨਾਗਾਲੈਂਡ ਅਸੈਂਬਲੀ ਸਿਰਫ 7 ਬੈਠਕਾਂ ਦੇ ਨਾਲ ਸੂਚੀ ਦੇ ਸਭ ਤੋਂ ਹੇਠਾਂ ਰਹੀ। 24 ਦਿਨਾਂ ਦੀ ਕੌਮੀ ਔਸਤ 2024 ਵਿੱਚ 21 ਦਿਨਾਂ ਅਤੇ 2023 ਵਿੱਚ 23 ਦਿਨਾਂ ਦੇ ਮੁਕਾਬਲੇ ਥੋੜ੍ਹਾ ਸੁਧਾਰ ਹੈ, ਪਰ ਫਿਰ ਵੀ ਰਾਜਾਂ ਵੱਲੋਂ ਕਾਨੂੰਨ ਜਾਂ ਪ੍ਰਕਿਰਿਆ ਵਿੱਚ ਆਪਣੇ ਲਈ ਨਿਰਧਾਰਤ ਕੀਤੇ ਗਏ ਟੀਚਿਆਂ ਤੋਂ ਬਹੁਤ ਘੱਟ ਹੈ। ਰਿਪੋਰਟ ਦੇ ਮੁਤਾਬਕ 30 ਪ੍ਰਤੀਸ਼ਤ ਬਿੱਲ ਸਦਨ ਦੇ ਫਲੋਰ 'ਤੇ ਪੇਸ਼ ਕੀਤੇ ਜਾਣ ਵਾਲੇ ਦਿਨ ਹੀ ਪਾਸ ਹੋ ਗਏ ਸਨ। ਆਂਧਰਾ, ਬਿਹਾਰ, ਗੁਜਰਾਤ, ਝਾਰਖੰਡ, ਮਿਜ਼ੋਰਮ ਤੇ ਪੁੱਡੂਚੇਰੀ ਦੀਆਂ ਅਸੈਂਬਲੀਆਂ ਨੇ ਹਰੇਕ ਬਿੱਲ ਨੂੰ ਉਸੇ ਦਿਨ ਜਾਂ ਅਗਲੇ ਦਿਨ ਪਾਸ ਕਰ ਦਿੱਤਾ। ਕਰਨਾਟਕ ਨੇ ਇੱਕੋ ਬੈਠਕ ਵਿੱਚ 17 ਬਿੱਲਾਂ ਨੂੰ ਮਨਜ਼ੂਰੀ ਦੇ ਦਿੱਤੀ। ਬਜਟ ਨਿਗਰਾਨੀ ਦੀ ਚਰਚਾ ਵਿੱਚ ਵੀ ਇਸੇ ਤਰ੍ਹਾਂ ਦਾ ਫਰਕ ਦੇਖਿਆ ਗਿਆ। ਦੇਸ਼ ਭਰ ਦੀਆਂ ਅਸੈਂਬਲੀਆਂ ਨੇ ਔਸਤਨ 8 ਦਿਨਾਂ ਲਈ ਆਪਣੇ ਬਜਟ 'ਤੇ ਬਹਿਸ ਕੀਤੀ। ਗੋਆ, ਹਰਿਆਣਾ ਅਤੇ ਤਾਮਿਲਨਾਡੂ ਉਹ ਰਾਜ ਸਨ, ਜਿੱਥੇ ਅਸੈਂਬਲੀ ਵਿੱਚ ਪ੍ਰਸਤਾਵਤ ਖਰਚੇ ਦਾ 100 ਪ੍ਰਤੀਸ਼ਤ ਸਦਨ ਦੇ ਸਾਹਮਣੇ ਚਰਚਾ ਲਈ ਰੱਖਿਆ ਗਿਆ ਸੀ, ਪਰ ਅਸਾਮ ਵਿੱਚ, ਖਰਚੇ ਦੀਆਂ ਯੋਜਨਾਵਾਂ ਦਾ ਸਿਰਫ 23 ਪ੍ਰਤੀਸ਼ਤ ਹੀ ਬਹਿਸ ਲਈ ਰੱਖਿਆ ਗਿਆ ਸੀ। 66 ਪ੍ਰਤੀਸ਼ਤ ਬਿੱਲਾਂ ਨੂੰ ਇੱਕ ਮਹੀਨੇ ਦੇ ਅੰਦਰ ਰਾਜਪਾਲਾਂ ਤੋਂ ਮਨਜ਼ੂਰੀ ਮਿਲ ਗਈ, ਜਦੋਂ ਕਿ 94 ਪ੍ਰਤੀਸ਼ਤ ਤਿੰਨ ਮਹੀਨੇ ਦੇ ਅੰਦਰ ਮਨਜ਼ੂਰ ਹੋ ਗਏ ਸਨ।*

*ਰਾਜਾਂ ਨੇ 2025 ਵਿੱਚ 127 ਆਰਡੀਨੈਂਸ ਜਾਰੀ ਕੀਤੇ, ਜੋ ਕਿ 2024 ਵਿੱਚ 100 ਤੋਂ ਵੱਧ ਹਨ, ਜੋ ਕਿ 27 ਪ੍ਰਤੀਸ਼ਤ ਵਾਧਾ ਹੈ। ਸਥਾਨਕ ਸ਼ਾਸਨ ਸਾਰੇ ਆਰਡੀਨੈਂਸਾਂ ਦਾ 31 ਪ੍ਰਤੀਸ਼ਤ ਸੀ, ਜਿਸ ਤੋਂ ਬਾਅਦ ਸਿੱਖਿਆ 13 ਪ੍ਰਤੀਸ਼ਤ ਸੀ। ਵਿਧਾਨਕ ਕੈਲੰਡਰ ਵੀ ਇਸੇ ਤਰ੍ਹਾਂ ਭਾਰੂ ਸੀ : ਸਥਾਨਕ ਸ਼ਾਸਨ, ਸਿੱਖਿਆ ਅਤੇ ਟੈਕਸ ਨੇ ਮਿਲ ਕੇ ਸਾਰੇ ਬਿੱਲਾਂ ਦਾ 45 ਪ੍ਰਤੀਸ਼ਤ ਬਣਾਇਆ। ਤੇਰਾਂ ਰਾਜਾਂ ਨੇ ਨਵੀਆਂ ਯੂਨੀਵਰਸਿਟੀਆਂ ਸਥਾਪਤ ਕੀਤੀਆਂ। ਕਰਨਾਟਕ ਅਤੇ ਤਾਮਿਲਨਾਡੂ ਨੇ ਜ਼ਬਰਦਸਤੀ ਕਰਨ ਵਾਲੇ ਮਾਈਕ੍ਰੋਫਾਈਨੈਂਸ ਰਿਣਦਾਤਿਆਂ ਦੇ ਵਿਰੁੱਧ ਕਦਮ ਚੁੱਕੇ। ਕਈ ਰਾਜਾਂ ਨੇ ਜਨ ਵਿਸ਼ਵਾਸ ਸ਼ੈਲੀ ਦੇ ਕਾਨੂੰਨ ਬਣਾਏ, ਜਿਨ੍ਹਾਂ ਨਾਲ ਅਪਰਾਧਕ ਸਜ਼ਾਵਾਂ ਨੂੰ ਸਿਵਲ ਸਜ਼ਾਵਾਂ ਵਿੱਚ ਬਦਲਿਆ ਗਿਆ। ਕਰਨਾਟਕ ਨੇ ਨਫਰਤੀ ਭਾਸ਼ਣ ਤੇ ਨਫਰਤੀ ਅਪਰਾਧ ਬਿੱਲ ਅਤੇ ਭੀੜ ਕੰਟਰੋਲ ਬਿੱਲ ਪੇਸ਼ ਕੀਤੇ। ਅਸਾਮ ਨੇ ਬਹੁ-ਵਿਆਹ ਵਿਰੋਧੀ ਕਾਨੂੰਨ ਪਾਸ ਕੀਤਾ ਅਤੇ ਰਾਜ ਦੇ ਵਿਦਿਆਰਥੀਆਂ ਲਈ ਨਿੱਜੀ ਯੂਨੀਵਰਸਿਟੀਆਂ ਦੀਆਂ 25 ਪ੍ਰਤੀਸ਼ਤ ਸੀਟਾਂ ਰਾਖਵੀਆਂ ਰੱਖੀਆਂ।*

*ਅਸੈਂਬਲੀਆਂ ਵਿੱਚ ਹੀ ਨਹੀਂ, ਸੰਸਦ 'ਚ ਵੀ ਇਹ ਆਮ ਰੁਝਾਨ ਦੇਖਣ ਨੂੰ ਮਿਲਦਾ ਹੈ ਕਿ ਸਰਕਾਰ ਆਪਣੀ ਮਰਜ਼ੀ ਦੇ ਬਿੱਲ ਬਿਨਾਂ ਕਿਸੇ ਡੂੰਘੀ ਚਰਚਾ ਦੇ ਬਿਨਾਂ ਹੀ ਪਾਸ ਕਰਵਾ ਲੈਂਦੀ ਹੈ। ਇਨ੍ਹਾਂ ਵਿੱਚ ਇੱਕ ਗੈਰਕਾਨੂੰਨੀ ਸਰਗਰਮੀਆਂ ਰੋਕੂ ਕਾਨੂੰਨ (ਯੂ ਏ ਪੀ ਏ) ਵੀ ਹੈ, ਜਿਸ ਤਹਿਤ ਉਮਰ ਖਾਲਿਦ ਵਰਗੇ ਕਈ ਲੋਕ ਬਿਨਾਂ ਮੁਕੱਦਮਾ ਚੱਲੇ ਹੀ ਬਿਨਾਂ ਜ਼ਮਾਨਤ ਦੇ ਕਈ-ਕਈ ਸਾਲਾਂ ਤੋਂ ਜੇਲ੍ਹਾਂ ਵਿੱਚ ਸੜ ਰਹੇ ਹਨ। ਵਿਧਾਨ ਮੰਡਲ ਲੋਕਾਂ ਦੀ ਬਿਹਤਰੀ ਲਈ ਕਾਨੂੰਨ ਬਣਾਉਣ ਲਈ ਹੁੰਦੇ ਹਨ, ਪਰ ਜ਼ਬਰਦਸਤ ਬਹੁਮਤ ਵਾਲੀਆਂ ਪਾਰਟੀਆਂ ਨੇ ਇਨ੍ਹਾਂ ਨੂੰ ਆਪਣੀ ਮਰਜ਼ੀ ਦੇ ਕਾਨੂੰਨ ਬਣਾਉਣ ਵਾਲੇ ਮੰਚ ਬਣਾ ਕੇ ਰੱਖ ਦਿੱਤਾ ਹੈ, ਇਨ੍ਹਾਂ ਦੀ ਪਵਿੱਤਰਤਾ ਨੂੰ ਭੰਗ ਕਰ ਦਿੱਤਾ ਹੈ।*

## ਸੋਚੀਂ ਪਿਆ ਪੰਜਾਬ ?

*ਲੜਿਆ ਪੋਰਸ ਸੀ ਵਿੱਚ ਮੈਦਾਨ ਆ ਕੇ,*
*ਜੇਤੂ ਵਿਸ਼ਵ ਦੇ ਤਾਈਂ ਲਲਕਾਰਿਆ ਸੀ।*
*'ਤੈ ਕੀ ਦਰਦ ਨਾ ਆਇਆ' ਫੁਰਮਾਇ ਕੇ ਜੀ,*
*'ਬਾਬੇ' ਬਾਬਰ ਦੇ ਤਾਈ ਫਿਟਕਾਰਿਆ ਸੀ।*
*ਤਾਣ ਛਾਤੀਆਂ ਭਿੜਿਆ ਸੀ ਖਾਲਸਾ ਜੀ,*
*ਅਹਿਮਦ ਸ਼ਾਹਾਂ ਨੂੰ ਏਥੋਂ ਨਿਕਾਰਿਆ ਸੀ।*
*'ਮੁਦਕੀ ਅਤੇ ਸਭਰਾਵਾਂ' ਇਹ ਦੱਸਦੇ ਐ,*
*ਸ਼ਾਮ ਸਿੰਘ ਜਿਹਾ ਸ਼ੇਰ ਭਬਕਾਰਿਆ ਸੀ।*
*ਪੰਜੇ ਦਰਿਆ ਹੁਣ ਸ਼ਬਦ ਪਏ ਲੱਭਦੇ ਨੇ,*
*ਅਣਖ ਭਰੀ ਵਿਰਾਸਤ ਦੇ ਮੈਨ੍ਹਿਆਂ 'ਚੋਂ।*
*'ਭੰਬਲਭੂਸੇ' ਵਿੱਚ ਪਿਆ ਪੰਜਾਬ ਸੋਚੇ,*
*ਕਦੋਂ ਕੁ ਉੱਠੂ ਕੋਈ ਸੂਰਮਾ ਐਨਿਆਂ 'ਚੋਂ!*

**-ਤਰਲੋਚਨ ਸਿੰਘ ਦੁਪਾਲਪੁਰ, 001-408-905-5517**

# ਭਾਰਤੀ ਕਰੰਸੀ 'ਚ ਇਤਿਹਾਸਕ ਬਦਲਾਅ ਦੀ ਤਿਆਰੀ



ਡਾ. ਕ੍ਰਿਸ਼ਨ ਲਾਲ

ਭਾਰਤੀ ਰਿਜ਼ਰਵ ਬੈਂਕ ਦੇਸ਼ ਦੀ ਕਰੰਸੀ ਪ੍ਰਣਾਲੀ ਵਿੱਚ ਇੱਕ ਬਹੁਤ ਵੱਡਾ ਅਤੇ ਇਤਿਹਾਸਕ ਬਦਲਾਅ ਕਰਨ ਦੀ ਯੋਜਨਾ ਬਣਾ ਰਿਹਾ ਹੈ। ਪਿਛਲੇ ਕੁਝ ਸਾਲਾਂ ਤੋਂ ਬਾਜ਼ਾਰ ਵਿੱਚ ਨੋਟਾਂ ਦੀ ਮੰਗ ਲਗਾਤਾਰ ਵਧ ਰਹੀ ਹੈ, ਜਿਸ ਨੂੰ ਦੇਖਦਿਆਂ ਕੇਂਦਰੀ ਬੈਂਕ ਹੁਣ ਰਵਾਇਤੀ ਕਾਗਜ਼ੀ ਨੋਟਾਂ ਦੀ ਜਗ੍ਹਾ ਪਾਲੀਮਰ (ਪਲਾਸਟਿਕ) ਦੇ ਨੋਟ ਚਲਾਉਣ 'ਤੇ ਬੇਹੱਦ ਗੰਭੀਰਤਾ ਨਾਲ ਵਿਚਾਰ ਕਰ ਰਿਹਾ ਹੈ। ਪਾਲੀਮਰ ਨੋਟਾਂ ਨੂੰ ਮੁੜ ਵਿਚਾਰਨ ਦਾ ਮੁੱਖ ਕਾਰਨ ਇਹ ਹੈ ਕਿ ਇਹ ਮੌਜੂਦਾ ਸੂਤੀ ਕਾਗਜ਼ ਵਾਲੇ ਨੋਟਾਂ ਦੇ ਮੁਕਾਬਲੇ ਕਿਤੇ ਵੱਧ ਟਿਕਾਊ ਹੁੰਦੇ ਹਨ ਅਤੇ ਇਨ੍ਹਾਂ ਦੀ ਉਮਰ ਵੀ ਲੰਮੀ ਹੁੰਦੀ ਹੈ। ਸੂਤਰਾਂ ਮੁਤਾਬਕ ਇਸ ਅਹਿਮ ਮੁੱਦੇ 'ਤੇ ਆਰ ਬੀ ਆਈ ਦੀਆਂ ਪਟਨਾ ਅਤੇ ਮੁੰਬਈ ਵਿਖੇ ਹੋਈਆਂ ਪਿਛਲੀਆਂ ਦੋ ਬੋਰਡ ਬੈਠਕਾਂ ਵਿੱਚ ਬੜੀ ਬਾਰੀਕੀ ਨਾਲ ਚਰਚਾ ਕੀਤੀ ਗਈ ਹੈ।

ਕੇਂਦਰੀ ਬੈਂਕ ਦਾ ਮੰਨਣਾ ਹੈ ਕਿ ਇਹ ਕਦਮ ਦੇਸ਼ ਦੇ ਕਰੰਸੀ ਪ੍ਰਬੰਧਨ ਲਈ ਇੱਕ ਮੀਲ ਪੱਥਰ ਸਾਬਤ ਹੋਵੇਗਾ ।ਕਾਗਜ਼ ਦੀ ਜਗ੍ਹਾ ਪਲਾਸਟਿਕ ਨੋਟਾਂ ਨੂੰ ਅਪਣਾਉਣ ਦਾ ਸਭ ਤੋਂ ਵੱਡਾ ਕਾਰਨ ਨੋਟਾਂ ਦੀ ਛਪਾਈ (ਉਤਪਾਦਨ) ਲਾਗਤ ਨੂੰ ਘਟਾਉਣਾ ਅਤੇ ਕਰੰਸੀ ਨੂੰ ਵਧੇਰੇ ਮਜ਼ਬੂਤ ਤੇ ਟਿਕਾਊ ਬਣਾਉਣਾ ਹੈ। ਹਾਲਾਂਕਿ ਸ਼ੁਰੂਆਤ ਵਿੱਚ ਪਲਾਸਟਿਕ ਨੋਟ ਤਿਆਰ ਕਰਨ 'ਤੇ ਖਰਚਾ ਜ਼ਿਆਦਾ ਆ ਸਕਦਾ ਹੈ, ਪਰ ਲੰਮੇ ਸਮੇਂ ਵਿੱਚ ਇਸ ਨਾਲ ਸਰਕਾਰ ਨੂੰ ਵੱਡੀ ਆਰਥਿਕ ਬੱਚਤ ਹੋਵੇਗੀ। ਇਹ ਨੋਟ ਕਾਗਜ਼ੀ ਨੋਟਾਂ ਦੇ ਮੁਕਾਬਲੇ ਬਹੁਤ ਲੰਮਾ ਸਮਾਂ ਬਿਨਾਂ ਖ਼ਰਾਬ ਹੋਏ ਬਾਜ਼ਾਰ ਵਿੱਚ ਚੱਲ ਸਕਦੇ ਹਨ । ਇਸ ਯੋਜਨਾ ਦੇ ਵਿਹਾਰਕ ਪੱਖਾਂ ਨੂੰ ਸਮਝਣ ਲਈ ਆਰ ਬੀ ਆਈ ਜਲਦ ਹੀ ਜਨਤਕ ਪੱਧਰ 'ਤੇ ਇਨ੍ਹਾਂ ਨੋਟਾਂ ਦਾ ਪਰੀਖਣ (ਟਰਾਇਲ) ਸ਼ੁਰੂ ਕਰਨ ਦਾ ਐਲਾਨ ਕਰ ਸਕਦਾ ਹੈ।ਆਮ ਤੌਰ 'ਤੇ ਜਦੋਂ ਵੀ ਕਰੰਸੀ ਦਾ ਸਰੂਪ ਬਦਲਦਾ ਹੈ, ਤਾਂ ਬੈਂਕਿੰਗ ਮਸ਼ੀਨਰੀ ਨੂੰ ਅਪਡੇਟ ਕਰਨਾ ਇੱਕ ਵੱਡੀ ਚੁਣੌਤੀ ਹੁੰਦਾ ਹੈ, ਪਰ ਰਾਹਤ ਦੀ ਗੱਲ ਇਹ ਹੈ ਕਿ ਦੇਸ਼ ਵਿੱਚ ਮੌਜੂਦ ਮੌਜੂਦਾ ਏ ਟੀ ਐਮ ਮਸ਼ੀਨਾਂ ਇਨ੍ਹਾਂ ਪਾਲੀਮਰ ਨੋਟਾਂ ਨੂੰ ਵੀ ਆਸਾਨੀ ਨਾਲ ਸਵੀਕਾਰ ਕਰ ਸਕਣਗੀਆਂ ਅਤੇ ਕੱਢ ਸਕਣਗੀਆਂ। ਇਸ ਤੋਂ ਇਲਾਵਾ ਬੈਂਕਾਂ ਕੋਲ ਪਹਿਲਾਂ ਹੀ ਇਨ੍ਹਾਂ ਨਵੇਂ ਨੋਟਾਂ ਦੀ ਜਾਂਚ, ਗਿਣਤੀ ਅਤੇ ਸੰਭਾਲ ਲਈ ਲੋੜੀਂਦੇ ਮਸ਼ੀਨੀ ਪ੍ਰਬੰਧ ਮੌਜੂਦ ਹਨ। ਇਸ ਲਈ ਆਮ ਜਨਤਾ ਜਾਂ ਬੈਂਕਿੰਗ ਪ੍ਰਣਾਲੀ ਨੂੰ ਕਿਸੇ ਵੱਡੀ ਤਕਨੀਕੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਅੱਜ ਦੇ ਦੌਰ ਵਿੱਚ ਭਾਵੇਂ ਡਿਜੀਟਲ ਪੇਮੈਂਟਸ ਅਤੇ ਨੈੱਟ ਬੈਂਕਿੰਗ ਦੀ ਵਰਤੋਂ ਬਹੁਤ ਤੇਜ਼ੀ ਨਾਲ ਵਧ ਰਹੀ ਹੈ, ਪਰ ਇਸ ਦੇ ਬਾਵਜੂਦ ਭਾਰਤੀ ਬਾਜ਼ਾਰ ਵਿੱਚ ਨਕਦੀ ਦੀ ਮੰਗ ਲਗਾਤਾਰ ਵਧ ਰਹੀ ਹੈ। ਤਾਜ਼ਾ ਅੰਕੜਿਆਂ ਅਨੁਸਾਰ 15 ਮਈ ਤੱਕ ਚਲਨ ਵਿੱਚ ਮੌਜੂਦ ਕੁੱਲ ਕਰੰਸੀ 42.86 ਲੱਖ ਕਰੋੜ ਰੁਪਏ ਦੇ ਇਤਿਹਾਸਕ ਰਿਕਾਰਡ ਪੱਧਰ 'ਤੇ ਪਹੁੰਚ ਚੁੱਕੀ ਹੈ । ਇਸ ਤੋਂ ਸਾਫ਼ ਹੈ ਕਿ ਭਾਰਤੀ ਲੋਕ ਅਜੇ ਵੀ ਰੋਜ਼ਾਨਾ ਦੇ ਲੈਣ-ਦੇਣ ਲਈ ਨਕਦੀ ਨੂੰ ਬਹੁਤ ਤਰਜੀਹ ਦਿੰਦੇ ਹਨ। ਅਜਿਹੇ ਵਿੱਚ ਪਾਲੀਮਰ ਨੋਟ ਬਹੁਤ ਫਾਇਦੇਮੰਦ ਰਹਿਣਗੇ, ਕਿਉਂਕਿ ਇਹ ਛੇਤੀ ਮੈਲੇ ਜਾਂ ਫਟਦੇ ਨਹੀਂ ਹਨ, ਜਿਸ ਨਾਲ ਨੋਟਾਂ ਨੂੰ ਵਾਰ-ਵਾਰ ਛਾਪਣ ਦਾ ਸਰਕਾਰੀ ਦਬਾਅ ਘਟੇਗਾ ।

ਕਰੰਸੀ ਪ੍ਰਬੰਧਨ ਦੇ ਅੰਕੜੇ ਦੱਸਦੇ ਹਨ ਕਿ ਵਿੱਤੀ ਸਾਲ 2024-25 ਦੌਰਾਨ ਆਰ ਬੀ ਆਈ ਨੇ ਬਾਜ਼ਾਰ ਵਿੱਚੋਂ ਲਗਭਗ 23.8 ਅਰਬ ਫਟੇ-ਪੁਰਾਣੇ ਅਤੇ ਗੰਦੇ ਨੋਟਾਂ ਨੂੰ ਵਾਪਸ ਲੈ ਕੇ ਨਸ਼ਟ ਕੀਤਾ, ਜੋ ਕਿ ਪਿਛਲੇ ਸਾਲ ਨਾਲੋਂ 12.3 ਫੀਸਦੀ ਜ਼ਿਆਦਾ ਹੈ । ਨਸ਼ਟ ਕੀਤੇ ਗਏ ਨੋਟਾਂ ਵਿੱਚ ਸਭ ਤੋਂ ਵੱਡੀ ਗਿਣਤੀ 500 ਰੁਪਏ ਦੇ ਨੋਟਾਂ ਦੀ ਸੀ ਅਤੇ ਦੂਜੇ ਨੰਬਰ 'ਤੇ 100 ਰੁਪਏ ਦੇ ਨੋਟ ਸਨ । ਸਾਲ 2024-25 ਵਿੱਚ ਨੋਟਾਂ ਦੀ ਛਪਾਈ 'ਤੇ 6,372.8 ਕਰੋੜ ਰੁਪਏ ਖਰਚ ਹੋਏ, ਜੋ ਕਿ 2023-24 ਦੇ 5,101.4 ਕਰੋੜ ਰੁਪਏ ਦੇ ਖਰਚੇ ਤੋਂ ਕਾਫ਼ੀ ਜ਼ਿਆਦਾ ਹੈ। ਜ਼ਿਕਰਯੋਗ ਹੈ ਕਿ ਸਾਲ 2012 ਵਿੱਚ ਵੀ ਸਰਕਾਰ ਨੇ ਪ੍ਰਯੋਗ ਵਜੋਂ ਦੇਸ਼ ਦੇ 5 ਸ਼ਹਿਰਾਂ ਵਿੱਚ 10 ਰੁਪਏ ਦੇ 1 ਅਰਬ ਪੋਲੀਮਰ ਨੋਟ ਜਾਰੀ ਕੀਤੇ ਸਨ। ਰਿਜ਼ਰਵ ਬੈਂਕ ਨੇ ਸਿੱਕਿਆਂ ਦੀ ਵਰਤੋਂ ਵਧਾਉਣ ਦੀ ਕੋਸ਼ਿਸ਼ ਵੀ ਕੀਤੀ ਸੀ, ਪਰ ਉਮੀਦ ਮੁਤਾਬਕ ਨਤੀਜੇ ਨਾ ਮਿਲਣ ਕਾਰਨ ਹੁਣ ਪੂਰਾ ਧਿਆਨ ਪਲਾਸਟਿਕ ਨੋਟਾਂ 'ਤੇ ਦਿੱਤਾ ਜਾ ਰਿਹਾ ਹੈ।ਪਿਛਲੇ ਕੁਝ ਸਾਲਾਂ ਵਿੱਚ 10 ਰੁਪਏ ਅਤੇ 20 ਰੁਪਏ ਵਰਗੇ ਛੋਟੇ ਨੋਟਾਂ ਦੀ ਮੰਗ ਵਿੱਚ ਵੱਡੀ ਤਬਦੀਲੀ ਆਈ ਹੈ।ਹਾਲਾਂਕਿ ਬਾਜ਼ਾਰ ਵਿੱਚ ਇਨ੍ਹਾਂ ਦੀ ਲੋੜ ਹੈ, ਪਰ ਕੁੱਲ ਕਰੰਸੀ ਦੇ ਮੁਕਾਬਲੇ ਇਨ੍ਹਾਂ ਦੀ ਹਿੱਸੇਦਾਰੀ ਲਗਾਤਾਰ ਘਟ ਰਹੀ ਹੈ, ਹੁਣ ਕੁੱਲ ਚਲਨ ਵਿੱਚ 10 ਰੁਪਏ ਦੇ ਨੋਟਾਂ ਦਾ ਹਿੱਸਾ ਮਹਿਜ਼ 0.7 ਫੀਸਦੀ ਅਤੇ 20 ਰੁਪਏ ਦੇ ਨੋਟਾਂ ਦਾ ਹਿੱਸਾ ਸਿਰਫ਼ 0.8 ਫੀਸਦੀ ਰਹਿ ਗਿਆ ਹੈ। ਇਸ ਦਾ ਮੁੱਖ ਕਾਰਨ ਇਹ ਹੈ ਕਿ ਲੋਕ ਹੁਣ ਛੋਟੇ ਲੈਣ-ਦੇਣ ਲਈ ਸਿੱਕਿਆਂ ਜਾਂ ਯੂ ਪੀ ਆਈ ਦੀ ਵਰਤੋਂ ਜ਼ਿਆਦਾ ਕਰਦੇ ਹਨ । ਦੂਜੇ ਪਾਸੇ ਭਾਰਤੀ ਬਾਜ਼ਾਰ 'ਤੇ 500 ਰੁਪਏ ਦੇ ਨੋਟ ਦਾ ਪੂਰੀ ਤਰ੍ਹਾਂ ਦਬਦਬਾ ਹੈ। ਕੁੱਲ ਮੁੱਲ ਦੇ ਹਿਸਾਬ ਨਾਲ ਬਾਜ਼ਾਰ ਵਿੱਚ 500 ਰੁਪਏ ਦੇ ਨੋਟਾਂ ਦੀ ਹਿੱਸੇਦਾਰੀ 86 ਫੀਸਦੀ ਤੋਂ ਵੀ ਜ਼ਿਆਦਾ ਹੈ ਅਤੇ ਨੋਟਾਂ ਦੀ ਕੁੱਲ ਗਿਣਤੀ ਦੇ ਮਾਮਲੇ ਵਿੱਚ ਵੀ ਇਹ 41.2 ਫੀਸਦੀ ਹਿੱਸੇਦਾਰੀ ਨਾਲ ਪਹਿਲੇ ਨੰਬਰ 'ਤੇ ਹੈ । ਇਸ ਸੂਚੀ ਵਿੱਚ 10 ਰੁਪਏ ਦੇ ਨੋਟ 16.1 ਫੀਸਦੀ ਹਿੱਸੇਦਾਰੀ ਨਾਲ ਦੂਜੇ ਸਥਾਨ 'ਤੇ ਹਨ ।ਕਰੰਸੀ ਦੇ ਇਸ ਵੱਡੇ ਸਰਕੂਲੇਸ਼ਨ ਦੇ ਵਿਚਕਾਰ ਆਰ ਬੀ ਆਈ ਦੀ ਰਿਪੋਰਟ ਵਿੱਚ ਇੱਕ ਚਿੰਤਾਜਨਕ ਖ਼ਬਰ ਸਾਹਮਣੇ ਆਈ ਹੈ। ਬੈਂਕਿੰਗ ਸਿਸਟਮ ਵਿੱਚ ਫੜੇ ਗਏ 500 ਰੁਪਏ ਦੇ ਨਕਲੀ ਨੋਟਾਂ ਦੀ ਗਿਣਤੀ ਵਿੱਚ ਇਸ ਸਾਲ 20 ਫੀਸਦੀ ਤੋਂ ਵੱਧ ਦਾ ਭਾਰੀ ਉਛਾਲ ਦੇਖਿਆ ਗਿਆ ਹੈ। ਵਿੱਤੀ ਸਾਲ 2025-26 ਦੌਰਾਨ 500 ਰੁਪਏ ਦੇ ਨਕਲੀ ਨੋਟਾਂ ਵਿੱਚ 11.2 ਫੀਸਦੀ ਦਾ ਵਾਧਾ ਹੋਇਆ ਸੀ, ਪਰ ਮਾਰਚ 2026 ਦੇ ਅੰਤ ਤੱਕ ਬਾਜ਼ਾਰ ਵਿੱਚ ਫੜੇ ਗਏ ਨਕਲੀ ਨੋਟਾਂ ਦੀ ਕੁੱਲ ਗਿਣਤੀ ਵਧ ਕੇ 7,05,482 ਲੱਖ ਤੱਕ ਪਹੁੰਚ ਗਈ ਹੈ, ਜੋ ਕਿ ਪਿਛਲੇ ਸਾਲ 6,34,458 ਲੱਖ ਸੀ। ਕੇਂਦਰੀ ਬੈਂਕ ਨੇ ਇਸ ਸੰਬੰਧੀ ਵਿਸ਼ੇਸ਼ ਚੇਤਾਵਨੀ ਅਤੇ ਚੌਕਸੀ ਵਰਤਣ ਦੇ ਨਿਰਦੇਸ਼ ਦਿੱਤੇ ਹਨ। ਜੇਕਰ ਵਿਸ਼ਵ ਪੱਧਰ 'ਤੇ ਦੇਖਿਆ ਜਾਵੇ ਤਾਂ ਕਈ ਅੰਤਰਰਾਸ਼ਟਰੀ ਚੁਣੌਤੀਆਂ ਹਨ; ਜਿਵੇਂ ਕਿ ਤੇਲ ਅਤੇ ਗੈਸ ਦੀਆਂ ਉੱਚੀਆਂ ਕੀਮਤਾਂ, ਸਪਲਾਈ ਚੇਨ ਵਿੱਚ ਰੁਕਾਵਟਾਂ ਅਤੇ ਭੂ-ਰਾਜਨੀਤਕ ਤਣਾਅ, ਜਿਸ ਕਾਰਨ ਕਈ ਦੇਸ਼ ਮੰਦੀ ਦਾ ਸਾਹਮਣਾ ਕਰ ਰਹੇ ਹਨ, ਪਰ ਇਨ੍ਹਾਂ ਮੁਸ਼ਕਲਾਂ ਦੇ ਬਾਵਜੂਦ ਭਾਰਤੀ ਅਰਥ ਵਿਵਸਥਾ ਬੇਹੱਦ ਮਜ਼ਬੂਤ ਅਤੇ ਸਥਿਰ ਹੈ । ਆਰ ਬੀ ਆਈ ਦਾ ਅਨੁਮਾਨ ਹੈ ਕਿ ਦੇਸ਼ ਦਾ ਮਜ਼ਬੂਤ ਮੈਕਰੋ-ਇਕਨਾਮਿਕ ਆਧਾਰ ਚਾਲੂ ਵਿੱਤੀ ਸਾਲ 2026-27 ਵਿੱਚ ਵੀ ਭਾਰਤ ਦੀ ਵਿਕਾਸ ਦਰ ਨੂੰ ਉੱਚਾ ਰੱਖਣ ਵਿੱਚ ਪੂਰੀ ਮਦਦ ਕਰੇਗਾ।

ਵਿੱਤੀ ਸਾਲ 2025-26 ਦੌਰਾਨ ਦੇਸ਼ ਵਿੱਚ ਸ਼ੁੱਧ ਪ੍ਰਤੱਖ ਵਿਦੇਸ਼ੀ ਨਿਵੇਸ਼ ਦਾ ਪ੍ਰਵਾਹ ਤੇਜ਼ੀ ਨਾਲ ਵਧ ਕੇ 7.7 ਅਰਬ ਡਾਲਰ ਤੱਕ ਪਹੁੰਚ ਗਿਆ, ਜੋ ਕਿ ਭਾਰਤ ਦੇ ਚਾਲੂ ਖਾਤੇ ਦੇ ਘਾਟੇ ਨੂੰ ਮਜ਼ਬੂਤੀ ਦਿੰਦਾ ਹੈ। ਹਾਲਾਂਕਿ, ਇਸ ਦੌਰਾਨ ਇੱਕ ਰੁਝਾਨ ਇਹ ਵੀ ਦੇਖਿਆ ਗਿਆ ਕਿ ਵਿਦੇਸ਼ੀ ਨਿਵੇਸ਼ਕਾਂ ਵੱਲੋਂ ਭਾਰਤ ਵਿੱਚੋਂ ਆਪਣਾ ਮੁਨਾਫ਼ਾ ਬਾਹਰ ਲੈ ਜਾਣ ਅਤੇ ਨਿਵੇਸ਼ ਕੀਤੀ ਗਈ ਰਾਸ਼ੀ ਨੂੰ ਵਾਪਸ ਕੱਢਣ ਦੀ ਮਾਤਰਾ ਵਿੱਚ ਵਾਧਾ ਹੋਇਆ ਹੈ, ਜੋ ਕਿ ਕੁੱਲ 53.6 ਅਰਬ ਡਾਲਰ ਦੇ ਪੱਧਰ 'ਤੇ ਜਾ ਪਹੁੰਚੀ ਹੈ। ਵਿਦੇਸ਼ੀ ਪੂੰਜੀ ਦੇ ਬਾਹਰ ਜਾਣ ਦੇ ਬਾਵਜੂਦ ਭਾਰਤ ਦੀ ਆਰਥਿਕ ਰਫ਼ਤਾਰ ਬਹੁਤ ਸ਼ਾਨਦਾਰ ਹੈ। ਇਸ ਦੇ ਨਾਲ ਹੀ ਰੀਅਲ ਅਸਟੇਟ ਅਤੇ ਹਾਊਸਿੰਗ ਸੈਕਟਰ ਵਿੱਚ ਵੀ ਭਾਰੀ ਮਜ਼ਬੂਤੀ ਦੇਖਣ ਨੂੰ ਮਿਲੀ ਹੈ। ਚਾਲੂ ਸਾਲ 2025-26 ਦੀ ਜਨਵਰੀ-ਮਾਰਚ ਤਿਮਾਹੀ ਦੌਰਾਨ ਆਲ ਇੰਡੀਆ ਹਾਊਸਿੰਗ ਪ੍ਰਾਈਸ ਇੰਡੈਕਸ ਵਿੱਚ 4.2 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ, ਜਦਕਿ ਪਿਛਲੇ ਵਿੱਤੀ ਸਾਲ 2024-25 ਦੀ ਇਸੇ ਮਿਆਦ ਵਿੱਚ ਇਹ ਵਾਧਾ 3.8 ਫੀਸਦੀ ਸੀ। ਇਹ ਅੰਕੜਾ ਸਾਫ਼ ਕਰਦਾ ਹੈ ਕਿ ਦੇਸ਼ ਵਿੱਚ ਘਰਾਂ ਦੀਆਂ ਕੀਮਤਾਂ ਅਤੇ ਮੰਗ ਵਿੱਚ ਲਗਾਤਾਰ ਸੁਧਾਰ ਹੋ ਰਿਹਾ ਹੈ, ਜੋ ਕਿ ਇੱਕ ਸਿਹਤਮੰਦ ਅਰਥ ਵਿਵਸਥਾ ਦੀ ਪਛਾਣ ਹੈ।

**# ਸੰਪਰਕ : 62831-16797**

## ਸ਼ਰਧਾਂਜਲੀ ਸਮਾਰਾਮ 'ਤੇ ਵਿਸ਼ੇਸ਼

# ਖੱਬੇ ਪੱਖੀ ਵਿਚਾਰਧਾਰਾ ਨੂੰ ਪ੍ਰਣਾਏ ਕਾਮਰੇਡ ਮਾਸਟਰ ਜਗਜੀਤ ਸਿੰਘ ਦੁੱਗਰੀ

**ਕਾਮਰੇਡ ਮੁਹੰਮਦ ਖਲੀਲ**

ਕਾਮਰੇਡ ਮਾਸਟਰ ਜਗਜੀਤ ਸਿੰਘ ਦੁੱਗਰੀ ਤਹਿਸੀਲ ਤੇ ਜ਼ਿਲ੍ਹਾ ਮਾਲੇਰਕੋਟਲਾ ਦੇ ਇਲਾਕੇ ਵਿੱਚ ਇੱਕ ਜਾਣੀ-ਪਹਿਚਾਣੀ ਸ਼ਖ਼ਸੀਅਤ ਸਨ । ਉਹਨਾ ਦਾ ਜਨਮ ਇੱਕ ਦਰਮਿਆਨੇ ਕਿਸਾਨ ਪਰਿਵਾਰ ਵਿੱਚ ਸਰਦਾਰ ਕਿਸ਼ਨ ਸਿੰਘ ਦੇ ਘਰ ਮਾਤਾ ਦਲੀਪ ਕੌਰ ਦੀ ਕੁੱਖੋਂ 14 ਅਪ੍ਰੈਲ 1935 ਨੂੰ ਹੋਇਆ । ਪਰਿਵਾਰ ਇੱਕ ਮਿਹਨਤੀ ਅਤੇ ਪੜ੍ਹਾਈ ਲਿਖਾਈ ਵੱਲ ਖਿੱਚ ਰੱਖਣ ਵਾਲਾ ਅਤੇ ਸਮਾਜਿਕ, ਆਰਥਿਕ ਤੇ ਧਾਰਮਿਕ ਲਹਿਰਾਂ ਦੀ ਨੇੜੇ ਤੋਂ ਸਮੀਖਿਆ ਕਰਨ ਵਾਲਾ ਹੋਣ ਕਰਕੇ ਅੰਗਰੇਜ਼ ਸਰਕਾਰ ਦੀਆਂ ਜ਼ਿਆਦਤੀਆਂ ਅਤੇ ਦੇਸ਼ ਦੀ ਵੰਡ ਤੋਂ ਬਾਅਦ ਰਾਜਨੀਤਕ ਹਾਲਤਾਂ ਨੂੰ ਚੰਗੀ ਤਰ੍ਹਾਂ ਸਮਝਦੇ ਹੋਏ ਪਰਿਵਾਰ ਨੇ ਆਪਣੀ ਹੈਸੀਅਤ ਮੁਤਾਬਕ ਬੱਚਿਆਂ ਨੂੰ ਪੜ੍ਹਾਈ ਵੱਲ ਤੋਰਿਆ। ਮਾਸਟਰ ਜਗਜੀਤ ਸਿੰਘ ਨੇ ਮੁਢਲੀ ਸਿੱਖਿਆ ਚੌਥੀ ਕਲਾਸ ਤੱਕ ਪਿੰਡ ਲਸੋਈ ਤੋਂ ਪ੍ਰਾਪਤ ਕੀਤੀ।ਉਸ ਸਮੇਂ ਜਗਜੀਤ ਸਿੰਘ ਪੈਦਲ ਤੁਰ ਕੇ ਹੀ ਪਿੰਡ ਲਸੋਈ ਜਾਂਦੇ ਸੀ।ਉਸ ਤੋਂ ਬਾਅਦ ਪਿੰਡ ਚੌਂਦਾਂ ਵਿਖੇ, ਜੋ ਪਿੰਡ ਦੁੱਗਰੀ ਤੋਂ 9-10 ਕਿਲੋਮੀਟਰ 'ਤੇ ਸੀ, ਉਥੋਂ ਅੱਠਵੀਂ ਜਮਾਤ ਪਾਸ ਕੀਤੀ। ਪਿੰਡ ਚੌਂਦਾਂ ਵਿਖੇ ਵੀ ਪੈਦਲ ਤੁਰ ਕੇ ਹੀ ਸਕੂਲ ਜਾਂਦੇ ਸੀ। ਨੌਵੀਂ, ਦਸਵੀਂ ਅਤੇ ਐੱਫ ਏ ਕਲਾਸ ਨਾਭੇ ਤੋਂ ਪਾਸ ਕੀਤੀ। 1953 ਵਿੱਚ ਬਤੌਰ ਮਾਸਟਰ ਨੇੜੇ ਦੇ ਪਿੰਡ ਛੋਕਰਾ, ਜੋ ਉਸ ਸਮੇਂ ਹੀ ਸਰਕਾਰੀ ਪ੍ਰਾਇਮਰੀ ਸਕੂਲ ਚਾਲੂ ਹੋਇਆ ਸੀ, ਵਿਖੇ ਆਪਣੀ ਸੇਵਾ ਨਿਭਾਉਣੀ ਸ਼ੁਰੂ ਕੀਤੀ ।

ਮਾਸਟਰ ਜਗਜੀਤ ਸਿੰਘ ਦਾ ਵਿਆਹ ਬੀਬੀ ਬਲਦੇਵ ਕੌਰ ਨਾਲ ਹੋਇਆ, ਜੋ ਮਿਲਾਪੜੇ ਸੁਭਾਅ ਵਾਲੇ ਸਨ। ਮਾਸਟਰ ਜੀ ਦੇ ਮਿੱਤਰ ਅਤੇ ਟਰੇਡ ਯੂਨੀਅਨ ਆਗੂ ਜੋ ਘਰ ਆਉਂਦੇ ਸੀ, ਉਹਨਾਂ ਦੀ ਦਿਲੋਂ ਸੇਵਾ ਕਰਦੇ ਸੀ। ਉਹਨਾਂ ਦੇ ਦੋ ਲੜਕੇ ਹਨ । ਉਹਨਾਂ ਦੇ ਵੱਡੇ ਲੜਕੇ ਸ਼ਮਸ਼ੇਰ ਸਿੰਘ ਜੋ ਲੱਡਾ ਕੋਠੀ ਵਿਖੇ ਬਤੌਰ ਸਹਾਇਕ ਸਬ-ਇੰਸਪੈਕਟਰ ਨਵੇਂ ਭਰਤੀ ਹੋਏ ਜਵਾਨਾਂ ਨੂੰ ਟਰੇਨਿੰਗ ਦਿੰਦੇ ਹਨ । ਉਹ ਵੀ ਮਾਸਟਰ ਜੀ ਦੇ ਪਾਏ ਪੂਰਨਿਆਂ ਅਤੇ ਨਕਸ਼ੇ-ਕਦਮਾਂ 'ਤੇ ਚੱਲ ਰਹੇ ਹਨ । ਦੂਸਰਾ ਲੜਕਾ ਜਸਵਿੰਦਰ ਸਿੰਘ ਜੋ ਨੈਸ਼ਨਲ ਪੱਧਰ ਦਾ ਅਥਲੀਟ ਹੈ, ਉਸ ਨੇ ਨੌਕਰੀ ਨੂੰ ਤਰਜੀਹ ਨਾ ਦੇ ਕੇ ਦਸਾਂ ਨਹੁੰਆਂ ਦੀ ਕਿਰਤ ਦੇ ਅਸੂਲ ਨੂੰ ਅਪਣਾਉਂਦੇ ਹੋਏ ਚੰਗੀ ਖੇਤੀ ਕਰ ਰਿਹਾ ਹੈ। ਮਾਸਟਰ ਜਗਜੀਤ ਸਿੰਘ ਸੇਵਾ ਵਿੱਚ ਆਉਂਦੇ ਹੀ ਅਧਿਆਪਕ ਯੂਨੀਅਨ ਦੇ ਸਰਗਰਮ ਮੈਂਬਰ ਬਣ ਗਏ। ਦੋ ਵਾਰ ਬਲਾਕ ਮਾਲੇਰਕੋਟਲਾ ਦੇ ਪ੍ਰਧਾਨ ਰਹੇ ।1964 ਵਿੱਚ ਸਿੱਖਿਆ ਨੀਤੀ ਵਿੱਚ ਸੁਧਾਰ ਕਰਨ ਲਈ ਕੋਠਾਰੀ ਕਮਿਸ਼ਨ ਬਣਿਆ ਸੀ, ਉਸ ਦੀ 1966 ਵਿੱਚ ਜੋ ਰਿਪੋਰਟ ਆਈ, ਉਸ ਨੂੰ ਲਾਗੂ ਕਰਾਉਣ ਲਈ ਪੰਜਾਬ ਵਿੱਚ ਸੰਘਰਸ਼ ਸ਼ੁਰੂ ਹੋਇਆ, ਜਿਸ ਵਿੱਚ ਅਧਿਆਪਕਾਂ ਦੀਆਂ ਗਿਰਫ਼ਤਾਰੀਆਂ ਹੋਈਆਂ, ਜਿਸ ਵਿੱਚ ਬਲਾਕ ਮਾਲੇਰਕੋਟਲਾ ਦੇ ਤਿੰਨ ਆਗੂ ਮਾਸਟਰ ਜਗਜੀਤ ਸਿੰਘ ਦੁੱਗਰੀ, ਕਰਤਾਰ ਸਿੰਘ ਪੰਛੀ ਅਤੇ ਮਾਸਟਰ ਗੌਰੀ ਸ਼ੰਕਰ ਮੁਬਾਰਕਪੁਰ ਚੂੰਘਾਂ ਵੀ ਗਿਰਫ਼ਤਾਰ ਹੋਏ ਤੇ ਦੋ ਮਹੀਨੇ ਅੰਬਾਲਾ ਜੇਲ੍ਹ ਵਿੱਚ ਰਹੇ। ਉਸ ਤੋਂ ਬਾਅਦ ਜਦੋਂ ਬੇਰੁਜ਼ਗਾਰਾਂ ਦਾ ਸੰਘਰਸ਼ ਸ਼ੁਰੂ ਹੋਇਆ, ਉਸ ਵਿੱਚ ਵੀ ਮਾਸਟਰ ਜਗਜੀਤ ਸਿੰਘ, ਮਾਸਟਰ ਕ੍ਰਿਸ਼ਨ ਕੁਮਾਰ, ਮਾਸਟਰ ਮਦਨ ਲਾਲ ਬਾਗੀ, ਪ੍ਰੋਫੈਸਰ ਐੱਸ ਤਰਸੇਮ, ਮਾਸਟਰ ਜੰਗੀਰ ਸਿੰਘ ਭੂਦਨ, ਮਾਸਟਰ ਤਰਨ ਮੁਹੰਮਦ, ਪ੍ਰਿੰਸੀਪਲ ਧਰਮ ਸਿੰਘ ਧਨੋ ਅਤੇ ਕਾਮਰੇਡ ਅਲਤਾਫ ਉਰ ਰਹਿਮਾਨ ਗਿਰਫ਼ਤਾਰ ਹੋਏ ਅਤੇ ਸੰਗਰੂਰ ਜੇਲ੍ਹ ਵਿੱਚ ਰਹੇ।



ਮਾਸਟਰ ਜਗਜੀਤ ਸਿੰਘ ਦੁੱਗਰੀ ਇੱਕ ਹੋਣਹਾਰ ਕਬੱਡੀ ਖਿਡਾਰੀ ਸਨ ਅਤੇ ਪੜ੍ਹਾਈ ਕਰ ਰਹੇ ਬੱਚਿਆਂ ਨੂੰ ਨੈਸ਼ਨਲ ਪੱਧਰ ਦੇ ਖਿਡਾਰੀ ਬਣਾਇਆ। ਮਾਸਟਰ ਜਗਜੀਤ ਸਿੰਘ ਨੇ ਤੇਜਾ ਸਿੰਘ ਸੁਤੰਤਰ ਦੀ ਸੰਗਰੂਰ ਦੀ ਲੋਕ ਸਭਾ ਚੋਣਾਂ ਵਿੱਚ ਸਰਗਰਮ ਭੂਮਿਕਾ ਨਿਭਾਈ। ਇਸੇ ਤਰ੍ਹਾਂ ਕਾਮਰੇਡ ਅੱਛਰਾ ਸਿੰਘ ਗੁਆਰਾ ਸਾਬਕਾ ਐੱਮ ਐੱਲ ਏ ਅਤੇ ਕਾਮਰੇਡ ਭਾਨ ਸਿੰਘ ਭੌਰਾ, ਜੋ ਦੋ ਵਾਰ ਐੱਮ ਪੀ, ਦੋ ਵਾਰ ਐੱਮ ਐੱਲ ਏ ਰਹੇ, ਉਹਨਾਂ ਨਾਲ ਵੀ ਸਰਗਰਮੀ ਨਾਲ ਲੋਕ ਸੇਵਾ ਕੀਤੀ । 1993 ਵਿੱਚ ਸੇਵਾ ਮੁਕਤ ਹੋਣ ਉਪਰੰਤ ਉਹ ਸੀ ਪੀ ਆਈ ਦੇ ਸਰਗਰਮ ਆਗੂ ਦੇ ਤੌਰ 'ਤੇ ਲੋਕ ਸੇਵਾ ਕਰਦੇ ਰਹੇ ਹਨ। ਉਹ ਜ਼ਿਲਾ ਸੰਗਰੂਰ ਅਤੇ ਮਾਲੇਰਕੋਟਲਾ ਦੇ ਸਰਗਰਮ ਆਗੂ ਰਹੇ। ਮਾਸਟਰ ਜਗਜੀਤ ਸਿੰਘ ਦੁੱਗਰੀ 24 ਮਈ। 2026 ਨੂੰ 91ਸਾਲ ਦੀ ਉਮਰ ਵਿੱਚ ਸਦੀਵੀ ਵਿਛੋੜਾ ਦੇ ਗਏ। ਅੱਜ 2 ਜੂਨ (ਮੰਗਲਵਾਰ) ਉਹਨਾਂ ਨੂੰ ਯਾਦ ਕਰਦਿਆਂ ਦੁੱਖੀ ਮਨ ਨਾਲ ਆਪਣੇ ਵੱਡਮੁੱਲੇ ਆਗੂ ਨੂੰ ਸੀ ਪੀ ਆਈ ਜ਼ਿਲ੍ਹਾ ਮਾਲੇਰਕੋਟਲਾ ਦੇ ਆਗੂ, ਸੂਬੇ ਦੇ ਆਗੂ ਅਤੇ ਹੋਰ ਵੀ ਭਰਾਤਰੀ ਜਥੇਬੰਦੀਆਂ ਦੇ ਆਗੂ ਸ਼ਰਧਾਂਜਲੀ ਭੇਟ ਕਰਦੇ ਹਨ ।

**# ਸੰਪਰਕ : 94174-57130**

# ਕੀ ਤੇਲ ਦੇ ਰੇਟਾਂ ਵਿੱਚ ਵਾਧਾ ਜਾਰੀ ਰਹੇਗਾ

**ਜਗਮੇਲ ਸਿੰਘ**

ਪ੍ਰਧਾਨ ਮੰਤਰੀ ਦੀ ਭਾਸ਼ਣਬਾਜ਼ੀ, ਸਪੱਸ਼ਟ ਸੰਕੇਤ ਸੀ, ਤੇਲ ਦੇ ਰੇਟ ਵਧਣਗੇ। ਕਾਰਨ ਸਿਰਫ਼ ਇਹੀ ਨਹੀਂ ਕਿ ਪ੍ਰਧਾਨ ਮੰਤਰੀ ਨੇ ਕਿਹਾ ਕੀ ਤੇ ਕੀਤਾ ਕੀ । ਲੋਕ ਉਹਨਾ ਦੇ ਖਰਚੀਲੇ ਸ਼ੌਕਾਂ ਨੂੰ ਵੀ ਜਾਣਦੇ ਐ ਤੇ ਉਹਨਾਂ ਦੀ ਕਾਰਪੋਰੇਟ ਪੱਖੀ ਨੀਤੀਆਂ ਨੂੰ ਵੀ ਬੁੱਝਦੇ ਐ।ਭਾਸ਼ਣ ਬੱਚਤਾਂ ਦੇ, ਸ਼ੌਕ ਕਾਰਾਂ, ਜਹਾਜ਼ਾਂ, ਵਿਦੇਸ਼ਾਂ ਤੇ ਸੂਟਾਂ ਦੇ।ਲੋਕਾਂ ਨੇ ਭਾਸ਼ਣ ਸੁਣ ਕੇ ਲੱਖਣ ਲਾ ਲਿਆ ਸੀ।ਕਹਿਣੀ ਤੇ ਕਰਨੀ ਵਿਚਲਾ ਫ਼ਰਕ ਬੁਝ ਲਿਆ ਸੀ।

ਸ਼ੁਰੂ ਹੋ ਗਿਐ, ਤੇਲ ਕੀਮਤਾਂ ਵਧਾਉਣ ਦਾ ਸਿਲਸਿਲਾ। ਪਹਿਲੇ ਝੱਟੇ ਤਿੰਨ ਰੁਪਏ, ਫਿਰ 90 ਪੈਸੇ ਤੇ ਫੇਰ 87 ਪੈਸੇ। ਵਾਧੇ 'ਤੇ ਵਾਧਾ ਕਿ ਹੱਲੇ 'ਤੇ ਹੱਲਾ। ਤੇਲ ਕੀਮਤਾਂ ਵਧਾਉਣਾ, ਸਰਕਾਰ ਦੀ ਨੀਤੀ ਦਾ ਹਿੱਸਾ।ਨੀਤੀ ਕੰਪਨੀਆਂ ਦੇ ਪੱਖੀ ਤੇ ਲੋਕਾਂ ਦੇ ਦੋਖੀ। ਪੈਸਾ ਲੋਕਾਂ ਦੀਆਂ ਜੇਬਾਂ ਵਿਚੋਂ ਕੱਢਣਾ। ਤੇਲ ਕੰਪਨੀਆਂ ਦੀਆਂ ਜੇਬਾਂ 'ਚ ਪਾਉਣਾ। ਉਹਨਾਂ ਦੇ ਮੁਨਾਫ਼ਿਆਂ ਨੂੰ ਵਧਾਉਂਦੇ ਜਾਣਾ। ਤਾਜ਼ਾ ਵਾਧਾ ਕੰਪਨੀਆਂ ਦੀ ਕਮਾਈ ਤੇ ਮੁਨਾਫ਼ੇ ਹੋਰ ਵਧਾਊ। ਹਰ ਰੋਜ਼ ਪੈਟਰੋਲ ਦੀ ਵਿਕਰੀ ਹੈ,15 ਕਰੋੜ ਲੀਟਰ। ਇਹਦੇ ਵਿੱਚੋਂ ਰਿਲਾਇੰਸ ਕੰਪਨੀ ਦੇ ਹਿੱਸੇ ਦੀ ਰੋਜ਼ ਦੀ ਕਮਾਈ ਹੈ 3000 ਕਰੋੜ ਰੁਪਏ। ਮੁਨਾਫ਼ਾ 220 ਕਰੋੜ ਰੁਪਏ। ਨਵੇਂ ਵਾਧੇ ਨਾਲ ਕਮਾਈ ਵਿੱਚ ਵਾਧਾ 16 ਕਰੋੜ ਰੁਪਏ ਰੋਜ਼, ਸਿਰਫ਼ ਪੈਟਰੋਲ ਵਿੱਚੋਂ ਹੀ। ਡੀਜ਼ਲ ਦੀ ਰੋਜ਼ ਦੀ ਵਿਕਰੀ ਹੈ, 31 ਕਰੋੜ ਲੀਟਰ ? ਇਹਦੇ ਵਿੱਚੋਂ ਰਿਲਾਇੰਸ ਕੰਪਨੀ ਦੇ ਹਿੱਸੇ ਦੀ ਰੋਜ਼ ਦੀ ਕਮਾਈ ਹੈ 450 ਕਰੋੜ ਰੁਪਏ। ਮੁਨਾਫ਼ਾ 20 ਕਰੋੜ ਰੁਪਏ। ਨਵੇਂ ਵਾਧੇ ਨਾਲ ਕਮਾਈ ਵਿੱਚ ਵਾਧਾ 5 ਕਰੋੜ ਰੁਪਏ ਰੋਜ਼, ਸਿਰਫ਼ ਡੀਜ਼ਲ ਵਿੱਚੋਂ। ਸਰਕਾਰਾਂ ਇਹ ਕੀਮਤਾਂ ਮੁੱਢ ਤੋਂ ਹੀ ਵਧਾਉਂਦੀਆਂ ਆ ਰਹੀਆਂ ਹਨ।

ਤੇਲ ਸ਼ਕਤੀ ਦਾ ਸੋਮਾ, ਮਨੁੱਖੀ ਖ਼ੂਨ ਵਰਗਾ। ਇਹਦੇ ਨਾਲ ਹੀ ਘੂਕਦਾ ਚੱਕਰ, ਆਵਾਜਾਈ, ਉਤਪਾਦਨ, ਖੇਤੀ ਖੇਤਰ ਦਾ। ਇਹਦੇ ਸਿਰ 'ਤੇ ਹੀ ਦੁੜੰਗੇ ਮਾਰਦੀ ਹੈ ਮਨੁੱਖੀ ਜ਼ਿੰਦਗੀ, ਪਰ ਖੁਦ ਬਿਗਾਨੀਆਂ ਫਹੁੜੀਆਂ 'ਤੇ। ਦਰਾਮਦਾਂ 'ਤੇ ਨਿਰਭਰਤਾ। ਇਸ ਸਮੇਂ ਦਰਾਮਦ ਕੁੱਲ ਖਪਤ ਦਾ 88 ਫੀਸਦੀ ਹੈ। ਤੇਲ ਵਿਦੇਸ਼ੋਂ ਆਵੇ, ਪੈਸਾ ਵਿਦੇਸ਼ੀਂ ਜਾਵੇ। ਜਾਵੇ ਉਥੇ, ਜਿਥੋਂ ਤੇਲ ਆਵੇ। ਵਿਦੇਸ਼ੀ ਮੁਦਰਾ ਦਾ ਭੰਡਾਰ ਘਟ ਜਾਵੇ। ਇਹ ਦੇਖ ਰੁਪਈਆ ਓਦਰ ਜਾਂਦੈ। ਕਮਜ਼ੋਰ ਹੋ ਜਾਂਦੈ। ਡਾਲਰ ਮੂਹਰੇ ਵਿਚਾਰਾ ਬਣ ਜਾਂਦੈ। ਦਰਾਮਦ ਲਈ ਵੱਧ ਰੁਪਏ ਦੇਣੇ ਪੈਂਦੇ ਨੇ।ਐਂ ਤੇਲ ਕੀਮਤਾਂ ਵਧਾਉਣ ਦਾ ਆਧਾਰ ਪੈਦਾ ਹੋ ਜਾਂਦੈ।ਤੇਲ ਉਤਪਾਦਕ ਦੇਸ਼ਾਂ ਦੇ ਵਧਦੇ ਰੇਟ, ਮਹਿੰਗੀ ਢੋਆ-ਢੁਆਈ, ਨਿੱਤ ਵਧਦੀ ਚੂੰਗੀ ਤੇ ਕਈ ਤਰ੍ਹਾਂ ਦੇ ਟੈਕਸ ਤੇਲ ਕੀਮਤਾਂ ਨੂੰ ਵਧਾ ਦਿੰਦੇ ਨੇ।

ਜਦ ਘਰੇਲੂ ਪੈਦਾਵਾਰ ਦਾ ਗਲ਼ਾ ਘੁੱਟਿਆ ਜਾਊ, ਤੇਲ ਰੇਟ ਅੱਖਾਂ ਕੱਢੂ, ਜਿਵੇਂ ਫਸਿਆ ਬੰਦਾ। ਹੋਰ ਕਰ ਵੀ ਕੀ ਸਕਦਾ ਤੇਲ ਵਿਚਾਰਾ ? ਪਹਿਲਾਂ ਮੁਲਕ ਵਿਚੋਂ ਤੇਲ ਖੋਜਿਆ ਜਾਂਦਾ। ਕੱਢਿਆ ਜਾਂਦਾ ਰਿਹਾ। ਪ੍ਰਬੰਧਕ ਸੀ ਤੇਲ ਤੇ ਕੁਦਰਤੀ ਗੈਸ ਕਾਰਪੋਰੇਸ਼ਨ ਲਿਮਟਿਡ। ਮੁੱਖ ਤੇਲ ਕੇਂਦਰ ਸਨ ਪੰਨਾ, ਮੁਕਤਾ, ਤਾਪਤੀ।ਸਾਲ 1985 ਵਿੱਚ ਘਰੇਲੂ ਪੈਦਾਵਾਰ ਸੀ 320 ਲੱਖ ਟਨ। ਖਪਤ ਸੀ 400 ਲੱਖ ਟਨ। ਦਰਾਮਦ ਆਟੇ 'ਚ ਲੂਣ ਬਰਾਬਰ, ਸਿਰਫ਼ 20 ਫੀਸਦੀ। ਸਾਮਰਾਜੀ ਦਖਲ ਦਾ ਗੇੜ ਵਧਿਆ। ਨਵੀਆਂ ਨੀਤੀਆਂ ਆਈਆਂ। ਢਾਂਚਾ ਢਾਲਿਆ ਗਿਆ, ਕਾਰਪੋਰੇਟਾਂ ਨੂੰ ਮੂਹਰੇ ਕਰ ਦਿੱਤਾ ਗਿਆ।ਨਿੱਜੀਕਰਨ ਦੇ ਦੈਂਤ ਦੀਆਂ ਡੋਰਾਂ ਖੋਲ੍ਹ ਦਿੱਤੀਆਂ। ਨਿੱਜੀ ਤੇਲ ਕੰਪਨੀਆਂ ਦਾ ਗ਼ਲਬਾ ਕਰਾ ਦਿੱਤਾ ਗਿਆ। ਮੁਨਾਫ਼ਿਆਂ ਦੀ ਹਵਸ ਨੇ ਘਰੇਲੂ ਪੈਦਾਵਾਰ ਦਾ ਗਲ ਘੁੱਟ ਦਿੱਤੈ। ਬੰਦ ਵਰਗੀ ਹਾਲਤ ਵਿੱਚ ਪਹੁੰਚਾ ਦਿੱਤੈ। ਕੰਪਨੀਆਂ ਵਿਦੇਸ਼ਾਂ ਤੋਂ ਮੰਗਵਾ ਕੇ ਦੇਸ਼-ਵਿਦੇਸ਼ ਵੇਚਣ ਲੱਗੀਆਂ।ਮੁਲਕ ਵਿੱਚ ਤੇਲ ਦੀ ਕਿੱਲਤ, ਕੰਪਨੀਆਂ ਵਿਦੇਸ਼ਾਂ ਨੂੰ ਵੇਚਣ।ਸਰਕਾਰਾਂ ਨੇ ਸਿਰ ਚੜ੍ਹਾਈਆਂ ਇਹ ਕੰਪਨੀਆਂ।ਕੰਪਨੀਆਂ ਨੂੰ ਖੁੱਲ੍ਹਾਂ ਦੇ ਕਾਨੂੰਨ ਬਣਾਏ।

ਤੇਲ ਖਾੜੀ ਦੇਸ਼ਾਂ ਤੇ ਰੂਸ ਵਗੈਰਾ ਤੋਂ ਖਰੀਦ ਰਹੇ ਸੀ। ਅਮਰੀਕਾ ਤੋਂ ਹੁਕਮ ਆਇਆ, 'ਇਥੋਂ ਨਹੀਂ ਖਰੀਦਣਾ।' ਉਵੇਂ ਜਿਵੇਂ ਸੰਤਾਲੀ ਤੋਂ ਪਹਿਲਾਂ ਬਰਤਾਨਵੀ ਸਾਮਰਾਜ ਹੁਕਮ ਕਰਦਾ ਸੀ। ਸਰਕਾਰ ਰੁਕ ਗਈ। ਅਮਰੀਕਨ ਸਾਮਰਾਜ ਭਾਰਤ ਦਾ ਬਾਦਸ਼ਾਹ ਬਣ-ਬਣ ਬਹਿੰਦਾ। ਸਰਕਾਰ ਅਹਿਲਕਾਰਾਂ ਵਾਂਗੂ ਹੁਕਮ ਵਜਾ ਰਹੀ ਹੈ। ਤੇਲ ਖਰੀਦਣਾ ਮੁਲਕ ਨੇ, ਪੈਸੇ ਦੇਣੇ ਮੁਲਕ ਨੇ।' ਖਰੀਦਣ ਦੀ ਮੰਨਜ਼ੂਰੀ ਲੈਣੀ ਪੈਂਦੀ ਹੈ, ਅਮਰੀਕਾ ਤੋਂ। ਕਿੱਥੇ ਹੈ ਆਜ਼ਾਦ ਭਾਰਤ, ਪ੍ਰਭੂਸੱਤਾ ਸੰਪੰਨ ਦੇਸ਼ ? ਆਹ ਤਾਂ ਹੱਦ ਈ ਹੋ ਗਈ, ਅਮਰੀਕਨ ਵਿਦੇਸ਼ ਮੰਤਰੀ ਰੂਬੀਓ ਆ ਕੇ ਕਹਿ ਗਿਆ, 'ਤੇਲ ਅਮਰੀਕਾ ਤੋਂ ਖਰੀਦੋ।' ਅਮਰੀਕਾ ਤੋਂ ਖਰੀਦਣ ਦਾ ਮਤਲਬ, ਕਿਰਾਇਆ ਭਾੜਾ,ਚੂੰਗੀ,ਟੈਕਸ, ਸਭ ਮਹਿੰਗੇ।ਤੇਲ ਦਾ ਰੇਟ ਵੀ ਉਹਨਾਂ ਹੱਥ, ਯਾਨਿ ਤੇਲ ਦਾ ਰੇਟ ਹੋਰ ਵਧੂ।

ਕੰਪਨੀਆਂ ਦਾ ਦਬਾਅ ਸੀ, ਤੇਲ ਦੇ ਰੇਟ ਵਧਾਓ।ਸਰਕਾਰ, ਤਾਕ ਵਿੱਚ ਸੀ। ਬਹਾਨਾ ਭਾਲ ਰਹੀ ਸੀ। ਬਹਾਨਾ ਭਾਲ ਲਿਐ, 'ਹੋਰਮੁਜ਼ ਜਲ ਡਮਰੂ ਦੀ ਨਾਕਾਬੰਦੀ।' ਇਹ ਬਹਾਨਾ ਕੋਰਾ ਝੂਠ ਨਿਕਲਿਆ। ਤੇਲ ਕਿੱਲਤ ਨਾਕਾਬੰਦੀ ਕਰਕੇ ਨਹੀਂ, ਅਮਰੀਕਾ ਦੀ ਸਾਮਰਾਜੀ ਧੌਂਸ ਕਰਕੇ ਹੈ, ਜੀਹਨੇ ਈਰਾਨ ਤੇ ਰੂਸ ਤੋਂ ਤੇਲ ਖਰੀਦਣ ਤੋਂ ਰੋਕਿਆ। ਚਾਬਹਾਰ ਬੰਦਰਗਾਹ ਤੋਂ ਪਾਈਪ ਲਾਈਨ ਦਾ ਪ੍ਰੋਜੈਕਟ ਵੀ ਬੰਦ ਕਰਵਾਇਆ।ਸਰਕਾਰ ਸਤ ਬਚਨ ਕਹਿ ਝੁਕ ਗਈ। ਉਂਝ ਵੀ ਇਸ ਨਾਕਾਬੰਦੀ ਨੂੰ ਤਾਂ ਢਾਈ ਮਹੀਨੇ ਹੋ ਚੁੱਕੇ ਸੀ।

ਤੇਲ ਦੀ ਕਿੱਲਤ ਮੁਲਕ ਤੇ ਲੋਕਾਂ ਲਈ ਵੱਡਾ ਭਾਰੀ ਸੰਕਟ। ਸਰਕਾਰ ਦੀ ਇਸ ਤਰਫ਼ ਕੋਈ ਕੋਸ਼ਿਸ਼ ਦਿਖਾਈ ਨਹੀਂ ਦਿੰਦੀ। ਨਾਹਰੇ ਤਾਂ ਸੁਣਦੇ ਹਾਂ। ਕਦੀ ਕਦੀ ਪ੍ਰਧਾਨ ਮੰਤਰੀ ਦੇ ਭਾਸ਼ਣਾਂ ਵਿੱਚ ਵੀ ਜ਼ਿਕਰ ਆ ਜਾਂਦੈ, ਪਰ ਜ਼ਮੀਨੀ ਪੱਧਰ 'ਤੇ ਰਿਪੋਰਟ, ਜ਼ੀਰੋ ਬਟਾ ਜ਼ੀਰੋ ਹੈ। ਸਰਕਾਰ ਨੂੰ ਚਾਹੀਦਾ, ਸਾਮਰਾਜ ਦੀ ਅਹਿਲਕਾਰੀ ਛੱਡੇ। ਜੇ ਘਰੇਲੂ ਪੈਦਾਵਾਰ ਦਾ ਪ੍ਰੋਜੈਕਟ ਸਰਕਾਰ ਆਪਦੇ ਹੱਥ ਲਵੇ, ਇਸ ਨੂੰ ਪ੍ਰਫੁੱਲਿਤ ਕਰੇ। ਮੁਲਕ 'ਚੋਂ ਕੱਢਿਆ ਤੇ ਸੋਧਿਆ ਤੇਲ ਪਏਗਾ 1 ਹਜ਼ਾਰ ਰੁਪਏ ਪ੍ਰਤੀ ਬੈਰਲ। ਬਾਹਰੋਂ ਮੰਗਵਾਇਆ ਪੈਂਦਾ 10 ਹਜ਼ਾਰ ਰੁਪਏ ਦਾ। ਪ੍ਰਤੀ ਬੈਰਲ 9 ਹਜ਼ਾਰ ਰੁਪਈਆ ਬਚਾਇਆ ਜਾ ਸਕਦਾ ਹੈ।ਤੇਲ ਸੰਕਟ 'ਚੋਂ ਨਿਕਲਣ ਲਈ ਸਵੈ-ਨਿਰਭਰ ਹੋਣਾ ਅਣਸਰਦੀ ਲੋੜ ਹੈ। ਸਰਕਾਰ ਬੰਦ ਕੀਤੇ ਤੇਲ ਖੂਹਾਂ ਨੂੰ ਚਲਾਵੇ ਤੇ ਹੋਰ ਨਵੇਂ ਖੋਜ ਕੇ ਤੇਲ ਕੱਢੇ ਤਾਂ ਇਹ ਮੁਕਾਬਲਤਨ ਸਸਤਾ ਹੋ ਸਕਦਾ। ਵਿਦੇਸ਼ੀ ਮੁਦਰਾ ਵੀ ਬਚ ਜਾਵੇਗੀ। ਢੋਆ-ਢੁਆਈ ਦੇ ਵੱਡੇ ਖਰਚਿਆਂ ਤੋਂ ਬਚਿਆ ਜਾ ਸਕਦਾ ਹੈ।ਵਿਦੇਸ਼ਾਂ ਦੀ ਚੂੰਗੀ ਤੇ ਵਿਦੇਸ਼ਾਂ ਦੇ ਟੈਕਸਾਂ ਦਾ ਪੈਸਾ ਵੀ ਬਚ ਜਾਵੇਗਾ। ਰੁਜ਼ਗਾਰ ਦੇ ਦਰਵਾਜ਼ੇ ਖੁੱਲ੍ਹਣ ਦਾ ਰਾਹ ਬਣ ਜਾਵੇਗਾ।

**# ਸੰਪਰਕ : 94172-24822**

## ਗੰਭੀਰ ਤੇ ਚਿੰਤਾਜਨਕ ਹੈ ਖਾਧ ਪਦਾਰਥਾਂ 'ਚ ਹੋ ਰਹੀ ਮਿਲਾਵਟ

**ਪਾਠਕ-ਸੱਥ**

ਦਿਨ ਪ੍ਰਤੀ ਦਿਨ ਖੁਰਾਕ ਪਦਾਰਥਾਂ ਵਿੱਚ ਮਿਲਾਵਟ ਦਾ ਰੁਝਾਨ ਵੱਧ ਰਿਹਾ ਹੈ। ਤਕਰੀਬਨ ਕਾਫੀ ਸਮੇਂ ਤੋਂ ਦੂਸ਼ਿਤ ਖੁਰਾਕ ਪਦਾਰਥਾਂ , ਮਿਲਾਵਟੀ ਦੁੱਧ ਪੀਣ ਨਾਲ ਲੋਕਾਂ ਦੀਆਂ ਮੌਤਾਂ ਦੀਆਂ ਖਬਰਾਂ ਆਮ ਪੜ੍ਹ ਨੂੰ ਮਿਲ ਰਹੀਆਂ ਹਨ। ਖੁਰਾਕ ਪਦਾਰਥਾਂ 'ਚ ਮਿਲਾਵਟ ਇੱਕ ਘਿਨੌਣਾ ਅਪਰਾਧ ਹੈ । ਦੁੱਧ ਤੋਂ ਬਣੇ ਪਦਾਰਥ, ਮਿਠਾਈਆਂ ਵਿੱਚ ਮਿਲਾਵਟ ਦਾ ਕਾਰੋਬਾਰ ਬੇਖੌਫ਼ ਚੱਲ ਰਿਹਾ ਹੈ। ਹਾਲਾਂਕਿ ਤਿਉਹਾਰਾਂ ਦੇ ਨੇੜੇ ਤੇੜੇ ਸਿਹਤ ਵਿਭਾਗ ਹਰਕਤ ਵਿੱਚ ਆਉਂਦਾ ਹੈ। ਦੁਕਾਨਾਂ ਦੇ ਸੈਂਪਲ ਭਰੇ ਜਾਂਦੇ ਹਨ। ਵਿਭਾਗੀ ਕਾਰਵਾਈ ਵੀ ਹੁੰਦੀ ਹੈ। ਵਿਚਾਰ ਕਰਨ ਵਾਲੀ ਗੱਲ ਹੈ ਕਿ ਸਾਰਾ ਸਾਲ ਪ੍ਰਸ਼ਾਸਨ ਕਿੱਥੇ ਸੋ ਰਿਹਾ ਹੁੰਦਾ ਹੈ। ਸਿਰਫ ਤਿਉਹਾਰਾਂ ਵਿੱਚ ਹੀ ਪ੍ਰਸ਼ਾਸਨ ਕਿਉਂ ਜਾਗਦਾ ਹੈ। ਅੱਜ ਸੋਸ਼ਲ ਮੀਡੀਆ ਤੇ ਵੀ ਦੁੱਧ 'ਚ ਮਿਲਾਵਟ ਪਾਏ ਜਾਣ ਤੇ ਨਕਲੀ ਦੁੱਧ ਦੀਆਂ ਵੀਡੀਓਜ਼ ਅਸੀਂ ਆਮ ਦੇਖ ਲੈਂਦੇ ਹਨ। ਇੰਨਾ ਕੁਝ ਹੋਣ ਦੇ ਬਾਵਜੂਦ ਪ੍ਰਸ਼ਾਸਨ ਤੇ ਕੋਈ ਅਸਰ ਨਹੀਂ ਹੋ ਰਿਹਾ। ਕੁੱਝ ਕੁ ਦਿਨ ਪਹਿਲਾਂ ਖਬਰ ਪੜ੍ਹੀ ਕਿ ਮਿਲਾਵਟੀ ਦੁੱਧ ਪੀਣ ਨਾਲ ਕਿਸੇ ਹਸਪਤਾਲ ਵਿੱਚ ਮਰੀਜ਼ਾਂ ਦੀ ਗਿਣਤੀ ਵੱਧ ਹੋ ਗਈ। ਮਰੀਜ਼ਾਂ ਵਿੱਚ ਪੇਟ ਦਰਦ, ਉਲਟੀਆਂ ਟੱਟੀਆਂ, ਇੱਥੋਂ ਤੱਕ ਪਿਸ਼ਾਬ ਨਾ ਆਉਣਾ ਕਾਰਨ ਪਾਇਆ ਗਿਆ। ਪਿੱਛੇ ਜਿਹੇ ਲੁਧਿਆਣਾ ਵਿਖੇ ਕਿਸੇ ਲੰਗਰ ਵਿੱਚ ਖੀਰ ਖਾਣ ਨਾਲ 100 ਤੋਂ ਵੱਧ ਲੋਕ ਬਿਮਾਰ ਹੋ ਗਏ। ਅਕਸਰ ਨਰਾਤਿਆਂ ਵਿੱਚ ਲੋਕ ਵਰਤ ਰੱਖਦੇ ਹਨ, ਫਿਰ ਉਹ ਕੁੱਟੂ ਦਾ ਆਟਾ ਖਾਂਦੇ ਹਨ ।ਕੁਝ ਸਮਾਂ ਪਹਿਲਾਂ ਪੰਜਾਬ ਵਿੱਚ ਵੀ ਕਿਸੇ ਥਾਂ ਤੇ ਬਹੁਤ ਲੋਕ ਬਿਮਾਰ ਹੋਏ ਸਨ ।ਹੁਣ ਉੱਤਰ ਪ੍ਰਦੇਸ਼ ਦੇ ਕਈ ਜਿਲਿਆਂ ਵਿੱਚ ਮਿਲਾਵਟੀ ਆਟਾ ਖਾਣ ਨਾਲ 100 ਤੋਂ ਵੱਧ ਲੋਕ ਬਿਮਾਰ ਪੈ ਗਏ। ਇੱਕ ਹੋਰ ਖਬਰ ਪੜ੍ਹੀ ਕਿ ਆਂਧਰਾ ਪ੍ਰਦੇਸ਼ ਵਿੱਚ ਮਿਲਾਵਟੀ ਦੁੱਧ ਪੀਣ ਨਾਲ 15 ਲੋਕਾਂ ਦੀ ਮੌਤ ਹੋ ਗਈ ਤੇ ਕਈ ਲੋਕ ਹਸਪਤਾਲ ਜੇ ?ਰੇ ਇਲਾਜ ਹਨ। ਹੈਦਰਾਬਾਦ ਵਿਖੇ ਨਵੇਂ ਸਾਲ ਦੀ ਪਾਰਟੀ ਵਿੱਚ ਐਕਸਪਾਇਰਡ ਮਸਾਲਿਆਂ ਦਾ ਖਾਣਾ ਖਾਣ ਤੋਂ ਬਾਅਦ ਕਈ ਮੌਤਾਂ ਹੋਈਆਂ ਤੇ ਵੱਡੀ ਤਾਦਾਦ ਵਿੱਚ ਲੋਕ ਬਿਮਾਰ ਹੋ ਗਏ। ਅਕਸਰ ਢਾਬੇ, ਹੋਟਲਾਂ ਵਿੱਚ ਸਫਾਈ ਬਿਲਕੁਲ ਵੀ ਨਹੀਂ ਹੁੰਦੀ ਹੈ ਜੋ ਉਥੇ ਖਾਣਾ ਬਣਾਉਣ ਵਾਲੇ ਹੁੰਦੇ ਹਨ ਉਨਾਂ ਦੇ ਹੱਥ ਬਹੁਤ ਗੰਦੇ ਹੁੰਦੇ ਹਨ। ਰਸੋਈ ਵਿੱਚ ਬਹੁਤ ਗੰਦਗੀ ਹੁੰਦੀ ਹੈ। ਕੁੱਝ ਕੁ ਦਿਨ ਪਹਿਲਾਂ ਇੱਕ ਨਾਮੀ ਹੋਟਲ ਦੀ ਕੰਟੀਨ ਵਿੱਚ ਮਰਿਆ ਹੋਇਆ ਕੋਕਰੇਜ ਮੈਗੀ ਵਿੱਚੋਂ ਨਿਕਲਿਆ। ਦੇਖੋ ਉੱਥੇ ਤਾਂ ਤਰ੍ਹਾਂ-ਤਰ੍ਹਾ ਦੇ ਮਸਾਲੇ ਲਗਾ ਕੇ ਘਟੀਆ ਤੋਂ ਘਟੀਆ ਖਾਣੇ ਨੂੰ ਵੀ ਜ਼ਾਇਕੇਦਾਰ ਬਣਾ ਦਿੱਤਾ ਜਾਂਦਾ ਹੈ। ਸਿਹਤ ਤੁਹਾਡੀ ਆਪਣੀ ਹੈ। ਅਕਸਰ ਸਿਆਣੇ ਕਹਿੰਦੇ ਹਨ ਕਿ ਭੁੱਖਾ ਬੰਦਾ ਨਹੀਂ ਮਰਦਾ, ਵੱਧ ਖਾਣ ਨਾਲ ਸਾਡਾ ਪੇਟ ਖਰਾਬ ਹੋ ਜਾਂਦਾ ਹੈ। ਮਿਲਾਵਟਖੋਰੀ ਇਸ ਪੱਧਰ ਤੇ ਫੈਲ ਚੁੱਕੀ ਹੈ ਕਿ ਜ਼ਿਆਦਾਤਰ ਪਦਾਰਥਾਂ 'ਚ ਮਿਲਾਵਟ ਪਾਈ ਜਾਂਦੀ ਹੈ। ਅੱਜ ਕੱਲ ਤਾਂ ਨਾ ਮੁਰਾਦ ਬਿਮਾਰੀਆਂ ਬਹੁਤ ਹਨ, ਪਤਾ ਇਹਨੇ ਹੀ ਨਹੀਂ ਚੱਲਦਾ ਕਿ ਸਰੀਰ ਨੂੰ ਕਿਹੜੀ ਬਿਮਾਰੀ ਲੱਗ ਗਈ ਹੈ। ਸਿਹਤ ਹੈ ਤਾਂ ਜਹਾਨ ਹੈ। ਇਸ ਕਰਕੇ ਸਾਫ ਸੁਥਰਾ ਖਾਣਾ ਜਿੱਥੇ ਤੁਹਾਨੂੰ ਲੱਗਦਾ ਹੈ ਉੱਤੇ ਖਾਓ। ਨਹੀਂ ! ਤਾਂ ਘਰ ਦਾ ਬਣਿਆ ਹੋਇਆ ਸ਼ੁੱਧ ਖਾਣਾ ਖਾਓ। ਇਸੇ ਵਿੱਚ ਹੀ ਸਾਡੀ ਭਲਾਈ ਹੈ। ਸਰਕਾਰ ਤੇ ਪ੍ਰਸ਼ਾਸਨ ਨੂੰ ਅਜਿਹੇ ਸਮਾਜ ਵਿਰੋਧੀ ਲੋਕਾਂ ਦੀ ਪਛਾਣ ਕਰਕੇ ਉਹਨਾਂ ਨੂੰ ਸਬਕ ਸਿਖਾਉਣਾ ਚਾਹੀਦਾ ਹੈ।

**-ਸੰਜੀਵ ਸਿੰਘ ਸੈਣੀ, ਮੋਹਾਲੀ,78889-66168**

## ਸ਼ਨਾਇਆ ਮਹਿਤਾ ਨੂੰ ਮੁੱਖ ਮੰਤਰੀ ਨੇ ਕੀਤਾ ਸਨਮਾਨਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਸ਼ਾਨਦਾਰ ਨਤੀਜਿਆਂ ਵਿੱਚ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ, ਜੋ ਮਰਹੂਮ ਪ੍ਰਿੰਸੀਪਲ ਗੁਰਦੇਵ ਸਿੰਘ ਦੇ ਆਸ਼ੀਰਵਾਦ ਨਾਲ ਅਤੇ ਪ੍ਰਿੰਸੀਪਲ ਸੰਦੀਪ ਮਹਿਤਾ ਦੇ ਦਿਸ਼ਾ ਨਿਰਦੇਸ਼ਾਂ ਦੇ ਨਾਲ ਦਿਨ ਬ ਦਿਨ ਉਪਲਬਧੀਆਂ ਹਾਸਲ ਕਰ ਰਹੀ ਹੈ, ਦੀ ਬੇਹੱਦ ਹੋਣਹਾਰ ਤੇ ਮਿਹਨਤੀ ਵਿਦਿਆਰਥਣ ਸ਼ਨਾਇਆ ਮਹਿਤਾ ਨੇ ਇਤਿਹਾਸਕ ਪ੍ਰਾਪਤੀ ਹਾਸਲ ਕਰਦਿਆਂ ਪੂਰੇ ਇਲਾਕੇ, ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਪੂਰੇ ਸੂਬੇ ਵਿੱਚ ਰੌਸ਼ਨ ਕੀਤਾ ਹੈ।ਸ਼ਨਾਇਆ ਮਹਿਤਾ ਨੇ ਬੋਰਡ ਦੀਆਂ ਪ੍ਰੀਖਿਆਵਾਂ ਵਿੱਚੋਂ ਕੁੱਲ 500 ਅੰਕਾਂ ਵਿੱਚੋਂ 489 ਅੰਕ ਪ੍ਰਾਪਤ ਕਰਕੇ ਜ਼ਿਲ੍ਹੇ ਭਰ ਵਿੱਚੋਂ ਪਹਿਲਾ ਸਥਾਨ ਅਤੇ ਪੂਰੇ ਪੰਜਾਬ ਦੀ ਮੈਰਿਟ ਸੂਚੀ ਵਿੱਚੋਂ 12ਵਾਂ ਸਥਾਨ ਹਾਸਲ ਕਰਕੇ ਆਪਣੀ ਬੇਮਿਸਾਲ ਯੋਗਤਾ ਦਾ ਲੋਹਾ ਮਨਵਾਇਆ ਹੈ।ਇਸ ਅਸਧਾਰਨ ਤੇ ਮਾਣਮੱਤੀ ਸਫ਼ਲਤਾ ਦੇ ਸਬੰਧ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਸ਼ੇਸ਼ ਦਿਲਚਸਪੀ ਲੈਂਦਿਆਂ ਇਸ ਹੋਣਹਾਰ ਧੀ ਨੂੰ ਉਸ ਦੇ ਪਰਿਵਾਰ ਸਮੇਤ ਚੰਡੀਗੜ੍ਹ ਸਥਿਤ ਟੈਗੋਰ ਥੀਏਟਰ 'ਚ ਉਚੇਚੇ ਤੌਰ 'ਤੇ ਸੱਦਿਆ।ਚੰਡੀਗੜ੍ਹ ਵਿਖੇ ਭਗਵੰਤ ਸਿੰਘ ਮਾਨ, ਐਜੂਕੇਸ਼ਨ ਮਨਿਸਟਰ ਹਰਜੋਤ ਬੈਂਸ ਤੇ ਦਿੱਲੀ ਦੇ ਸਾਬਕਾ ਡਿਪਟੀ ਸੀਐਮ ਮਨੀਸ਼ ਸਿਸੋਦੀਆ ਨੇ ਸ਼ਨਾਇਆ ਮਹਿਤਾ ਨੂੰ ਉਸ ਦੀ ਬਿਹਤਰੀਨ ਕਾਰਗੁਜ਼ਾਰੀ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਅਤੇ ਉਸ ਦੀ ਪਿੱਠ ਥਾਪੜੀ। ਇਸ ਯਾਦਗਾਰੀ ਮੌਕੇ 'ਤੇ ਸ਼ਨਾਇਆ ਮਹਿਤਾ ਦੇ ਪਿਤਾ, ਜੋ ਖੁਦ ਇਸ ਸਕੂਲ ਦੇ ਪ੍ਰਿੰਸੀਪਲ ਵਜੋਂ ਸੇਵਾਵਾਂ ਨਿਭਾਅ ਰਹੇ ਹਨ, ਸੰਦੀਪ ਮਹਿਤਾ ਨੇ ਭਾਵੁਕ ਹੁੰਦਿਆਂ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਬੱਚਿਆਂ ਨੂੰ ਖੁਦ ਚੰਡੀਗੜ੍ਹ ਬੁਲਾ ਕੇ ਇਸ ਤਰ੍ਹਾਂ ਸਨਮਾਨਤ ਕਰਨਾ ਇੱਕ ਬਹੁਤ ਹੀ ਸ਼ਾਨਦਾਰ ਅਤੇ ਇਤਿਹਾਸਕ ਉਪਰਾਲਾ ਹੈ।ਉਨ੍ਹਾਂ ਨਾਲ ਮੈਡਮ ਪਰਮਿੰਦਰ ਕੌਰ, ਐਡਵੋਕੇਟ ਰਜਤ ਸਿੰਘ, ਮੈਡਮ ਖੁਸ਼ਪ੍ਰੀਤ ਕੌਰ ਤੇ ਕੋਡੀਨੇਟਰ ਮੁਕੇਸ਼ ਅਰੋੜਾ ਹਾਜ਼ਰ ਸਨ।

## ਇੱਕ ਯੂਨਿਟ ਖ਼ੂਨ ਬਚਾ ਸਕਦਾ ਹੈ ਕਈ ਜਾਨਾਂ : ਡਾ. ਮਿੰਕੂ ਜਵੰਧਾ

**ਭਵਾਨੀਗੜ੍ਹ (ਰਾਜ ਖੁਰਮੀ)** ਮਨੁੱਖਤਾ ਦੀ ਸੇਵਾ ਅਤੇ ਸਮਾਜ ਭਲਾਈ ਦੇ ਕਾਰਜਾਂ ਨੂੰ ਸਮਰਪਿਤ ਜੀਵਨ ਆਸ਼ਾ ਵੈੱਲਫੇਅਰ ਕਲੱਬ ਵੱਲੋਂ ਪਿੰਡ ਉੱਭਾਵਾਲ ਵਿਖੇ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ। ਕੈਂਪ ਵਿੱਚ ਇਲਾਕੇ ਦੇ ਨੌਜਵਾਨਾਂ, ਸਮਾਜ ਸੇਵੀਆਂ ਅਤੇ ਪਿੰਡ ਵਾਸੀਆਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਖੂਨਦਾਨ ਕੀਤਾ।ਇਸ ਮੌਕੇ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ (ਮਿੰਕੂ ਜਵੰਧਾ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੈਂਪ ਦਾ ਉਦਘਾਟਨ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਖੂਨਦਾਨ ਦੁਨੀਆ ਦਾ ਮਹਾਨ ਦਾਨ ਹੈ, ਜਿਸ ਨਾਲ ਕਿਸੇ ਲੋੜਵੰਦ ਦੀ ਜਾਨ ਬਚਾਈ ਜਾ ਸਕਦੀ ਹੈ।ਉਨ੍ਹਾਂ ਕਿਹਾ ਕਿ ਵਿਗਿਆਨ ਦੀਆਂ ਬੇਹੱਦ ਤਰੱਕੀਆਂ ਦੇ ਬਾਵਜੂਦ ਅੱਜ ਤੱਕ ਖੂਨ ਦਾ ਕੋਈ ਬਦਲ ਤਿਆਰ ਨਹੀਂ ਹੋ ਸਕਿਆ।ਇਸ ਲਈ ਹਰ ਤੰਦਰੁਸਤ ਵਿਅਕਤੀ ਨੂੰ ਨਿਯਮਿਤ ਤੌਰ 'ਤੇ ਖ਼ੂਨਦਾਨ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਖ਼ੂਨ ਦਾ ਇੱਕ-ਇੱਕ ਕਤਰਾ ਹਸਪਤਾਲਾਂ ਵਿੱਚ ਜ਼ਿੰਦਗੀ ਅਤੇ ਮੌਤ ਨਾਲ ਜੂਝ ਰਹੇ ਮਰੀਜ਼ਾਂ ਲਈ ਨਵੀਂ ਉਮੀਦ ਬਣਦਾ ਹੈ।ਡਾ. ਜਵੰਧਾ ਨੇ ਜੀਵਨ ਆਸ਼ਾ ਵੈੱਲਫੇਅਰ ਕਲੱਬ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਸਮਾਜ ਸੇਵੀ ਸੰਸਥਾਵਾਂ ਲੋਕਾਂ ਵਿੱਚ ਸੇਵਾ ਭਾਵਨਾ ਪੈਦਾ ਕਰਨ ਦੇ ਨਾਲ-ਨਾਲ ਮਨੁੱਖਤਾ ਦੀ ਭਲਾਈ ਲਈ ਅਹਿਮ ਯੋਗਦਾਨ ਪਾ ਰਹੀਆਂ ਹਨ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਖ਼ੂਨਦਾਨ ਅਤੇ ਹੋਰ ਲੋਕ ਭਲਾਈ ਦੇ ਕਾਰਜਾਂ ਨਾਲ ਜੁੜਨ।ਕੈਂਪ ਦੌਰਾਨ ਮਾਹਿਰ ਡਾਕਟਰਾਂ ਅਤੇ ਮੈਡੀਕਲ ਟੀਮ ਦੀ ਦੇਖ-ਰੇਖ ਹੇਠ ਖ਼ੂਨਦਾਨੀਆਂ ਦੇ ਲੋੜੀਂਦੇ ਟੈਸਟ ਕੀਤੇ ਗਏ ਅਤੇ ਸੁਰੱਖਿਅਤ ਢੰਗ ਨਾਲ ਖੂਨ ਇਕੱਤਰ ਕੀਤਾ ਗਿਆ।ਕਲੱਬ ਵੱਲੋਂ ਮੁੱਖ ਮਹਿਮਾਨ ਡਾ. ਮਿੰਕੂ ਜਵੰਧਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ।



ਇਸ ਮੌਕੇ ਅਸ਼ੋਕ ਕੁਮਾਰ, ਅਰਿੰਦਨ ਚੌਹਾਨ, ਕਲੱਬ ਦੇ ਪ੍ਰਧਾਨ ਜਸਪਾਲ ਸਿੰਘ, ਸੁਭਾਸ਼ ਔਜਲੀ, ਜਗਦੀਸ਼ ਕੁਮਾਰ, ਲਖਵੀਰ ਸਿੰਘ, ਸੋਨੂੰ, ਜੈ ਦੇਵ ਸ਼ਰਮਾ, ਕਲੱਬ ਦੇ ਮੈਂਬਰ, ਨੌਜਵਾਨ ਅਤੇ ਪਿੰਡ ਦੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਸਮਾਗਮ ਦੇ ਅਖੀਰ ਵਿੱਚ ਕਲੱਬ ਦੇ ਅਹੁਦੇਦਾਰਾਂ ਨੇ ਖ਼ੂਨਦਾਨੀਆਂ, ਡਾਕਟਰਾਂ ਦੀ ਟੀਮ ਅਤੇ ਪਹੁੰਚੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ।

## ਮਾਪੇ-ਅਧਿਆਪਕ ਮਿਲਣੀ ਤੇ ਮਾਪੇ ਵਰਕਸ਼ਾਪਾਂ ਦਾ ਸਫ਼ਲ ਆਯੋਜਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)** ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਸੂਬੇ ਭਰ ਦੇ ਸਰਕਾਰੀ ਸਕੂਲਾਂ ਵਿੱਚ 'ਸਿੱਖਿਆ ਦਾ ਮਹਾਂ ਜਸ਼ਨ' ਤਹਿਤ ਮੈਗਾ ਮਾਪੇ-ਅਧਿਆਪਕ ਮਿਲਣੀ (ਪੀ ਟੀ ਐਮ) ਤੇ ਮਾਪੇ ਵਰਕਸ਼ਾਪਾਂ ਦਾ ਆਯੋਜਨ ਕੀਤਾ ਗਿਆ।ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸਮੂਹ ਸਕੂਲਾਂ ਵਿੱਚ ਹੋਏ ਇਨ੍ਹਾਂ ਸਮਾਗਮਾਂ ਵਿੱਚ ਮਾਪਿਆਂ, ਵਿਦਿਆਰਥੀਆਂ, ਅਧਿਆਪਕਾਂ ਤੇ ਸਕੂਲ ਪ੍ਰਬੰਧਕ ਕਮੇਟੀਆਂ ਨੇ ਉਤਸ਼ਾਹਪੂਰਵਕ ਭਾਗ ਲਿਆ।ਸਮਾਗਮ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਯਾਦਵਿੰਦਰ ਸਿੰਘ ਮਾਨ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਹਰਜਿੰਦਰ ਕੁਮਾਰ ਸੇਠੀ ਦੀ ਯੋਗ ਅਗਵਾਈ ਹੇਠ ਕਰਵਾਏ ਗਏ।ਇਸ ਲੜੀ ਤਹਿਤ ਸੈਂਟਰ ਗੁਲਾਬੇ ਵਾਲਾ ਵਿੱਚ ਸੈਂਟਰ ਹੈਡ ਟੀਚਰ ਪਰਗਟ ਸਿੰਘ ਜੰਬਰ ਦੀ ਅਗਵਾਈ ਹੇਠ ਮੈਗਾ ਪੀਟੀਐਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਨੀਤੀ ਆਯੋਗ ਦੀ ਸਕੂਲ ਸਿੱਖਿਆ ਗੁਣਵੱਤਾ ਰਿਪੋਰਟ 2026 'ਚ ਪੰਜਾਬ ਵੱਲੋਂ ਦੇਸ਼ ਭਰ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਦੀ ਖੁਸ਼ੀ ਸਾਂਝੀ ਕੀਤੀ ਗਈ।ਵਿਭਾਗ ਵੱਲੋਂ ਸਕੂਲਾਂ ਦੇ ਟੀਚਿੰਗ ਤੇ ਨਾਨ-ਟੀਚਿੰਗ ਸਟਾਫ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਇਸ ਦੇ ਨਾਲ ਹੀ ਬੋਰਡ ਕਲਾਸਾਂ ਤੇ ਵੱਖ-ਵੱਖ ਵਿਸ਼ਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ।ਇਸਤੋਂ ਇਲਾਵਾ ਵਿਭਾਗ ਦੇ ਭਾਸ਼ਾ ਸੁਧਾਰ ਸੰਬੰਧੀ ਪ੍ਰੋਗਰਾਮ 'ਇੰਗਲਿਸ਼ ਐੱਜ' ਦੇ ਤਹਿਤ ਚੁਣੇ ਹੋਏ ਸਕੂਲਾਂ ਵਿੱਚ ਵਧੀਆ ਕਾਰਗੁਜ਼ਾਰੀ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ।ਮਾਪਿਆਂ ਨਾਲ ਸੰਵਾਦ ਦੌਰਾਨ ਗਰਮੀਆਂ ਦੀਆਂ ਛੁੱਟੀਆਂ ਵਿੱਚ ਬੱਚਿਆਂ ਦੀ ਸਿੱਖਣ ਪ੍ਰਕਿਰਿਆ ਨੂੰ ਜਾਰੀ ਰੱਖਣ, ਘਰ ਵਿੱਚ ਪੜ੍ਹਾਈ ਲਈ ਅਨੁਕੂਲ ਮਾਹੌਲ ਸਿਰਜਣ ਤੇ ਬੱਚਿਆਂ ਦੀਆਂ ਰੁਚਿਕਰ ਸਿੱਖਣ ਗਤੀਵਿਧੀਆਂ ਵਿੱਚ ਭਾਗੀਦਾਰੀ ਯਕੀਨੀ ਬਣਾਉਣ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।ਮਾਪਿਆਂ ਨੂੰ ਬੱਚਿਆਂ ਨਾਲ ਰੋਜ਼ਾਨਾ ਪੜ੍ਹਾਈ ਸੰਬੰਧੀ ਗੱਲਬਾਤ ਕਰਨ ਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ।ਮਾਪਿਆਂ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਮਿਲਣੀਆਂ ਨਾਲ ਉਨ੍ਹਾਂ ਨੂੰ ਆਪਣੇ ਬੱਚਿਆਂ ਦੀ ਪੜ੍ਹਾਈ, ਪ੍ਰਗਤੀ ਤੇ ਸਕੂਲ ਦੀ ਕਾਰਗੁਜ਼ਾਰੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਮਿਲਦੀ ਹੈ।ਉਨ੍ਹਾਂ ਨੇ ਸਕੂਲ ਸਿੱਖਿਆ ਵਿਭਾਗ ਵੱਲੋਂ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਯਤਨਾਂ ਦੀ ਪ੍ਰਸ਼ੰਸਾ ਕੀਤੀ।ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸਕੂਲ ਤੇ ਮਾਪਿਆਂ ਦੀ ਸਾਂਝੀ ਭਾਗੀਦਾਰੀ ਹੀ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਮਜ਼ਬੂਤ ਨੀਂਹ ਹੈ।ਉਨ੍ਹਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਦੀ ਪੜ੍ਹਾਈ ਅਤੇ ਸਕੂਲੀ ਗਤੀਵਿਧੀਆਂ ਵਿੱਚ ਨਿਰੰਤਰ ਦਿਲਚਸਪੀ ਲੈਣ।

## ਕ੍ਰਿਸ਼ੀ ਵਿਗਿਆਨ ਕੇਂਦਰ ਨੇ ਖੂਨ ਦੀ ਘਾਟ ਸੰਬੰਧੀ ਜਾਗਰੂਕਤਾ ਕੈਂਪ ਲਾਇਆ




**ਬਠਿੰਡਾ (ਪਰਵਿੰਦਰਜੀਤ ਸਿੰਘ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵੱਲੋਂ ਨਿਕਰਾ ਪ੍ਰੋਜੈਕਟ ਹੇਠ ਅਪਣਾਏ ਗਏ ਪਿੰਡ ਮਹਿਮਾ ਸਰਕਾਰੀ (ਬਲਾਕ ਗੋਨਿਆਣਾ) ਵਿਖੇ ਕਿਸਾਨ ਬੀਬੀਆਂ ਅਤੇ ਨੌਜਵਾਨ ਲੜਕੀਆਂ ਲਈ ਖੂਨ ਦੀ ਘਾਟ (ਅਨੀਮੀਆ) ਦੇ ਲੱਛਣਾਂ, ਕਾਰਨਾਂ, ਬਚਾਅ ਤੇ ਪੌਸ਼ਟਿਕ ਖੁਰਾਕ ਸਬੰਧੀ ਜਾਗਰੂਕਤਾ ਕੈਂਪ ਲਾਇਆ ਗਿਆ।ਇਹ ਪ੍ਰੋਗਰਾਮ ਡਾ. ਗੁਰਦੀਪ ਸਿੰਘ ਸਿੱਧੂ, ਡਿਪਟੀ ਡਾਇਰੈਕਟਰ (ਟ੍ਰੇਨਿੰਗ) ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ, ਜਿਸ ਦਾ ਉਦੇਸ਼ ਕਿਸਾਨ ਬੀਬੀਆਂ ਅਤੇ ਨੌਜਵਾਨ ਲੜਕੀਆਂ ਨੂੰ ਸਿਹਤ ਅਤੇ ਸੰਤੁਲਿਤ ਪੋਸ਼ਣ ਪ੍ਰਤੀ ਜਾਗਰੂਕ ਕਰਨਾ ਸੀ।ਕੈਂਪ ਦੌਰਾਨ ਡਾ. ਰਮਨਦੀਪ ਕੌਰ, ਸਹਾਇਕ ਪ੍ਰੋਫੈਸਰ (ਫੂਡ ਪ੍ਰੋਸੈਸਿੰਗ ਅਤੇ ਇੰਜਨੀਅਰਿੰਗ) ਨੇ ਅਨੀਮੀਆ ਦੀ ਸਮੱਸਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਕਿਸਾਨ ਬੀਬੀਆਂ ਅਤੇ ਨੌਜਵਾਨ ਲੜਕੀਆਂ ਖੂਨ ਦੀ ਘਾਟ ਦੀ ਸਮੱਸਿਆ ਨਾਲ ਪ੍ਰਭਾਵਤ ਹਨ।ਉਨ੍ਹਾਂ ਦੱਸਿਆ ਕਿ ਸਰੀਰ ਵਿੱਚ ਹੀਮੋਗਲੋਬਿਨ ਦੀ ਘੱਟ ਮਾਤਰਾ ਕਾਰਨ ਥਕਾਵਟ, ਚੱਕਰ ਆਉਣਾ, ਕਮਜ਼ੋਰੀ, ਸਾਹ ਚੜ੍ਹਨਾ, ਧਿਆਨ ਕੇਂਦਰਿਤ ਕਰਨ ਵਿੱਚ ਮੁਸ਼ਕਿਲ ਅਤੇ ਰੋਗਾਂ ਨਾਲ ਲੜਨ ਦੀ ਸਮਰੱਥਾ ਵਿੱਚ ਕਮੀ ਆ ਸਕਦੀ ਹੈ। ਉਨ੍ਹਾਂ ਦੱਸਿਆ ਕਿ ਅਨੀਮੀਆ ਤੋਂ ਬਚਾਅ ਲਈ ਖੁਰਾਕ ਵਿੱਚ ਆਇਰਨ, ਫੋਲਿਕ ਐਸਿਡ, ਵਿਟਾਮਿਨ-ਬੀ 12 ਤੇ ਵਿਟਾਮਿਨ-ਸੀ ਨਾਲ ਭਰਪੂਰ ਖਾਧ ਪਦਾਰਥਾਂ ਨੂੰ ਸ਼ਾਮਲ ਕਰਨਾ ਬਹੁਤ ਜ਼ਰੂਰੀ ਹੈ।ਉਨ੍ਹਾਂ ਹਰੀਆਂ ਪੱਤੇਦਾਰ ਸਬਜ਼ੀਆਂ, ਬਾਜਰੇ ਦੇ ਆਟੇ ਦੀ ਰੋਟੀ, ਦਾਲਾਂ, ਚਣੇ, ਰਾਜਮਾਹ, ਗੁੜ, ਤਿਲ, ਮੂੰਗਫਲੀ, ਆਂਵਲਾ ਤੇ ਮੌਸਮੀ ਫਲਾਂ ਦੀ ਵਰਤੋਂ ਵਧਾਉਣ ਦੀ ਸਲਾਹ ਦਿੱਤੀ। ਇਸ ਤੋਂ ਇਲਾਵਾ ਉਨ੍ਹਾਂ ਸੰਤੁਲਿਤ ਖੁਰਾਕ ਤੇ ਸਿਹਤਮੰਦ ਜੀਵਨ ਸ਼ੈਲੀ ਦੀ ਮਹੱਤਤਾ ਉੱਤੇ ਵੀ ਚਾਨਣਾ ਪਾਇਆ।

## ਗੁਰੂਸਰ ਇਲਾਕੇ 'ਚ ਚੋਰੀਆਂ ਦਾ ਸਿਲਸਿਲਾ ਜਾਰੀ, ਕਿਸਾਨਾਂ 'ਚ ਦਹਿਸ਼ਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ, ਪੂਜਾ)**-ਹਲਕਾ ਗਿੱਦੜਬਾਹਾ ਦੇ ਗੁਰੂਸਰ ਅਤੇ ਆਸ-ਪਾਸ ਦੇ ਪਿੰਡਾਂ ਵਿੱਚ ਚੋਰੀਆਂ ਦੀਆਂ ਵਾਰਦਾਤਾਂ ਲਗਾਤਾਰ ਵਧ ਰਹੀਆਂ ਹਨ, ਜਿਸ ਕਾਰਨ ਕਿਸਾਨਾਂ ਅਤੇ ਪਿੰਡ ਵਾਸੀਆਂ ਵਿੱਚ ਭਾਰੀ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਜਾਣਕਾਰੀ ਅਨੁਸਾਰ ਅਣਪਛਾਤੇ ਚੋਰਾਂ ਵੱਲੋਂ ਕਿਸਾਨਾਂ ਦੇ ਖੇਤਾਂ ਵਿੱਚ ਲੱਗੀਆਂ ਬਿਜਲੀ ਮੋਟਰਾਂ ਦੀਆਂ ਤਾਰਾਂ ਚੋਰੀ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਖੇਤਾਂ ਵਿੱਚ ਲੱਗੇ ਬਿਜਲੀ ਟਰਾਂਸਫਾਰਮਰਾਂ ਵਿੱਚੋਂ ਤੇਲ ਵੀ ਚੋਰੀ ਕਰਨ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ, ਜਿਸ ਕਾਰਨ ਕਿਸਾਨਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਚੋਰ ਇੰਨੇ ਬੇਖੌਫ ਹੋ ਚੁੱਕੇ ਹਨ ਕਿ ਉਹ ਖੇਤਾਂ ਵਿੱਚ ਬਣੇ ਕੋਠਿਆਂ ਵਿੱਚੋਂ ਘਰੇਲੂ ਵਰਤੋਂ ਦੇ ਭਾਂਡੇ ਤੱਕ ਨਹੀਂ ਛੱਡ ਰਹੇ। ਚੋਰੀ ਦੀਆਂ ਲਗਾਤਾਰ ਘਟਨਾਵਾਂ ਕਾਰਨ ਕਿਸਾਨਾਂ ਨੂੰ ਆਪਣੀਆਂ ਫਸਲਾਂ ਅਤੇ ਖੇਤੀਬਾੜੀ ਸਾਜ਼ੋ-ਸਾਮਾਨ ਦੀ ਸੁਰੱਖਿਆ ਦੀ ਚਿੰਤਾ ਸਤਾ ਰਹੀ ਹੈ। ਪਿੰਡ ਵਾਸੀਆਂ ਨੇ ਦੋਸ਼ ਲਗਾਇਆ ਕਿ ਚੋਰਾਂ ਵਿੱਚ ਪੁਲਸ ਦਾ ਕੋਈ ਡਰ ਨਜ਼ਰ ਨਹੀਂ ਆ ਰਿਹਾ, ਜਿਸ ਕਾਰਨ ਉਹ ਬੇਰੋਕ-ਟੋਕ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ। ਕਿਸਾਨਾਂ ਅਤੇ ਪਿੰਡ ਦੇ ਮੋਹਤਬਰ ਵਿਅਕਤੀਆਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਲਾਕੇ ਵਿੱਚ ਰਾਤ ਸਮੇਂ ਗਸ਼ਤ ਵਧਾਈ ਜਾਵੇ ਅਤੇ ਚੋਰੀਆਂ ਵਿੱਚ ਸ਼ਾਮਲ ਅਨਸਰਾਂ ਨੂੰ ਜਲਦੀ ਗ੍ਰਿਫ਼ਤਾਰ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਮੁੜ ਕਾਇਮ ਹੋ ਸਕੇ।

## ਅਲਾਇੰਸ ਕਲੱਬ ਵੱਲੋਂ 7 ਰੋਜ਼ਾ ਰੰਗਮੰਚ ਫ਼ਿਲਮ ਅਦਾਕਾਰੀ ਵਰਕਸ਼ਾਪ ਭਲਕ ਤੋਂ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਅਲਾਇੰਸ ਕਲੱਬਜ਼ ਇੰਟਰਨੈਸ਼ਨਲ ਵੱਲੋਂ ਬੱਚਿਆਂ ਲਈ ਫਰੀ 7 ਦਿਨਾ 'ਰੰਗਮੰਚ ਫ਼ਿਲਮ ਅਦਾਕਾਰੀ ਵਰਕਸ਼ਾਪ 2026' ਲਾਈ ਜਾ ਰਹੀ ਹੈ।ਇਸ ਵਰਕਸ਼ਾਪ ਵਿੱਚ ਬੱਚਿਆਂ ਦੇ ਹੁਨਰ ਨੂੰ ਨਿਖਾਰਨ ਲਈ ਟ੍ਰੇਨਿੰਗ ਡਾਇਰੈਕਟਰ ਸੁਖਦੇਵ ਲੱਧੜ (ਰੰਗਮੰਚ ਫ਼ਿਲਮ ਅਦਾਕਾਰ ਨਿਰਦੇਸ਼ਕ) ਵੱਲੋਂ ਕਰਾਈ ਜਾਵੇਗੀ।ਇਹ ਉਪਰਾਲਾ ਹਰ ਸਾਲ ਡਾਕਟਰ ਹਰਗੁਰਪ੍ਰਤਾਪ ਸਿੰਘ (ਦੀਪ ਹਸਪਤਾਲ) ਦੀ ਪ੍ਰੇਰਣਾ ਸਦਕਾ ਹੁੰਦਾ ਆ ਰਿਹਾ ਹੈ।ਇਸ ਵਰਕਸ਼ਾਪ ਵਿੱਚ ਪੂਰਨ ਸਹਿਯੋਗ ਐਲੀ ਡਾਕਟਰ ਫ਼ਕੀਰ ਮੁਹੰਮਦ (ਪ੍ਰਧਾਨ ਅਲਾਇੰਸ ਕਲੱਬਜ਼ ਇੰਟਰਨੈਸ਼ਨਲ),ਐਲੀ ਡਾਕਟਰ ਸ਼ਿਵਦੇਵ ਸਿੰਘ (ਅਲਾਇੰਸ ਕਲੱਬਜ਼ ਇੰਟਰਨੈਸ਼ਨਲ) ਤੇ ਸਮੂਹ ਕਲੱਬ ਦਾ ਰਹੇਗਾ।ਇਹ ਵਰਕਸ਼ਾਪ 3 ਤੋਂ 9 ਜੂਨ ਤੱਕ ਸਵੇਰੇ 10 ਵਜੇ ਤੋਂ ਦੁਪਹਿਰ 01 ਵਜੇ ਤੱਕ, ਦੀਪ ਹਸਪਤਾਲ, ਬਰਨਾਲਾ ਰੋਡ, ਨਿਹਾਲ ਸਿੰਘ ਵਾਲਾ ਵਿਖੇ ਲਾਈ ਜਾਂ ਰਹੀ ਹੈ।ਇਹ ਵਰਕਸ਼ਾਪ 20 ਸਾਲ ਤੱਕ ਦੇ ਬੱਚਿਆਂ ਲਈ ਬਿਲਕੁਲ ਫਰੀ ਹੈ।ਇਸ ਵਰਕਸ਼ਾਪ ਵਿੱਚ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਬੱਚੇ ਵਧ ਚੜ੍ਹ ਕੇ ਭਾਗ ਲੈਣ ਲਈ ਰਜਿਸਟ੍ਰੇਸ਼ਨ ਕਰਾ ਰਹੇ ਹਨ।ਹੋਰ ਐਕਟਿੰਗ ਸਿੱਖਣ ਦੇ ਚਾਹਵਾਨ ਬੱਚੇ ਰਜਿਸਟ੍ਰੇਸ਼ਨ ਕਰਾਉਣ ਲਈ ਸੰਪਰਕ ਨੰਬਰ 9888938033 'ਤੇ ਰਾਬਤਾ ਕਰ ਸਕਦੇ ਹਨ।ਜ਼ਿਕਰਯੋਗ ਹੈ ਕਿ ਪਿਛਲੇ ਸਾਲਾਂ ਵਿੱਚ ਇਹਨਾਂ ਵਰਕਸ਼ਾਪਜ਼ ਦਾ ਹਿੱਸਾ ਬਣੇ ਬੱਚਿਆਂ ਨੇ ਹੁਣ ਬਹੁਤ ਸਾਰੇ ਕਲਾ ਕਾਰਜਾਂ ਵਿੱਚ ਹਿੱਸਾ ਲਿਆ ਅਤੇ ਨਾਟਕ ਕਲਾ, ਲਘੂ ਫ਼ਿਲਮਾਂ, ਗੀਤਾਂ ਵਿੱਚ ਭਾਗ ਲਿਆ।ਵਰਕਸ਼ਾਪ ਡਾਇਰੈਕਟਰ ਸੁਖਦੇਵ ਲੱਧੜ ਨੇ ਦੱਸਿਆ ਕਿ ਅਜਿਹੇ ਉਪਰਾਲੇ ਵੱਧ-ਵੱਧ ਹਰ ਕਲਾ ਕਿਰਤੀ ਨੂੰ ਕਰਨੇ ਚਾਹੀਦੇ ਹਨ ਤਾਂ ਜੁ ਬੱਚਿਆਂ ਨੂੰ ਫੋਨ ਤੋਂ ਛੁਟਕਾਰਾ ਦਿਵਾਇਆ ਜਾ ਸਕੇ ਅਤੇ ਬੱਚਿਆਂ ਦਾ ਮਾਨਸਿਕ ਅਤੇ ਬੌਧਿਕ ਵਿਕਾਸ ਹੋਵੇ।

## ਵਾਰਡ ਨੰਬਰ 1 'ਚ ਜੇਤੂ ਉਮੀਦਵਾਰ ਜਗਸੀਰ ਸਿੰਘ ਕਾਮਰੇਡ ਦਾ ਧੰਨਵਾਦੀ ਦੌਰਾ



**ਬੁਢਲਾਡਾ (ਅਸ਼ੋਕ ਲਾਕੜਾ)**-ਨਗਰ ਕੌਂਸਲ ਚੋਣਾਂ ਵਿੱਚ ਵਾਰਡ ਨੰਬਰ 1 ਤੋਂ ਜਿੱਤ ਹਾਸਲ ਕਰਨ ਵਾਲੇ ਸੀ ਪੀ ਆਈ ਦੇ ਸਟੇਟ ਕੌਂਸਲ ਮੈਂਬਰ ਕਾਮਰੇਡ ਜਗਸੀਰ ਸਿੰਘ ਵੱਲੋਂ ਵਾਰਡ ਵਿੱਚ ਧੰਨਵਾਦੀ ਦੌਰਾ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਨੇ ਵਾਰਡ ਵਾਸੀਆਂ ਨਾਲ ਮੁਲਾਕਾਤ ਕਰਕੇ ਚੋਣਾਂ ਦੌਰਾਨ ਮਿਲੇ ਭਰਪੂਰ ਸਹਿਯੋਗ ਅਤੇ ਸਮਰਥਨ ਲਈ ਦਿਲੋਂ ਧੰਨਵਾਦ ਪ੍ਰਗਟ ਕੀਤਾ।ਜਗਸੀਰ ਸਿੰਘ ਨੇ ਕਿਹਾ ਕਿ ਵਾਰਡ ਦੇ ਲੋਕਾਂ ਦੇ ਵਿਸ਼ਵਾਸ ਅਤੇ ਆਸ਼ੀਰਵਾਦ ਸਦਕਾ ਹੀ ਉਹ ਨਗਰ ਕੌਂਸਲ ਦੇ ਮੈਂਬਰ ਬਣ ਸਕੇ ਹਨ। ਉਨ੍ਹਾਂ ਕਿਹਾ ਕਿ ਉਹ ਵਾਰਡ ਅਤੇ ਸ਼ਹਿਰ ਦੇ ਵਿਕਾਸ ਲਈ ਹਮੇਸ਼ਾ ਇਮਾਨਦਾਰੀ, ਪਾਰਦਰਸ਼ਤਾ ਅਤੇ ਸਮਰਪਣ ਨਾਲ ਕੰਮ ਕਰਨਗੇ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਮਰੇਡ ਨੇ ਕਿਹਾ ਕਿ ਇਹ ਜਿੱਤ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਵਾਰਡ ਦੇ ਹਰ ਇੱਕ ਵੋਟਰ ਦੀ ਜਿੱਤ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਉਹ ਵਾਰਡ ਵਾਸੀਆਂ ਦੇ ਹਰ ਦੁੱਖ-ਸੁੱਖ ਵਿੱਚ ਮੋਹਰੀ ਭੂਮਿਕਾ ਨਿਭਾਉਣਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਰ ਸਮੇਂ ਤਤਪਰ ਰਹਿਣਗੇ।ਧੰਨਵਾਦੀ ਦੌਰੇ ਦੌਰਾਨ ਵਾਰਡ ਵਾਸੀਆਂ ਵੱਲੋਂ ਵੀ ਜਗਸੀਰ ਸਿੰਘ ਕਾਮਰੇਡ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ।

## ਭਗਤਪੁਰਾ 'ਚ ਲਾਇਆ ਕਿਸਾਨ ਸਿਖਲਾਈ ਕੈਂਪ




**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਧਰਤੀ ਹੇਠਲੇ ਪਾਣੀ ਦਾ ਪੱਧਰ ਠੀਕ ਰੱਖਣ, ਫਸਲੀ ਵਿਭਿੰਨਤਾ, ਫਾਰਮਰ ਰਜਿਸਟਰੀ, ਖਾਦਾਂ ਦੀ ਸੁਚੱਜੀ ਵਰਤੋਂ ਆਦਿ ਸਬੰਧੀ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦੇਣ ਲਈ ਖੇਤੀ ਮਾਹਿਰਾਂ ਵੱਲੋਂ ਬਲਾਕ ਖੇੜਾ ਦੇ ਪਿੰਡ ਭਗਤਪੁਰਾ ਵਿਖੇ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ।ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਮੁੱਖ ਖੇਤੀਬਾੜੀ ਅਫਸਰ ਡਾ ਜਗਦੇਵ ਸਿੰਘ ਨੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਨਾਲ ਜਿੱਥੇ 15-20 ਫ਼ੀਸਦੀ ਸਿੰਚਾਈ ਵਾਲੇ ਪਾਣੀ ਦੀ ਬੱਚਤ ਹੁੰਦੀ ਹੈ, ਉੱਥੇ ਜ਼ਮੀਨਦੋਜ਼ ਪਾਣੀ ਦਾ 10-20 ਫ਼ੀਸਦੀ ਜਿਆਦਾ ਰੀਚਾਰਜ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਸਬਸਿਡੀ/ਪ੍ਰੋਤਸ਼ਾਹਨ ਰਾਸ਼ੀ ਦਿੱਤੀ ਜਾਵੇਗੀ।ਝੋਨੇ ਦੀ ਸਿੱਧੀ ਬਿਜਾਈ ਤੋਂ 1500 ਰੁਪਏ ਦਾ ਲਾਭ ਲੈਣ ਲਈ ਰਜਿਸਟ੍ਰੇਸ਼ਨ ਕਰਾਉਣੀ ਲਾਜ਼ਮੀ ਹੈ, ਜੋ 15 ਜੂਨ ਤੱਕ ਕੀਤੀ ਜਾ ਸਕਦੀ ਹੈ।ਉਨ੍ਹਾਂ ਕਿਹਾ ਕਿ ਕਿਸਾਨ ਵੱਲੋਂ ਪੋਰਟਲ ਤੇ ਝੋਨੇ ਦੀ ਸਿੱਧੀ ਬਿਜਾਈ ਦੀ ਦਿੱਤੀ ਗਈ ਜਾਣਕਾਰੀ ਨੂੰ ਵਿਭਾਗ ਦੇ ਅਧਿਕਾਰੀਆਂ/ਕ੍ਰਮਚਾਰੀਆਂ ਵੱਲੋਂ 15 ਜੁਲਾਈ ਤੋਂ 15 ਅਗਸਤ ਤੱਕ ਪਹਿਲੀ ਫ਼ਿਜ਼ੀਕਲ ਵੈਰੀਫਿਕੇਸ਼ਨ ਕੀਤੀ ਜਾਵੇਗੀ।ਡਾ ਜਗਦੇਵ ਸਿੰਘ ਨੇ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਦਾ ਇੱਕੋ ਇੱਕ ਮੰਤਵ ਪਾਣੀ ਸੰਜਮ ਨਾਲ ਵਰਤ ਕੇ ਧਰਤੀ ਨੂੰ ਬੰਜਰ ਹੋਣ ਤੋਂ ਰੋਕਣਾ ਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਪਾਣੀ ਬਚਾ ਕੇ ਪੰਜਾਬ ਦੀ ਖੁਸ਼ਹਾਲੀ ਨੂੰ ਕਾਇਮ ਰੱਖਣ ਵਿੱਚ ਯੋਗਦਾਨ ਪਾਉਣਾ ਹੈ।

## ਰੰਜਿਸ਼ ਦੇ ਚੱਲਦਿਆਂ ਕੁੱਟਮਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਤਲਵੰਡੀ ਵਿਖੇ ਇਕ ਸੈਲੂਨ ਵਿਚ ਵਾਲ ਕਟਾ ਰਹੇ ਇਕ ਨੌਜਵਾਨ ਦੀ ਰੰਜਿਸ਼ ਦੇ ਚੱਲਦਿਆਂ ਉਸ ਦੀ ਕੁੱਟਮਾਰ ਕਰਨ ਦੀ ਖਬਰ ਮਿਲੀ ਹੈ। ਇਸ ਸੰਬੰਧ ਵਿਚ ਥਾਣਾ ਤਲਵੰਡੀ ਭਾਈ ਪੁਲਿਸ ਨੇ 2 ਵਿਅਕਤੀਆਂ ਖਿਲਾਫ 118 (1), 115 (2), 3 (5) ਬੀਐੱਨਐੱਸ ਤਹਿਤ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਬੌਬੀ ਸਿੰਘ ਪੁੱਤਰ ਸਿਕੰਦਰ ਸਿੰਘ ਵਾਸੀ ਸੰਧੂਰਾ ਸਿੰਘ ਵਾਸੀ ਦਾਰਾਪੁਰ ਨੇ ਦੱਸਿਆ ਕਿ ਮਿਤੀ 22 ਮਈ ਨੂੰ ਵਕਤ ਕਰੀਬ 6 ਵਜੇ ਸ਼ਾਮ ਨੂੰ ਉਹ ਸੰਧੂ ਹੇਅਰ ਸੈਲੂਨ ਵਿਚ ਵਾਲ ਕਟਾ ਰਿਹਾ ਸੀ ਤਾਂ ਸਾਲ 2018 ਵਿਚ ਹੋਈ ਲੜਾਈ ਦੀ ਰੰਜਿਸ਼ ਦੇ ਚੱਲਦਿਆਂ ਵਿਕਰਮਜੀਤ ਸਿੰਘ ਤੇ ਮਨਪ੍ਰੀਤ ਸਿੰਘ ਉਰਫ ਮਨੂੰ ਪੁੱਤਰਾਨ ਸਤਨਾਮ ਸਿੰਘ ਉਰਫ ਕਾਕਾ ਵਾਸੀਅਨ ਦਾਰਾਪੁਰ ਨੇ ਸੈਲੂਨ ਵਿਚ ਵੜ ਕੇ ਉਸ ਦੀ ਕੁੱਟਮਾਰ ਕੀਤੀ। ਬੌਬੀ ਸਿੰਘ ਨੇ ਦੱਸਿਆ ਕਿ ਉਸ ਦਾ ਇਲਾਜ ਸਿਵਲ ਹਸਪਤਾਲ ਮੋਗਾ ਵਿਖੇ ਚੱਲ ਰਿਹਾ ਹੈ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਦੇਵ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## ਕਾਂਗਰਸ ਪਾਰਟੀ ਬਾਘਾ ਪੁਰਾਣਾ ਦਾ ਕਿਲ੍ਹਾ ਕਰੇਗੀ ਫ਼ਤਿਹ : ਹਰਪ੍ਰੀਤ ਘੋਟੂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕਾਂਗਰਸ ਪਾਰਟੀ ਦੇ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ 'ਚ ਮਜ਼ਬੂਤੀ ਨਾਲ ਖੜੇ ਹੋਣ ਦਾ ਦਾਅਵਾ ਕਰਦਿਆਂ ਪਾਰਟੀ ਤੇ ਯੂਥ ਆਗੂ ਹਰਪ੍ਰੀਤ ਸਿੰਘ ਘੋਟੂ ਨੇ ਕਿਹਾ ਹੈ ਕਿ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਹਲਕੇ ਤੋਂ ਵੱਡੀ ਜਿੱਤ ਦਰਜ ਕਰੇਗੀ।

ਹਰਪ੍ਰੀਤ ਸਿੰਘ ਘੋਟੂ ਨੇ ਕਿਹਾ ਕਿ ਹਲਕੇ ਦੇ ਮੁੱਖ ਸੇਵਾਦਾਰ ਤੇ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਮਜ਼ਬੂਤ ਹੈ।ਉਨ੍ਹਾਂ ਦਾਅਵਾ ਕੀਤਾ ਕਿ ਜਗਸੀਰ ਸਿੰਘ ਕਾਲੇਕੇ ਦੀ ਲੀਡਰਸ਼ਿਪ ਵਿੱਚ ਹੀ ਕਾਂਗਰਸ ਪਾਰਟੀ ਆਉਣ ਵਾਲੀਆਂ ਚੋਣਾਂ ਵਿੱਚ ਕਿਲ੍ਹਾ ਫਤਿਹ ਕਰੇਗੀ। ਘੋਟੂ ਨੇ ਕਿਹਾ ਕਿ ਜਗਸੀਰ ਸਿੰਘ ਕਾਲੇਕੇ ਪਿਛਲੇ ਲੰਮੇ ਸਮੇਂ ਤੋਂ ਹਲਕੇ ਵਿੱਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਨਿਰੰਤਰ ਮਿਹਨਤ ਕਰ ਰਹੇ ਹਨ।ਉਨ੍ਹਾਂ ਵੱਲੋਂ ਕਾਂਗਰਸ ਹਾਈ ਕਮਾਂਡ ਦੇ ਹਰ ਇੱਕ ਨਿਰਦੇਸ਼ ਨੂੰ ਤਰਜ਼ੀਹ ਦੇ ਕੇ ਪਾਰਟੀ ਦੀਆਂ ਨੀਤੀਆਂ ਅਤੇ ਉਪਲਬਧੀਆਂ ਨੂੰ ਘਰ-ਘਰ ਤੱਕ ਪੁਚਾਇਆ ਗਿਆ ਹੈ ਤੇ ਹਲਕੇ ਦੇ ਲੋਕਾਂ ਨਾਲ ਨਜ਼ਦੀਕੀ ਸੰਪਰਕ ਬਣਾਇਆ ਹੋਇਆ ਹੈ, ਹਰ ਵਰਗ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਦੇ ਹੱਲ ਲਈ ਯਤਨਸ਼ੀਲ ਰਹਿੰਦੇ ਹਨ।ਇਸ ਕਾਰਨ ਹਲਕੇ ਦੇ ਲੋਕਾਂ ਵਿੱਚ ਉਨ੍ਹਾਂ ਪ੍ਰਤੀ ਵੱਡਾ ਭਰੋਸਾ ਬਣਿਆ ਹੋਇਆ ਹੈ ਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤੀ ਮਿਲੀ ਹੈ।ਕਾਂਗਰਸ ਆਗੂ ਨੇ ਕਿਹਾ ਕਿ ਜੇ ਪਾਰਟੀ ਹਾਈਕਮਾਂਡ ਵੱਲੋਂ ਜਗਸੀਰ ਸਿੰਘ ਕਾਲੇਕੇ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਟਿਕਟ ਦਿੱਤੀ ਜਾਂਦੀ ਹੈ ਤਾਂ ਕਾਂਗਰਸ ਪਾਰਟੀ ਬਾਘਾ ਪੁਰਾਣਾ ਹਲਕੇ ਵਿੱਚ ਸ਼ਾਨਦਾਰ ਜਿੱਤ ਦਰਜ ਕਰੇਗੀ।ਉਨ੍ਹਾਂ ਹਾਈਕਮਾਂਡ ਕੋਲ ਮੰਗ ਰੱਖੀ ਕਿ ਕਾਲੇਕੇ ਦੀ ਮਿਹਨਤ ਤੇ ਸਮਰਪਣ ਨੂੰ ਦੇਖਦਿਆਂ ਉਨ੍ਹਾਂ ਨੂੰ ਟਿਕਟ ਦੇ ਕੇ ਨਿਵਾਜਿਆ ਜਾਵੇ।ਉਨ੍ਹਾਂ ਅੰਤ ਵਿੱਚ ਕਿਹਾ ਕਿ ਕਾਂਗਰਸ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰਨ ਲਈ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀਆਂ ਨੀਤੀਆਂ ਨੂੰ ਹੋਰ ਜ਼ੋਰ-ਸ਼ੋਰ ਨਾਲ ਲੋਕਾਂ ਤੱਕ ਪਹੁੰਚਾਇਆ।ਨੇ ਕਿਹਾ ਹੈ ਕਿ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਹਲਕੇ ਤੋਂ ਵੱਡੀ ਜਿੱਤ ਦਰਜ ਕਰੇਗੀ। ਇਹ ਪ੍ਰਗਟਾਵਾ ਕਾਂਗਰਸ ਆਗੂ ਹਰਪ੍ਰੀਤ ਸਿੰਘ ਘੋਟੂ ਨੇ ਕੀਤਾ।ਉਨ੍ਹਾਂ ਕਿਹਾ ਕਿ ਹਲਕੇ ਦੇ ਮੁੱਖ ਸੇਵਾਦਾਰ ਅਤੇ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਮਜ਼ਬੂਤ ਹੈ।ਉਨ੍ਹਾਂ ਦਾਅਵਾ ਕੀਤਾ ਕਿ ਜਗਸੀਰ ਸਿੰਘ ਕਾਲੇਕੇ ਦੀ ਲੀਡਰਸ਼ਿਪ ਵਿੱਚ ਹੀ ਕਾਂਗਰਸ ਪਾਰਟੀ ਆਉਣ ਵਾਲੀਆਂ ਚੋਣਾਂ ਵਿੱਚ ਬਾਘਾ ਪੁਰਾਣਾ ਦਾ ਕਿਲ੍ਹਾ ਫਤਿਹ ਕਰੇਗੀ।ਘੋਟੂ ਨੇ ਕਿਹਾ ਕਿ ਜਗਸੀਰ ਸਿੰਘ ਕਾਲੇਕੇ ਪਿਛਲੇ ਲੰਮੇ ਸਮੇਂ ਤੋਂ ਹਲਕੇ ਵਿੱਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਨਿਰੰਤਰ ਮਿਹਨਤ ਕਰ ਰਹੇ ਹਨ।

## ਪੈਟਰੋਲ-ਡੀਜ਼ਲ ਦੀਆਂ ਕੀਮਤਾਂ 'ਚ ਵਾਧੇ ਖਿਲਾਫ਼ ਮੋਦੀ ਸਰਕਾਰ ਦਾ ਪੁਤਲਾ ਫੂਕਿਆ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਦੀਆਂ ਲਗਾਤਾਰ ਵਧ ਰਹੀਆਂ ਕੀਮਤਾਂ ਦੇ ਵਿਰੋਧ ਵਿੱਚ ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਦੀ ਅਗਵਾਈ ਹੇਠ ਮੋਦੀ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਸਰਕਾਰ ਦਾ ਪੁਤਲਾ ਫੂਕਿਆ ਗਿਆ।ਬੁਲਾਰਿਆਂ ਨੇ ਕਿਹਾ ਕਿ ਮਹਿੰਗਾਈ ਨੇ ਆਮ ਲੋਕਾਂ ਦਾ ਜੀਵਨ ਮੁਸ਼ਕਲ ਬਣਾ ਦਿੱਤਾ ਹੈ।ਪੈਟਰੋਲ, ਡੀਜ਼ਲ ਅਤੇ ਗੈਸ ਦੀਆਂ ਵਧਦੀਆਂ ਕੀਮਤਾਂ ਕਾਰਨ ਹਰ ਵਰਗ ਪ੍ਰਭਾਵਿਤ ਹੋ ਰਿਹਾ ਹੈ।ਉਨ੍ਹਾਂ ਕੇਂਦਰ ਸਰਕਾਰ ਨੂੰ ਲੋਕ ਵਿਰੋਧੀ ਨੀਤੀਆਂ ਛੱਡ ਕੇ ਤੁਰੰਤ ਕੀਮਤਾਂ ਵਿੱਚ ਕਮੀ ਕਰਨ ਦੀ ਮੰਗ ਕੀਤੀ।ਪ੍ਰਦਰਸ਼ਨ ਦੌਰਾਨ ਵਰਕਰਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਲੋਕ ਹਿੱਤਾਂ ਦੀ ਰੱਖਿਆ ਦੀ ਮੰਗ ਕੀਤੀ।ਇਸ ਮੌਕੇ ਗੁਰਪਿਆਰ ਸਿੰਘ ਧੂਰਾ ਪੀਸੀਸੀ ਮੈਂਬਰ, ਚੇਅਰਮੈਨ ਜਗਤਾਰ ਸਿੰਘ ਤਾਰਾ ਬੇਨੜਾ, ਹੰਸਰਾਜ ਗੁਪਤਾ, ਨਰੇਸ਼ ਕੁਮਾਰ ਮੰਗੀ, ਮਹਾਂਵੀਰ ਸਿੰਘ ਫੌਜੀ ਸਾਬਕਾ ਕੌਂਸਲਰ, ਪ੍ਰੇਮ ਕੁਮਾਰ ਗੋਇਲ ਸਾਬਕਾ, ਗੁਰਸ਼ਰਨ ਸਿੰਘ ਗੋਲਡੀ, ਸਤਵਿੰਦਰ ਸਿੰਘ ਛਿੰਦੀ ਤੇ ਹੋਰ ਕਾਂਗਰਸ ਵਰਕਰ ਹਾਜ਼ਰ ਰਹੇ।

## ਸਿਹਤ ਵਿਭਾਗ ਦੇ 1000 ਤੋਂ ਵੱਧ ਕ੍ਰਮਚਾਰੀ ਹੜਤਾਲ 'ਤੇ, ਸੀ ਐੱਮ ਓ ਦਫ਼ਤਰ ਅੱਗੇ ਲਾਇਆ ਧਰਨਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਿਹਤ ਵਿਭਾਗ ਦੇ ਕਰੀਬ 1000 ਤੋਂ ਵੱਧ ਕ੍ਰਮਚਾਰੀ ਹੜਤਾਲ 'ਤੇ ਚਲੇ ਗਏ ਅਤੇ ਸੀ.ਐਮ.ਓ ਦਫ਼ਤਰ ਦੇ ਬਾਹਰ ਧਰਨਾ ਲਗਾ ਦਿੱਤਾ।ਹੜਤਾਲ ਵਿੱਚ ਐਨ.ਐਚ.ਐਮ (ਨੈਸ਼ਨਲ ਹੈਲਥ ਮਿਸ਼ਨ) ਅਧੀਨ ਕੰਮ ਕਰਦੇ ਡਾਕਟਰ, ਨਰਸਾਂ, ਕਲੈਰੀਕਲ ਸਟਾਫ, ਫਾਰਮਾਸਿਸਟ ਤੇ ਆਸ਼ਾ ਵਰਕਰ ਸਮੇਤ ਹੋਰ ਕ੍ਰਮਚਾਰੀ ਸ਼ਾਮਲ ਹਨ। ਕਰਮਚਾਰੀਆਂ ਵੱਲੋਂ ਹੜਤਾਲ ਤੇ ਧਰਨਾ ਦੇਣ ਦਾ ਮੁੱਖ ਕਾਰਨ ਪਿਛਲੇ ਤਿੰਨ ਮਹੀਨਿਆਂ ਤੋਂ ਤਨਖ਼ਾਹ ਨਾ ਮਿਲਣਾ ਹੈ। ਕ੍ਰਮਚਾਰੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਕਈ ਵਾਰ ਵਿਭਾਗ ਨੂੰ ਲਿਖਤੀ ਰੂਪ ਵਿੱਚ ਚੇਤਾਵਨੀ ਦਿੱਤੀ, ਪਰ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋਈ।ਹੁਣ ਮਈ ਮਹੀਨਾ ਵੀ ਸਮਾਪਤ ਹੋ ਗਿਆ ਹੈ, ਫਿਰ ਵੀ ਉਨ੍ਹਾਂ ਨੂੰ ਤਨਖ਼ਾਹ ਨਹੀਂ ਮਿਲੀ।ਕ੍ਰਮਚਾਰੀਆਂ ਨੇ ਕਿਹਾ ਕਿ ਵਧ ਰਹੀ ਮਹਿੰਗਾਈ ਦੇ ਦੌਰ ਵਿੱਚ ਘਰ ਦਾ ਗੁਜ਼ਾਰਾ ਚਲਾਉਣਾ ਬਹੁਤ ਮੁਸ਼ਕਲ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਉਹ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾ ਰਹੇ ਹਨ, ਪਰ ਇਸ ਦੇ ਬਾਵਜੂਦ ਉਨ੍ਹਾਂ ਨੂੰ ਸਮੇਂ ਸਿਰ ਤਨਖ਼ਾਹ ਨਹੀਂ ਦਿੱਤੀ ਜਾ ਰਹੀ।ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਡੇ-ਵੱਡੇ ਵਾਅਦੇ ਤਾਂ ਕਰਦੀ ਹੈ, ਪਰ ਜ਼ਮੀਨੀ ਹਕੀਕਤ ਕੁਝ ਹੋਰ ਹੈ। ਪੰਜਾਬ ਦੇ ਮੁੱਖ ਮੰਤਰੀ ਨੇ ਸਰਕਾਰ ਬਣਨ ਤੋਂ ਪਹਿਲਾਂ ਕ੍ਰਮਚਾਰੀਆਂ ਨੂੰ ਪੱਕਾ ਕਰਨ ਦਾ ਵਾਅਦਾ ਕੀਤਾ ਸੀ, ਪਰ ਅਜੇ ਤੱਕ ਨਾ ਤਾਂ ਉਹ ਪੱਕੇ ਕੀਤੇ ਗਏ ਹਨ ਅਤੇ ਨਾ ਹੀ ਉਨ੍ਹਾਂ ਨੂੰ ਸਮੇਂ ਸਿਰ ਤਨਖ਼ਾਹ ਮਿਲ ਰਹੀ ਹੈ।ਕ੍ਰਮਚਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਜਲਦ ਤਨਖ਼ਾਹ ਜਾਰੀ ਨਾ ਕੀਤੀ ਗਈ ਤਾਂ ਉਹ ਆਪਣਾ ਸੰਘਰਸ਼ ਹੋਰ ਤੇਜ਼ ਕਰਨਗੇ।

## ਤੰਬਾਕੂ ਵਿਰੋਧੀ ਮੁਹਿੰਮ ਤਹਿਤ ਜਾਗਰੂਕਤਾ ਕੈਂਪ



**ਜਲਾਲਾਬਾਦ (ਬਲਵਿੰਦਰ ਸਿੰਘ)**-ਸਿਵਲ ਸਰਜਨ ਫਾਜ਼ਿਲਕਾ ਡਾ. ਕਵਿਤਾ ਸਿੰਘ, ਜ਼ਿਲ੍ਹਾ ਐੱਨ.ਟੀ.ਸੀ.ਪੀ. ਨੋਡਲ ਅਫ਼ਸਰ ਡਾ. ਪੰਕਜ ਚੌਹਾਨ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਸੁਨੀਤਾ ਕੰਬੋਜ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੀ.ਐੱਚ.ਸੀ. ਜੰਡਵਾਲਾ ਭੀਮੇਸ਼ਾਹ ਦੇ ਐੱਸ.ਐੱਮ.ਓ. ਡਾ. ਵਿਕਾਸ ਗਾਂਧੀ ਦੀ ਅਗਵਾਈ ਹੇਠ ਨੈਸ਼ਨਲ ਤੰਬਾਕੂ ਕੰਟਰੋਲ ਪ੍ਰੋਗਰਾਮ (ਐੱਨ.ਟੀ.ਸੀ.ਪੀ.) ਤਹਿਤ ਸਬ ਸੈਂਟਰ ਬਾਹਮਣੀ ਵਾਲਾ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ।ਬਲਾਕ ਐੱਨ.ਟੀ.ਸੀ.ਪੀ. ਨੋਡਲ ਅਫ਼ਸਰ ਸੁਮਨ ਕੁਮਾਰ ਦੀ ਹਾਜ਼ਰੀ ਵਿੱਚ ਸਿਹਤ ਵਿਭਾਗ ਦੀ ਟੀਮ ਵੱਲੋਂ ਆਸ਼ਾ ਵਰਕਰਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਤੰਬਾਕੂ ਕੰਟਰੋਲ ਪ੍ਰੋਗਰਾਮ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਆਸ਼ਾ ਵਰਕਰਾਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਅਤੇ ਤੰਬਾਕੂ ਛੱਡਣ ਲਈ ਪ੍ਰੇਰਿਤ ਕਰਨ ਦੀ ਅਹਿਮ ਭੂਮਿਕਾ ਨਿਭਾਉਣ ਲਈ ਉਤਸ਼ਾਹਤ ਕੀਤਾ ਗਿਆ।ਕੈਂਪ ਦੌਰਾਨ ਦੁਕਾਨਦਾਰਾਂ ਅਤੇ ਆਮ ਲੋਕਾਂ ਨੂੰ ਤੰਬਾਕੂ ਦੇ ਸੇਵਨ ਨਾਲ ਹੋਣ ਵਾਲੀਆਂ ਗੰਭੀਰ ਬਿਮਾਰੀਆਂ ਬਾਰੇ ਜਾਣਕਾਰੀ ਦਿੱਤੀ ਗਈ। ਸੁਮਨ ਕੁਮਾਰ ਨੇ ਦੱਸਿਆ ਕਿ ਤੰਬਾਕੂ ਦਾ ਸੇਵਨ ਦਿਲ ਦੀਆਂ ਬਿਮਾਰੀਆਂ, ਫੇਫੜਿਆਂ ਦੇ ਰੋਗਾਂ ਅਤੇ ਕੈਂਸਰ ਵਰਗੀਆਂ ਜਾਨਲੇਵਾ ਬਿਮਾਰੀਆਂ ਦਾ ਮੁੱਖ ਕਾਰਨ ਹੈ। ਉਨ੍ਹਾਂ ਕਿਹਾ ਕਿ ਤੰਬਾਕੂ ਸਰੀਰ ਦੀ ਰੋਗ-ਪ੍ਰਤੀਰੋਧਕ ਸਮਰੱਥਾ ਨੂੰ ਕਮਜ਼ੋਰ ਕਰਦਾ ਹੈ, ਜਿਸ ਕਾਰਨ ਕਈ ਹੋਰ ਗੰਭੀਰ ਬਿਮਾਰੀਆਂ ਦਾ ਖ਼ਤਰਾ ਵੀ ਵਧ ਜਾਂਦਾ ਹੈ।ਸਿਹਤ ਟੀਮ ਵੱਲੋਂ ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ (ਕੋਟਪਾ) ਦੀ ਪਾਲਣਾ ਯਕੀਨੀ ਬਣਾਉਣ ਲਈ ਨਿਰੀਖਣ ਕੀਤਾ ਗਿਆ। ਇਸ ਦੌਰਾਨ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਮੌਕੇ 'ਤੇ ਹੀ ਕਾਰਵਾਈ ਕਰਦਿਆਂ ਜੁਰਮਾਨੇ ਕੀਤੇ ਗਏ। ਇਸ ਮੌਕੇ ਲੋਕਾਂ ਨੂੰ ਤੰਬਾਕੂ-ਮੁਕਤ ਸਮਾਜ ਦੀ ਸਿਰਜਣਾ ਲਈ ਸਿਹਤ ਵਿਭਾਗ ਦਾ ਸਹਿਯੋਗ ਕਰਨ ਅਤੇ ਤੰਬਾਕੂ ਤੋਂ ਦੂਰ ਰਹਿਣ ਦਾ ਸੰਦੇਸ਼ ਵੀ ਦਿੱਤਾ ਗਿਆ।ਇਸ ਮੌਕੇ ਬਲਾਕ ਐੱਨ.ਟੀ.ਸੀ.ਪੀ. ਨੋਡਲ ਅਫ਼ਸਰ ਸੁਮਨ ਕੁਮਾਰ, ਐੱਲ.ਐੱਚ.ਵੀ. ਨੀਲਮ ਰਾਣੀ, ਐੱਸ.ਆਈ. ਓਮ ਪ੍ਰਕਾਸ਼, ਸੀ.ਐੱਚ.ਓ. ਜੋਤੀ ਬਾਲਾ, ਬਲਾਕ ਐੱਨ.ਟੀ.ਸੀ.ਪੀ. ਡੀਲਿੰਗ ਜਸਪਾਲ ਸਿੰਘ ਸਿੱਧੂ, ਰਮਨ ਕੁਮਾਰ ਐੱਮ.ਪੀ.ਐੱਚ.ਡਬਲਯੂ, ਰੇਖਾ ਰਾਣੀ ਐੱਮ.ਪੀ.ਐੱਚ.ਡਬਲਯੂ., ਗੁਰਦੇਵ ਸਿੰਘ, ਸਮੂਹ ਆਸ਼ਾ ਵਰਕਰ, ਪਤਵੰਤੇ ਸੱਜਣ ਅਤੇ ਸਥਾਨਕ ਲੋਕ ਹਾਜ਼ਰ ਸਨ।

## ਤੰਬਾਕੂ ਨਿਸ਼ੇਧ ਦਿਵਸ ਮੌਕੇ ਵਿਦਿਆਰਥੀਆਂ ਵਿਚਕਾਰ ਪੋਸਟਰ ਮੁਕਾਬਲਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਵਿੱਚ ਪ੍ਰਿੰਸੀਪਲ ਸੰਜੀਵ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਸ਼ਵ ਤੰਬਾਕੂ ਨਿਸ਼ੇਧ ਦਿਵਸ ਮੌਕੇ ਵਿਦਿਆਰਥੀਆਂ ਵਿਚਕਾਰ ਪੋਸਟਰ ਮੁਕਾਬਲਾ ਕਰਵਾਇਆ ਗਿਆ।ਇਸ ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਨੂੰ ਤੰਬਾਕੂ ਸੇਵਨ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਸੀ।ਵਿਦਿਆਰਥੀਆਂ ਨੇ ਆਕਰਸ਼ਕ ਅਤੇ ਸੰਦੇਸ਼ਾਤਮਕ ਪੋਸਟਰਾਂ ਰਾਹੀਂ ਤੰਬਾਕੂ-ਮੁਕਤ ਜੀਵਨ ਦਾ ਸੰਦੇਸ਼ ਦਿੱਤਾ।ਇਸ ਗਤੀਵਿਧੀ ਦਾ ਸੰਚਾਲਨ ਗਤੀਵਿਧੀ ਇੰਚਾਰਜ ਕਰਮਜੀਤ ਕੌਰ ਨੇ ਕੀਤਾ, ਜਦਕਿ ਕੋਆਰਡੀਨੇਟਰ ਨਿਰਮਲਜੀਤ ਕੌਰ ਵੀ ਮੌਜੂਦ ਰਹੇ।ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਅਤੇ ਮੈਨੇਜਰ ਗੁਰਪ੍ਰੀਤ ਸਿੰਘ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਸਭ ਨੂੰ ਨਸ਼ਾ-ਮੁਕਤ ਅਤੇ ਸਿਹਤਮੰਦ ਜੀਵਨ ਅਪਣਾਉਣ ਲਈ ਪ੍ਰੇਰਿਤ ਕੀਤਾ।

## ਮਾਰਕਫੈੱਡ ਦੇ ਰਿਟਾਇਰਡ ਮੁਲਾਜ਼ਮਾਂ ਵੱਲੋਂ ਕਰੋ ਜਾਂ ਮਰੋ ਦਾ ਐਲਾਨ

### ■ 4 ਨੂੰ ਜ਼ਿਲ੍ਹਾ ਮੈਨੇਜਰ ਦੇ ਦਫ਼ਤਰ ਅੱਗੇ ਰੋਸ ਧਰਨਾ : ਸਿੱਧੂ

**ਬੁਢਲਾਡਾ (ਅਸ਼ੋਕ ਲਾਕੜਾ)**-ਮਾਰਕਫੈੱਡ ਦੇ ਰਿਟਾਇਰਡ ਫੀਲਡ ਮੁਲਾਜ਼ਮਾਂ ਦੀ ਵੈਲਫੇਅਰ ਐਸੋਸੀਏਸ਼ਨ ਪੰਜਾਬ ਨੇ ਮਾਰਕਫੈੱਡ ਵਿੱਚੋਂ ਰਿਟਾਇਰਡ ਹੋਏ ਫੀਲਡ ਮੁਲਾਜ਼ਮਾਂ ਨੂੰ ਸੇਵਾ ਮੁਕਤੀ ਲਾਭ (ਗ੍ਰੈਚੂਟੀ, ਲੀਵ ਇਨਕੈਸ਼ਮੈਂਟ, 1-1-2006 ਅਤੇ 1-1-2016 ਦੇ ਪੰਜਵੇਂ ਅਤੇ ਛੇਵੇਂ ਪੇ ਕਮਿਸ਼ਨ ਬਕਾਏ) ਨਾ ਮਿਲਣ, ਚਾਰਜਸ਼ੀਟਾਂ ਰੱਦ ਕਰਵਾਉਣ ਦੇ ਸਬੰਧ ਵਿੱਚ ਮਾਰਕਫੈੱਡ ਦੇ ਜ਼ਿਲ੍ਹਾ ਦਫ਼ਤਰ ਬਠਿੰਡਾ ਵਿਖੇ ਰੋਸ ਧਰਨਾ ਲਗਾਇਆ ਜਾ ਰਿਹਾ ਹੈ।ਮਾਰਕਫੈੱਡ ਰਿਟਾਇਰਡ ਫੀਲਡ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ (ਰਜਿ:) ਪੰਜਾਬ ਦੇ ਸੂਬਾ ਪ੍ਰਧਾਨ ਹਰਪਾਲ ਸਿੰਘ ਸਿੱਧੂ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁਲਾਜ਼ਮਾਂ ਵਿੱਚ ਇੰਨਾ ਭਾਰੀ ਰੋਸ ਪੈਦਾ ਹੋ ਗਿਆ ਹੈ ਕਿ ਉਹ ਸੇਵਾ ਮੁਕਤੀ ਲਾਭ ਲੈਣ ਅਤੇ ਚਾਰਜਸ਼ੀਟਾਂ ਨੂੰ ਰੱਦ ਕਰਵਾਉਣ ਲਈ ਕਰੋ ਜਾਂ ਮਰੋ ਦੀ ਨੀਤੀ 'ਤੇ ਉੱਤਰ ਆਏ ਹਨ। 30-35 ਸਾਲ ਫੀਲਡ ਵਿੱਚ ਨੌਕਰੀ ਕਰਨ ਤੋਂ ਬਾਅਦ ਸੇਵਾ-ਮੁਕਤੀ ਲਾਭ ਦੇਣ ਦੀ ਬਜਾਏ ਉਹਨਾਂ ਦੇ ਹੱਥਾਂ ਵਿੱਚ ਲੱਖਾਂ, ਕਰੋੜਾਂ ਦੀਆਂ ਝੂਠੀਆਂ/ ਚਾਰਜਸ਼ੀਟਾਂ ਬਣਾ ਕੇ ਬਜ਼ੁਰਗ ਮੁਲਾਜ਼ਮਾਂ ਨੂੰ ਘਰ ਤੋਰਿਆ ਜਾ ਰਿਹਾ ਹੈ।ਬਜ਼ੁਰਗ ਮੁਲਾਜ਼ਮਾਂ ਪਾਸ ਹੁਣ ਕੋਈ ਆਮਦਨ ਦਾ ਵਸੀਲਾ ਨਹੀਂ ਰਿਹਾ ਕਿਉਂਕਿ ਮੁਲਾਜ਼ਮਾਂ ਨੂੰ ਕੋਈ ਪੈਨਸ਼ਨ ਸਹੂਲਤ ਵੀ ਨਹੀਂ ਹੈ। ਬੁਢੇਪੇ ਵਿੱਚ ਦਵਾਈਆਂ, ਧੀਆਂ ਪੁੱਤਾਂ ਦੇ ਵਿਆਹ, ਵਾਰ-ਵਾਰ ਵਕੀਲਾਂ ਦੇ ਖਰਚੇ, ਪੇਸ਼ੀਆਂ 'ਤੇ ਆਉਣ-ਜਾਣ ਸਮੇਂ ਰਿਸ਼ਤੇਦਾਰੀਆਂ ਵਿੱਚ ਦੁੱਖ-ਸੁੱਖ ਵਿੱਚ ਸ਼ਾਮਲ ਹੋਣ ਸਮੇਂ ਦੇ ਅਨੇਕਾਂ ਹੋਰ ਵੀ ਘਰੇਲੂ ਖਰਚਿਆਂ ਨੂੰ ਚਲਾਉਣਾ ਔਖਾ ਹੋ ਚੁੱਕਿਆ ਹੈ। ਪੰਜਾਬ ਅਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਵੱਲੋਂ 07 ਮਈ 2026 ਨੂੰ ਸੁਣਾਏ ਗਏ ਇਤਿਹਾਸਕ ਫੈਸਲੇ ਅਨੁਸਾਰ ਚਾਰਜਸ਼ੀਟਾਂ ਰੱਦ ਕਰਨ ਬਾਰੇ ਅਤੇ ਹੋਰ ਵੀ ਅਦਾਲਤਾਂ ਵੱਲੋਂ ਵੀ ਵੱਖ-ਵੱਖ ਫੈਸਲਿਆਂ ਰਾਹੀਂ ਮੁਲਾਜ਼ਮਾਂ ਦੇ ਸੇਵਾ ਮੁਕਤੀ ਲਾਭ ਰਿਲੀਜ਼ ਕਰਨ ਅਤੇ ਚਾਰਜਸ਼ੀਟਾਂ ਰੱਦ ਕਰਨ ਦੇ ਸਬੰਧ ਵਿੱਚ ਅਨੇਕਾਂ ਹੁਕਮ ਜਾਰੀ ਕੀਤੇ ਗਏ ਹਨ ਪਰ ਮਾਰਕਫੈੱਡ ਦੀ ਮੈਨੇਜਮੈਂਟ ਵੱਲੋਂ ਪ੍ਰਵਾਹ ਨਹੀਂ ਕੀਤੀ ਜਾ ਰਹੀ।ਆਗੂ ਨੇ ਦੱਸਿਆ ਕਿ ਮਾਰਕਫੈੱਡ ਦੇ ਮੈਨੇਜਿੰਗ ਡਾਇਰੈਕਟਰ ਨਾਲ ਮੀਟਿੰਗ ਵੀ ਕੀਤੀ ਜਾ ਚੁੱਕੀ ਹੈ, ਪਰੰਤੂ ਕੋਈ ਸਮੱਸਿਆ ਦਾ ਹੱਲ ਨਹੀਂ ਕੱਢਿਆ। ਸੇਵਾ ਮੁਕਤੀ ਲਾਭਾਂ ਨੂੰ ਰਿਲੀਜ਼ ਕਰਨ ਅਤੇ ਚਾਰਜਸ਼ੀਟਾਂ ਨੂੰ ਰੱਦ ਕਰਵਾਉਣ ਸੰਬੰਧੀ ਮੁੱਖ ਮੰਤਰੀ ਪੰਜਾਬ, ਮੁੱਖ ਸਕੱਤਰ, ਰਜਿਸਟਰਾਰ, ਸੈਕਟਰੀ ਕੋਆਪਰੇਸ਼ਨ, ਮੈਨੇਜਿੰਗ ਡਾਇਰੈਕਟਰ ਮਾਰਕਫੈੱਡ ਨੂੰ ਲਿਖਤੀ ਤੌਰ 'ਤੇ ਮੰਗ ਪੱਤਰ ਭੇਜ ਕੇ ਮਸਲੇ ਹੱਲ ਕਰਵਾਉਣ ਲਈ ਜਾਣੂ ਕਰਵਾਇਆ ਜਾ ਚੁੱਕਾ ਹੈ। ਹੁਣ ਐਸੋਸੀਏਸ਼ਨ ਦੇ ਆਗੂ ਅਸ਼ਵਨੀ ਕੁਮਾਰ ਜਨਰਲ ਸਕੱਤਰ ਹੁਸ਼ਿਆਰ ਸਿੰਘ, ਕੁਲਦੀਪ ਸਿੰਘ ਸੁਨਾਮ, ਅੰਮ੍ਰਿਤਪਾਲ ਕੌਰ ਸੰਗਰੂਰ, ਬਲਵੰਤ ਸਿੰਘ, ਜਰਨੈਲ ਸਿੰਘ, ਭਗਵਾਨ ਸਿੰਘ, ਹੁਕਮ ਚੰਦ, ਸੁਰਜੀਤ ਸਿੰਘ, ਕਸਮੀਰ ਸਿੰਘ, ਸੁਰਜੀਤ ਸਿੰਘ ਬਠਿੰਡਾ, ਵਰਿੰਦਰ ਕੁਮਾਰ ਫਰੀਦਕੋਟ, ਤਰਲੋਕ ਸਿੰਘ ਬਟਾਲਾ, ਹੁਕਮ ਚੰਦ, ਰਮੇਸ਼ ਚੰਦ ਬਠਿੰਡਾ, ਨਿਰੰਕਾਰ ਸਿੰਘ, ਅਮਰ ਸਿੰਘ ਆਦਿ ਨੇ ਰੋਸ ਧਰਨੇ ਦੀਆਂ ਤਿਆਰੀਆਂ ਸਬੰਧੀ ਲਾਮਬੰਦੀ ਕਰ ਲਈ ਹੈ ਅਤੇ ਵੱਖ-ਵੱਖ ਜ਼ਿਲ੍ਹਿਆਂ ਦੇ ਰਿਟਾਇਰਡ ਮੁਲਾਜ਼ਮਾਂ ਨੂੰ ਹੁੰਮ-ਹੁਮਾ ਕੇ ਪਹੁੰਚਣ ਲਈ ਸੱਦਾ ਦਿੱਤਾ ਜਾ ਰਿਹਾ ਹੈ।

## 23 ਗ੍ਰਾਮ ਹੈਰੋਇਨ ਸਮੇਤ ਦੋ ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫਿਰੋਜ਼ਪੁਰ ਤੇ ਥਾਣਾ ਤਲਵੰਡੀ ਭਾਈ ਪੁਲਿਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਔਰਤ ਅਤੇ ਇਕ ਵਿਅਕਤੀ ਨੂੰ 23 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਸਦਰ ਫਿਰੋਜ਼ਪੁਰ ਪੁਲਿਸ ਦੇ ਸਹਾਇਕ ਥਾਣੇਦਾਰ ਸੇਵਕ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੇ ਦੌਰਾਨੇ ਗਸ਼ਤ ਦਿਲਪ੍ਰੀਤ ਸਿੰਘ ਉਰਫ ਕਾਕਾ ਵਾਸੀ ਪਿੰਡ ਖਾਈ ਕੀ ਨੂੰ ਕਾਬੂ ਕਰਕੇ ਉਸ ਕੋਲੋਂ 20 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਤਲਵੰਡੀ ਭਾਈ ਪੁਲਿਸ ਦੇ ਸਹਾਇਕ ਥਾਣੇਦਾਰ ਸੁਦੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਇਕ ਔਰਤ ਸ਼ਿੰਦਰ ਕੌਰ ਵਾਸੀ ਅਜੀਤ ਨਗਰ ਤਲਵੰਡੀ ਭਾਈ ਨੂੰ 3 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ। ਪੁਲਿਸ ਨੇ ਦੱਸਿਆ ਕਿ ਉਕਤ ਵਿਅਕਤੀ ਤੇ ਔਰਤ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਝੋਨੇ ਦੀ ਸਿੱਧੀ ਬਿਜਾਈ ਲਈ ਕੀਤਾ ਉਤਸ਼ਾਹਤ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਪਾਣੀ ਦੀ ਬੱਚਤ ਕਰਨ ਦੇ ਉਦੇਸ਼ ਨਾਲ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਿਤ ਕਰਨ ਲਈ 1500 ਰੁਪਏ ਪ੍ਰਤੀ ਏਕੜ ਕਿਸਾਨਾਂ ਨੂੰ ਪ੍ਰੋਤਸਾਹਿਤ ਰਾਸ਼ੀ ਦੇਣ ਲਈ ਰਜਿਸਟ੍ਰੇਸ਼ਨ 10 ਮਈ 2026 ਤੋਂ ਸ਼ੁਰੂ ਕੀਤੀ ਗਈ ਸੀ। ਪੋਰਟਲ ਤੇ ਅਪਲਾਈ ਕਰਨ ਦੀ ਅੰਤਿਮ ਮਿਤੀ 15 ਜੂਨ 2026 ਹੈ। ਇਸ ਤਕਨੀਕ ਨਾਲ ਬਿਜਾਈ ਕਰਨ ਤੇ ਪਾਣੀ, ਲੇਬਰ ਅਤੇ ਸਮੇਂ ਦੀ ਬੱਚਤ ਹੁੰਦੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਹਰਬੰਸ ਸਿੰਘ ਸਿੱਧੂ ਨੇ ਕਿਹਾ ਕਿ ਪਾਣੀ ਇਕ ਵਡਮੁੱਲੀ ਦਾਤ ਹੈ। ਸਾਨੂੰ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਇਸ ਕੁਦਰਤੀ ਖਜ਼ਾਨੇ ਨੂੰ ਬਚਾਉਣ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਹ ਤਾਂ ਹੀ ਸੰਭਵ ਹੈ ਜੇਕਰ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਕਰਨ। ਜੇ ਕਿਸੇ ਕਿਸਾਨ ਨੂੰ ਇਸ ਸਬੰਧੀ ਕੋਈ ਸਮੱਸਿਆ ਆਉਂਦੀ ਹੈ ਤਾਂ ਕਿਸਾਨ ਦਫਤਰ ਮੁੱਖ ਖੇਤੀਬਾੜੀ ਅਫਸਰ ਫਾਜ਼ਿਲਕਾ, ਸਬੰਧਤ ਬਲਾਕ ਖੇਤੀਬਾੜੀ ਅਫਸਰ ਜਾਂ ਆਪਣੇ ਪਿੰਡ ਦੇ ਖੇਤੀਬਾੜੀ ਵਿਕਾਸ ਅਫਸਰ ਨਾਲ ਰਾਬਤਾ ਕਰ ਸਕਦੇ ਹਨ।

## ਲੋਕ ਸਥਾਈ ਲੋਕ ਅਦਾਲਤ 'ਚ ਕੇਸ ਲਗਾਉਣ : ਜਸਵਿੰਦਰ ਸ਼ੀਮਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਨਾਲਸਾ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ ਨਗਰ (ਮੋਹਾਲੀ) ਦੀਆਂ ਹਦਾਇਤਾਂ ਅਨੁਸਾਰ ਜਸਵਿੰਦਰ ਸ਼ੀਮਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਸਥਾਈ ਲੋਕ ਅਦਾਲਤਾਂ (ਜਨ ਉਪਯੋਗੀ ਸੇਵਾਵਾਂ) ਕਾਨੂੰਨੀ ਸੇਵਾਵਾਂ ਅਥਾਰਟੀਜ਼ ਐਕਟ, 1987 ਦੀ ਧਾਰਾ 22-ਬੀ ਦੇ ਤਹਿਤ ਸਥਾਪਤ ਕੀਤੀਆਂ ਗਈਆਂ ਹਨ। ਇਨ੍ਹਾਂ ਉਦੇਸ਼ਾਂ ਨਾਲ ਹੀ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਜਿਸ ਨੂੰ ਇਸ ਤੋਂ ਬਾਅਦ ਪੀ.ਐਲ.ਏ (ਪੀ.ਯੂ.ਐਸ) ਕਿਹਾ ਜਾਂਦਾ ਹੈ। ਕਾਨੂੰਨੀ ਸੇਵਾਵਾਂ ਅਥਾਰਟੀਜ਼ ਅਮੈਂਡਮੈਂਟ ਐਕਟ, 2002 ਅਨੁਸਾਰ ਜ਼ਿਲ੍ਹਾ ਪੱਧਰ 'ਤੇ ਸਥਾਈ ਲੋਕ ਅਦਾਲਤਾਂ (ਜਨ ਉਪਯੋਗੀ ਸੇਵਾਵਾਂ) ਦਾ ਗਠਨ ਕੀਤਾ ਗਿਆ। ਪਰਮਾਨੈਂਟ ਲੋਕ ਅਦਾਲਤ ਵਿੱਚ (ਜਨ ਉਪਯੋਗੀ ਸੇਵਾਵਾਂ) ਵਿੱਚ 1 ਚੇਅਰਮੈਨ ਅਤੇ 2 ਮੈਂਬਰ ਹੁੰਦੇ ਹਨ। ਇਸ ਲੋਕ ਅਦਾਲਤ ਵਿੱਚ ਜਨ ਉਪਯੋਗੀ ਸੇਵਾਵਾਂ ਨਾਲ ਸਬੰਧਤ ਪ੍ਰੀ-ਲਿਟੀਗੇਟਿਵ ਕੇਸਾਂ (ਜਿਹੜੇ ਕੇਸ ਅਦਾਲਤਾਂ ਵਿੱਚ ਲੰਬਿਤ ਨਹੀਂ ਹਨ) ਦਾ ਫੈਸਲਾ ਕੀਤਾ ਜਾਂਦਾ ਹੈ।ਇਸ ਸਥਾਈ ਲੋਕ ਅਦਾਲਤ ਵਿੱਚ ਜਨ ਉਪਯੋਗੀ ਸੇਵਾਵਾਂ ਜਿਵੇਂ ਕਿ ਆਵਾਜਾਈ ਸੇਵਾਵਾਂ, ਪੋਸਟਲ, ਟੈਲੀਫੋਨ ਸੇਵਾਵਾਂ, ਬਿਜਲੀ ਸੇਵਾਵਾਂ ਸਬੰਧੀ ਮਾਮਲੇ, ਪਾਣੀ ਸਬੰਧੀ ਮਾਮਲੇ ਕੁਦਰਤੀ ਸਾਧਨਾਂ ਦੀ ਸੁਰੱਖਿਆਂ ਜਾਂ ਸੈਨੀਟੇਸ਼ਨ ਸਬੰਧੀ ਮਾਮਲੇ, ਹਸਪਤਾਲਾਂ ਜਾਂ ਡਿਸਪੈਂਸਰੀਆਂ ਵਿੱਚ ਸੇਵਾਵਾਂ ਮਾਮਲੇ, ਬੀਮਾ ਸੇਵਾਵਾਂ, ਬੈਂਕਿੰਗ ਸੇਵਾਵਾਂ, ਹਾਊਸਿੰਗ ਸੇਵਾਵਾਂ, ਫਾਇਨਾਂਸ ਸੇਵਾਵਾਂ, ਸਿੱਖਿਆ ਪ੍ਰਦਾਨ ਕਰਨ ਅਤੇ ਇਸ ਨਾਲ ਜੁੜੇ ਮਾਮਲੇ, ਐੱਲ.ਪੀ.ਜੀ. ਦੇ ਨਵੇਂ ਕੁਨੈਕਸ਼ਨ, ਸਪਲਾਈ, ਰਿਫਿਲਿੰਗ ਅਤੇ ਇਸ ਨਾਲ ਜੁੜੇ ਮਾਮਲੇ, ਆਧਾਰ ਕਾਰਡ, ਰਾਸ਼ਨ ਕਾਰਡ, ਵੋਟਰ ਸ਼ਨਾਖਤੀ ਕਾਰਡ ਅਤੇ ਬੀ.ਪੀ.ਐਲ਼ ਕਾਰਡ ਜਾਰੀ ਕਰਨ ਸਬੰਧੀ, ਬੁਢਾਪਾ ਪੈਨਸ਼ਨ, ਵਿਧਵਾ ਸਕੀਮ, ਸ਼ਗਨ ਸਕੀਮ ਅਤੇ ਬੇਰੋਜ਼ਗਾਰੀ ਭੱਤੇ ਦੀਆਂ ਸੇਵਾਵਾਂ ਸਬੰਧੀ ਮਾਮਲੇ, ਜਨਤਕ ਵੰਡ ਸਬੰਧੀ ਸੇਵਾਵਾਂ, ਜਨਮ ਤੇ ਮੌਤ ਦੀ ਰਜਿਸਟਰੇਸ਼ਨ ਨਾਲ ਸਬੰਧਤ ਸੇਵਾਵਾਂ।ਉਪਰੋਕਤ ਸੇਵਾਵਾਂ ਨਾਲ ਸਬੰਧਤ ਅਜਿਹੇ ਝਗੜੇ, ਸ਼ਿਕਾਇਤਾਂ, ਵਿਵਾਦ ਜਿਹੜੇ ਅਦਾਲਤਾਂ ਵਿੱਚ ਲੰਬਿਤ ਨਹੀਂ ਹਨ, ਸਬੰਧੀ ਦਰਖ਼ਾਸਤ ਸਾਦੇ ਕਾਗਜ਼ 'ਤੇ ਲਿਖ ਕੇ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਵਿੱਚ ਚੇਅਰਮੈਨ ਕੋਲ ਪੇਸ਼ ਕਰਨੀ ਹੁੰਦੀ ਹੈ ਅਤੇ ਇਸ ਲੋਕ ਅਦਾਲਤ ਵਿੱਚ 1 ਕਰੋੜ ਰੁਪਏ ਤੱਕ ਦੇ ਝਗੜੇ, ਮਾਮਲੇ ਰੱਖੇ ਜਾ ਸਕਦੇ ਹਨ।ਆਮ ਜਨਤਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਪਰੋਕਤ ਕੈਟਾਗਿਰੀਆਂ ਅਧੀਨ ਆਉਂਦੇ ਆਪਣੇ ਕੇਸਾਂ ਨੂੰ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਵਿੱਚ ਲਗਾਉਣ ਕਿਉਂਕਿ ਇਸ ਲੋਕ ਅਦਾਲਤ ਵਿੱਚ ਛੇਤੀ ਅਤੇ ਸਸਤਾ ਨਿਆਂ ਮਿਲਦਾ ਹੈ ਅਤੇ ਇਸ ਦੇ ਫੈਸਲੇ ਨੂੰ ਦੀਵਾਨੀ ਕੋਰਟ ਦੀ ਡਿਕਰੀ ਦੀ ਮਾਨਤਾ ਪ੍ਰਾਪਤ ਹੈ। ਕੇਸ ਲਗਾਉਣ ਲਈ ਕੋਈ ਵੀ ਕੋਰਟ ਫੀਸ ਨਹੀਂ ਲਗਦੀ ਅਤੇ ਇਸ ਦੇ ਫੈਸਲੇ ਦੇ ਖਿਲਾਫ ਕੋਈ ਅਪੀਲ ਨਹੀਂ ਹੁੰਦੀ।

## ਜਮਹੂਰੀ ਅਧਿਕਾਰ ਸਭਾ ਪੰਜਾਬ ਵੱਲੋਂ ਮਾਰਚ ਕਰ ਰਹੇ ਮੁਲਾਜ਼ਮਾਂ 'ਤੇ ਲਾਠੀਚਾਰਜ ਤੇ ਪਾਣੀ ਦੀਆਂ ਬੁਛਾੜਾਂ ਦੀ ਨਿੰਦਾ

**ਲੁਧਿਆਣਾ (ਸਤੀਸ਼ ਸਚਦੇਵਾ)**-ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਵਲੋਂ ਚੰਡੀਗੜ੍ਹ ਮੁੱਖ ਮੰਤਰੀ ਪੰਜਾਬ ਦੇ ਨਿਵਾਸ ਵੱਲ ਮਾਰਚ ਕਰ ਰਹੇ ਮੁਲਾਜ਼ਮਾਂ 'ਤੇ ਲਾਠੀਚਾਰਜ ਕਰਨ ਅਤੇ ਪਾਣੀ ਦੀਆਂ ਬੁਛਾੜਾਂ ਮਾਰਨ ਦੀ ਨਿੰਦਾ ਕਰਦਿਆਂ ਸਮੂਹ ਜਨਤਕ ਅਤੇ ਜਮਹੂਰੀ ਜਥੇਬੰਦੀਆਂ ਨੂੰ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਡੱਟ ਕੇ ਪਹਿਰਾ ਦੇਣ ਦੀ ਅਪੀਲ ਕੀਤੀ ਹੈ। ਇਸ ਮੌਕੇ ਕਈ ਮੁਲਾਜ਼ਮਾਂ ਨੂੰ ਪੁਲਸੀਆ ਜਬਰ ਦਾ ਸਾਹਮਣਾ ਕਰਨਾ ਪਿਆ ਹੈ, ਜਿਸ ਕਾਰਨ ਕਈ ਮੁਲਾਜ਼ਮਾਂ ਨੂੰ ਸੱਟਾਂ ਵੀ ਲੱਗੀਆਂ । ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਸਭਾ ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਜਸਵੰਤ ਜ਼ੀਰਖ, ਸੀਨੀਅਰ ਮੈਂਬਰ ਪ੍ਰੋ ਏ ਕੇ ਮਲੇਰੀ, ਡਾ ਹਰਬੰਸ ਗਰੇਵਾਲ, ਸਤੀਸ਼ ਸਚਦੇਵਾ, ਸਕੱਤਰ ਅਜਮੇਰ ਦਾਖਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਹੋਰ ਤਬਕਿਆਂ ਦੀਆਂ ਹੱਕੀ ਮੰਗਾਂ ਮੰਨਣ ਦੀ ਬਜਾਏ ਪੁਲਸੀ ਜਬਰ ਨਾਲ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਜਿਹੜੀ ਸਰਕਾਰ ਲੋਕਾਂ ਨਾਲ ਇਹ ਵਾਅਦਾ ਕਰਕੇ ਸੱਤਾ 'ਚ ਆਈ ਹੋਵੇ ਕਿ, ਉਸ ਦੇ ਰਾਜ ਵਿੱਚ ਧਰਨੇ ਲਾਉਣ ਤੋਂ ਪਹਿਲਾਂ ਹੀ ਲੋਕਾਂ ਦੇ ਮਸਲੇ ਹੱਲ ਹੋਇਆ ਕਰਨਗੇ, ਪਰ ਸੱਤਾ ਪ੍ਰਾਪਤੀ ਬਾਅਦ ਇਸ ਨੇ ਪਹਿਲੀਆਂ ਪਾਰਟੀਆਂ ਨੂੰ ਵੀ ਲੋਕਾਂ 'ਤੇ ਜਬਰ ਕਰਨ ਵਿੱਚ ਮਾਤ ਪਾ ਦਿੱਤੀ ਹੈ। ਹੋਰ ਸ਼ੰਘਰਸੀ ਤਬਕਿਆਂ ਦੀ ਤਰ੍ਹਾਂ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ, ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਅਤੇ ਹੋਰ ਵੱਖ ਵੱਖ ਮੁਲਾਜ਼ਮ ਜਥੇਬੰਦੀਆਂ ਵੱਲੋਂ ਮੋਹਾਲੀ ਵਿਖੇ ਵੱਡੀ ਰੈਲੀ ਕਰਕੇ ਚੰਡੀਗੜ੍ਹ ਵੱਲ ਮਾਰਚ ਕੀਤਾ ਜਾ ਰਿਹਾ ਸੀ। ਪ੍ਰਦਸ਼ਨਕਾਰੀਆਂ ਵਲੋਂ ਮੁੱਖ ਮੰਤਰੀ ਪੰਜਾਬ ਨਾਲ ਮੀਟਿੰਗ ਕਰਨ ਦੀ ਮੰਗ ਕੀਤੀ ਜਾ ਰਹੀ ਸੀ। ਵੱਖ ਵੱਖ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਵੱਲੋਂ ਇਹ ਮੰਗ ਕੀਤੀ ਗਈ ਹੈ ਕਿ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ। 38 ਤਰ੍ਹਾਂ ਦੇ ਮੁਲਾਜ਼ਮਾਂ ਨਾਲ ਇੱਕ ਪਲੇਟਫਾਰਮ ਤੇ ਇਕੱਤਰ ਹੋ ਕੇ ਬੰਦ ਕੀਤੇ ਭੱਤਿਆਂ ਨੂੰ ਬਹਾਲ ਕੀਤਾ ਜਾਵੇ। ਡੀ ਏ ਦੀਆਂ ਬਕਾਇਆ ਕਿਸ਼ਤਾਂ ਦੀ ਰਾਸ਼ੀ ਜਾਰੀ ਕੀਤੀ ਜਾਵੇ। ਪਰ ਕੋਰਟ ਕੇਸ ਲਾਗੂ ਕਰਨ ਦੇ ਬਹਾਨੇ ਸੈਂਕੜੇ ਅਧਿਆਪਕਾਂ ਨੂੰ ਨੌਕਰੀ ਤੋਂ ਬਾਹਰ ਕੱਢਣ ਦੇ ਨੋਟਿਸ ਦਿੱਤੇ ਜਾ ਰਹੇ ਹਨ । ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਪੰਜਾਬ ਸਰਕਾਰ ਦੇ ਇਹਨਾਂ ਲੋਕ ਵਿਰੋਧੀ ਵਰਤਾਰਿਆਂ ਰਾਹੀਂ ਸੰਘਰਸ਼ ਕਰ ਰਹੇ ਮੁਲਾਜ਼ਮਾਂ ਅਤੇ ਹੋਰ ਤਬਕਿਆਂ ਦੀ ਆਵਾਜ਼ ਬੰਦ ਕਰਨ ਦਾ ਭਰਮ ਪਾਲ ਰਹੀ ਸਰਕਾਰ ਨੂੰ ਮੀਟਿੰਗ ਕਰਨ ਉਪਰੰਤ ਮੰਗਾਂ ਮੰਨਣ ਦੀ ਅਪੀਲ ਕੀਤੀ ਹੈ ।

## ਪੰਜਾਬ ਨੂੰ ਨਸ਼ਿਆਂ, ਬੇਰੁਜ਼ਗਾਰੀ, ਮਹਿੰਗਾਈ ਦੀ ਮਾਰ ਤੋਂ ਬਚਾਉਣ ਲਈ ਬਸਪਾ ਲਿਆਓ : ਐਡਵੋਕੇਟ ਮਾਨਾ




**ਹੁਸ਼ਿਆਰਪੁਰ (ਓ ਪੀ ਰਾਣਾ)**

ਹਲਕਾ ਚੱਬੇਵਾਲ ਦੇ ਪਿੰਡ ਸਾਰੰਗਵਾਲ ਵਿਖੇ ਬਸਪਾ ਦੀ ਇਕ ਵਿਸ਼ੇਸ਼ ਮੀਟਿੰਗ ਕੁੰਦਨ ਰਾਮ ਅਤੇ ਰਾਜੇਸ਼ ਕੁਮਾਰ ਭੁੰਨੋ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਦੇ ਵਿੱਚ ਮੁੱਖ ਮਹਿਮਾਨ ਵਜੋਂ ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਬਸਪਾ ਹਲਕਾ ਚੱਬੇਵਾਲ, ਰਾਕੇਸ਼ ਕਿਟੀ ਜਿਲਾ ਸਕੱਤਰ, ਦਵਿੰਦਰ ਸਿੰਘ ਬਾਹੋਵਾਲ ਇੰਚਾਰਜ ਬਾਮਸੇਫ ਵਿਸ਼ੇਸ਼ ਤੌਰ ਤੇ ਪੁਹੰਚੇ। ਪਿੰਡ ਵਾਸੀਆਂ ਦੇ ਵੱਡੇ ਇਕੱਠ ਨੂੰ ਐਡਵੋਕੇਟ ਪਲਵਿੰਦਰ ਮਾਨਾ ਨੇ ਸੰਬੋਧਨ ਕਰਦੇ ਹੋਏ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਬਹੁਜਨ ਸਮਾਜ ਪਾਰਟੀ ਵੱਲੋ ਚਲਾਈ ਗਈ ਪੰਜਾਬ ਸੰਭਾਲੋ ਮੁਹਿੰਮ ਦੇ ਨਾਲ ਜੁੜੋ ਅਤੇ ਬਸਪਾ ਨੂੰ ਮਜ਼ਬੂਤ ਕਰਕੇ ਆਪਣਾ ਰਾਜ ਲਿਆਓ। ਓਨਾਂ ਕਿਹਾ ਬਸਪਾ ਹੀ ਇਕ ਅਜਿਹੀ ਪਾਰਟੀ ਜੋ ਸਰਬ ਸਮਾਜ ਦਾ ਭਲਾ ਚਾਹੁੰਦੀ ਹੈ ਅਤੇ ਹਰ ਕਿਸੇ ਲਈ ਸਿੱਖਿਆ, ਇਲਾਜ ਅਤੇ ਰੁਜ਼ਗਾਰ ਦਾ ਪ੍ਰਬੰਧ ਕਰ ਸਕਦੀ ਹੈ। ਉਨ੍ਹਾਂ ਕਿਹਾ ਪੰਜਾਬ ਨੂੰ ਨਸ਼ਿਆਂ, ਬੇਰੁਜ਼ਗਾਰੀ, ਮਹਿੰਗਾਈ ਦੀ ਮਾਰ ਤੋਂ ਬਚਾਉਣ ਲਈ ਬਸਪਾ ਲਿਆਓ।ਇਸ ਦੌਰਾਨ ਪਿੰਡ ਸਾਰਗੋਵਾਲ ਵਿਖੇ ਦਰਜਨਾਂ ਪਰਿਵਾਰ ਦੂਜੀਆਂ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਬਸਪਾ ਵਿਚ ਸ਼ਾਮਿਲ ਹੋਏ ਅਤੇ ਬਸਪਾ ਆਗੂਆਂ ਨੇ ਇਨ੍ਹਾਂ ਪਰਵਾਰਾਂ ਨੂੰ ਪਾਰਟੀ ਦਾ ਨੀਲਾ ਸਿਰਪਾਓ ਪਾ ਕੇ ਬਸਪਾ ਵਿਚ ਸ਼ਾਮਿਲ ਕੀਤਾ। ਬਹੁਜਨ ਸਮਾਜ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਦੇ ਹੋਏ ਬੀਬੀਆ ਦਾ ਯੂਨਿਟ ਤੇ ਬੂਥ ਕਮੇਟੀ ਦਾ ਵੀ ਗਠਨ ਕੀਤਾ। ਇਸ ਮੌਕੇ ਬਲਵੰਤ ਨੌਨੀਤਪੁਰ, ਜੱਸੀ ਖਾਨਪੁਰ, ਵਿਕੀ ਬੰਗਾ, ਚੰਦਨ ਸਿੰਘ, ਸੁਖਰਾਬ ਭੁੰਨੋ, ਸ਼ਿਵ ਕੁਮਾਰ ਜੰਡੋਲੀ, ਮਨਪ੍ਰੀਤ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਖਾਲਸਾ ਕਾਲਜ 'ਚ ਐੱਮ ਕਾਮ ਦਾ ਨਤੀਜਾ ਰਿਹਾ ਸ਼ਾਨਦਾਰ

**ਮਾਹਿਲਪੁਰ (ਸ.ਫਰੀ)**

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਨਤੀਜਿਆਂ ਵਿੱਚ ਇਲਾਕੇ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਐੱਮ ਕਾਮ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਇਸ ਬਾਰੇ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਅਤੇ ਕਾਮਰਸ ਵਿਭਾਗ ਦੇ ਮੁਖੀ ਡਾ ਬਿਮਲਾ ਜਸਵਾਲ ਨੇ ਦੱਸਿਆ ਕਿ ਐੱਮ ਕਾਮ ਭਾਗ ਪਹਿਲਾ ਦੇ ਨਤੀਜੇ ਵਿੱਚ ਵਿਦਿਆਰਥਣ ਅਲਕਾ ਨੇ 82 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਸਾਕਸ਼ੀ ਨੇ 80.8 ਫੀਸਦੀ ਅੰਕਾਂ ਨਾਲ ਦੂਜਾ ਅਤੇ ਮਨਸੁਮੀਤ ਕੌਰ ਨੇ 80.7 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਐੱਮ ਕਾਮ ਭਾਗ ਦੂਜਾ ਦੀ ਵਿਦਿਆਰਥਣ ਪ੍ਰਿਯੰਕਾ ਜੁਨੇਜਾ ਨੇ 81.8 ਫੀਸਦੀ ਅੰਕਾਂ ਨਾਲ ਪਹਿਲਾ, ਵਿਦਿਆਰਥਣ ਜਸਮੀਨ ਕੁਮਾਰੀ ਨੇ 78.7 ਫੀਸਦੀ ਅੰਕਾਂ ਨਾਲ ਦੂਜਾ ਅਤੇ ਬਲਜਿੰਦਰ ਕੌਰ ਨੇ 78.5 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਪ੍ਰਿੰਸੀਪਲ ਸਮੇਤ ਕਾਮਰਸ ਵਿਭਾਗ ਦੇ ਸਮੂਹ ਅਧਿਆਪਕਾਂ ਨੇ ਇਨ੍ਹਾਂ ਵਿਦਿਆਰਥਣਾਂ ਨੂੰ ਚੰਗੇ ਨਤੀਜੇ ਲਈ ਮੁਬਾਰਕਬਾਦ ਦਿੱਤੀ ਅਤੇ ਸੁਨਹਿਰੀ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।



## ਡੇਰਾਬੱਸੀ ਦੇ ਲੋਕਾਂ ਨੇ 'ਆਪ' ਦੀਆਂ ਵਿਕਾਸ ਪੱਖੀ ਨੀਤੀਆਂ 'ਤੇ ਮੁੜ ਮੋਹਰ ਲਗਾਈ : ਵਿਧਾਇਕ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਵਿਧਾਨ ਸਭਾ ਹਲਕੇ ਅਧੀਨ ਆਉਂਦੀਆਂ ਡੇਰਾਬੱਸੀ, ਲਾਲੜੂ ਅਤੇ ਜ਼ੀਰਕਪੁਰ ਨਗਰ ਕੌਂਸਲਾਂ ਦੇ ਚੋਣ ਨਤੀਜਿਆਂ ਨੇ ਇੱਕ ਵਾਰ ਮੁੜ ਸ਼ਹਿਰੀ ਵੋਟਰਾਂ ਵਿੱਚ ਆਮ ਆਦਮੀ ਪਾਰਟੀ ਦੇ ਮਜ਼ਬੂਤ ਜਨ ਆਧਾਰ ਨੂੰ ਦਰਸਾਇਆ ਹੈ। ਤਿੰਨਾਂ ਨਗਰ ਕੌਂਸਲਾਂ ਵਿੱਚ ਆਮ ਆਦਮੀ ਪਾਰਟੀ ਨੂੰ ਸਭ ਤੋਂ ਵੱਧ ਵੋਟਾਂ ਮਿਲਣ ਨੂੰ ਲੋਕਾਂ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਦੀਆਂ ਲੋਕ-ਭਲਾਈ ਅਤੇ ਵਿਕਾਸ ਪੱਖੀ ਨੀਤੀਆਂ 'ਤੇ ਲਗਾਈ ਗਈ ਮੋਹਰ ਵਜੋਂ ਦੇਖਿਆ ਜਾ ਰਿਹਾ ਹੈ।ਚੋਣ ਨਤੀਜਿਆਂ 'ਤੇ ਪ੍ਰਤੀਕਿਰਿਆ ਦਿੰਦਿਆਂ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਹਲਕੇ ਦੇ ਸਮੂਹ ਵੋਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਲੋਕਾਂ ਨੇ ਵਿਕਾਸ, ਪਾਰਦਰਸ਼ੀ ਪ੍ਰਸ਼ਾਸਨ ਅਤੇ ਇਮਾਨਦਾਰ ਰਾਜਨੀਤੀ ਦੇ ਹੱਕ ਵਿੱਚ ਆਪਣਾ ਫ਼ਤਵਾ ਦਿੱਤਾ ਹੈ।ਰੰਧਾਵਾ ਨੇ ਦੱਸਿਆ ਕਿ ਤਿੰਨਾਂ ਨਗਰ ਕੌਂਸਲਾਂ ਵਿੱਚ ਪਈਆਂ ਕੁੱਲ 1,16,358 ਵੋਟਾਂ ਵਿੱਚੋਂ ਆਮ ਆਦਮੀ ਪਾਰਟੀ ਨੂੰ 41,529 ਵੋਟਾਂ ਪ੍ਰਾਪਤ ਹੋਈਆਂ, ਜੋ ਕੁੱਲ ਵੋਟਾਂ ਦਾ 35.69 ਫ਼ੀਸਦੀ ਬਣਦਾ ਹੈ। ਇਸ ਦੇ ਮੁਕਾਬਲੇ ਸ਼੍ਰੋਮਣੀ ਅਕਾਲੀ ਦਲ ਨੂੰ 25,528 ਵੋਟਾਂ (21.94 ਫ਼ੀਸਦੀ), ਭਾਜਪਾ ਨੂੰ 21,718 ਵੋਟਾਂ (18.66 ਫ਼ੀਸਦੀ), ਕਾਂਗਰਸ ਨੂੰ 18,920 ਵੋਟਾਂ (16.26 ਫ਼ੀਸਦੀ) ਅਤੇ ਆਜ਼ਾਦ ਉਮੀਦਵਾਰਾਂ ਨੂੰ 6,880 ਵੋਟਾਂ (5.91 ਫ਼ੀਸਦੀ) ਮਿਲੀਆਂ।ਉਨ੍ਹਾਂ ਕਿਹਾ ਕਿ ਇਹ ਨਤੀਜੇ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਵੱਲੋਂ 300 ਯੂਨਿਟ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕਾਂ, ਸਰਕਾਰੀ ਸਕੂਲਾਂ ਦੇ ਸੁਧਾਰ, ਨੌਜਵਾਨਾਂ ਨੂੰ ਪਾਰਦਰਸ਼ੀ ਭਰਤੀ ਰਾਹੀਂ ਰੁਜ਼ਗਾਰ ਦੇ ਮੌਕੇ ਅਤੇ ਭ੍ਰਿਸ਼ਟਾਚਾਰ ਖ਼ਿਲਾਫ਼ ਕੀਤੀਆਂ ਸਖ਼ਤ ਕਾਰਵਾਈਆਂ ਪ੍ਰਤੀ ਲੋਕਾਂ ਦੇ ਵਿਸ਼ਵਾਸ ਨੂੰ ਦਰਸਾਉਂਦੇ ਹਨ।ਵਿਧਾਇਕ ਰੰਧਾਵਾ ਨੇ ਕਿਹਾ ਕਿ ਜ਼ੀਰਕਪੁਰ, ਲਾਲੜੂ ਅਤੇ ਡੇਰਾਬੱਸੀ ਦੇ ਲੋਕਾਂ ਨੇ ਵਿਕਾਸ ਦੀ ਰਾਜਨੀਤੀ ਨੂੰ ਤਰਜੀਹ ਦਿੱਤੀ ਹੈ ਅਤੇ ਆਮ ਆਦਮੀ ਪਾਰਟੀ ਇਸ ਭਰੋਸੇ 'ਤੇ ਖਰਾ ਉਤਰਨ ਲਈ ਹੋਰ ਵੱਧ ਸਮਰਪਣ ਅਤੇ ਜ਼ਿੰਮੇਵਾਰੀ ਨਾਲ ਕੰਮ ਕਰੇਗੀ।



## ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਸ਼ਵ ਤੰਬਾਕੂ ਵਿਰੋਧੀ ਦਿਵਸ ਦੇ ਮੌਕੇ 'ਤੇ ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਮੋਹਾਲੀ ਨੇ ਤੰਬਾਕੂ ਸੇਵਨ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਈ ਅਤੇ ਜਾਨਲੇਵਾ ਬਿਮਾਰੀਆਂ, ਖਾਸ ਕਰਕੇ ਕੈਂਸਰ ਨੂੰ ਰੋਕਣ ਲਈ ਇਸ ਨੂੰ ਛੱਡਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਮੈਕਸ ਦੀ ਓਨਕੋਲੋਜੀ ਸਲਾਹਕਾਰ ਡਾ. ਅਕਾਂਕਸ਼ਾ ਨੇ ਕਿਹਾ, ਤੰਬਾਕੂ ਦਾ ਸੇਵਨ, ਭਾਵੇਂ ਸਿਗਰਟਨੋਸ਼ੀ ਰਾਹੀਂ ਹੋਵੇ ਜਾਂ ਧੂੰਆਂ ਰਹਿਤ ਤਰੀਕਿਆਂ ਨਾਲ, ਕੈਂਸਰ ਅਤੇ ਦਿਲ ਦੀ ਬਿਮਾਰੀ ਅਤੇ ਫੇਫੜਿਆਂ ਦੇ ਵਿਕਾਰ ਸਮੇਤ ਹੋਰ ਗੰਭੀਰ ਸਿਹਤ ਸਮੱਸਿਆਵਾਂ ਦੇ ਮੁੱਖ ਕਾਰਨਾਂ ਵਿੱਚੋਂ ਇੱਕ ਹੈ। ਵਿਆਪਕ ਜਾਗਰੂਕਤਾ ਦੇ ਬਾਵਜੂਦ, ਇਸ ਦੀ ਵਰਤੋਂ ਇੱਕ ਗੰਭੀਰ ਜਨਤਕ ਸਿਹਤ ਚਿੰਤਾ ਬਣੀ ਹੋਈ ਹੈ।ਉਸ ਨੇ ਅੱਗੇ ਕਿਹਾ ਤੰਬਾਕੂ ਮੂੰਹ, ਫੇਫੜਿਆਂ ਅਤੇ ਗਲੇ ਦੇ ਕੈਂਸਰ ਸਮੇਤ ਕਈ ਕਿਸਮਾਂ ਦੇ ਕੈਂਸਰ ਲਈ ਸਭ ਤੋਂ ਵੱਡੇ ਜੋਖਮ ਕਾਰਕਾਂ ਵਿੱਚੋਂ ਇੱਕ ਹੈ। ਚੰਗੀ ਖ਼ਬਰ ਇਹ ਹੈ ਕਿ ਕਿਸੇ ਵੀ ਪੜਾਅ 'ਤੇ ਤੰਬਾਕੂ ਛੱਡਣਾ ਇਨ੍ਹਾਂ ਜੋਖਮਾਂ ਨੂੰ ਕਾਫ਼ੀ ਹੱਦ ਤੱਕ ਘਟਾ ਸਕਦਾ ਹੈ।ਜਾਗਰੂਕਤਾ, ਜਲਦੀ ਪਤਾ ਲਗਾਉਣਾ ਅਤੇ ਸਮੇਂ ਸਿਰ ਦਖਲਅੰਦਾਜ਼ੀ ਜਾਨਾਂ ਬਚਾ ਸਕਦੀ ਹੈ। ਉਸ ਨੇ ਇਹ ਵੀ ਦੱਸਿਆ ਕਿ ਤੰਬਾਕੂ ਨਾਲ ਸਬੰਧਤ ਕੈਂਸਰ ਦੇ ਬਹੁਤ ਸਾਰੇ ਮਾਮਲਿਆਂ ਨੂੰ ਰੋਕਿਆ ਜਾ ਸਕਦਾ ਹੈ, ਖਾਸ ਕਰਕੇ ਉਨ੍ਹਾਂ ਵਿਅਕਤੀਆਂ ਲਈ ਜਿਨ੍ਹਾਂ ਦਾ ਤੰਬਾਕੂ ਦੀ ਵਰਤੋਂ ਦਾ ਇਤਿਹਾਸ ਹੈ।

## ਯੁੱਧ ਨਸ਼ਿਆਂ ਵਿਰੁਧ ਸੰਬੰਧੀ ਕੁਇੱਜ਼ ਮੁਕਾਬਲਾ ਕਰਵਾਇਆ

**ਸੁਲਤਾਨਪੁਰ ਲੋਧੀ (ਹਨੀ)**-ਐਸ ਡੀ. ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਵਿਖੇ ਪ੍ਰਿੰਸੀਪਲ ਡਾਂ ਵੰਦਨਾ ਸ਼ੁਕਲਾ ਦੀ ਯੋਗ ਅਗਵਾਈ ਵਿਚ ਬੱਡੀ ਕਲੱਬ ਵੱਲੋਂ ਐੱਨ ਐੱਸ ਐੱਸ ਵਿਭਾਗ ਦੇ ਸਹਿਯੋਗ ਨਾਲ ਯੁੱਧ ਨਸ਼ਿਆਂ ਵਿਰੁਧ ਮੁਹਿੰਮ ਤਹਿਤ ਆਨਲਾਈਨ ਕੁਇਜ਼ ਮੁਕਾਬਲਾ ਕਰਵਾਇਆ ਗਿਆ ਜਿਸ ਦਾ ਉਦੇਸ਼ ਵਿਦਿਆਰਥੀਆਂ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਨਸ਼ਾ ਮੁਕਤ ਸਮਾਜ ਬਣਾਉਣ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕਰਨਾ ਸੀ।ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਆਨਲਾਈਨ ਕੁਇਜ਼ ਵਿੱਚ ਹਿੱਸਾ ਲਿਆ ਅਤੇ ਨਸ਼ੀਲੇ ਪਦਾਰਥਾਂ ਦੀ ਰੋਕਥਾਮ, ਸਿਹਤ ਜਾਗਰੂਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਬਾਰੇ ਆਪਣੇ ਗਿਆਨ ਦਾ ਪ੍ਰਦਰਸ਼ਨ ਕੀਤਾ।ਪ੍ਰੀਤਿਕਾ ਬੀ ਏ ਦੂਜਾ ਤੇ ਜਸਮੀਨ ਬੀ ਏ ਤੀਜਾ ਪਹਿਲੇ ਸਥਾਨ 'ਤੇ ਰਹੀਆਂ। ਬੀ ਏ ਦੂਜਾ ਦੀਆਂ ਮਲਿਕਾ ਤੇ ਹਰਮਨਪ੍ਰੀਤ ਕੌਰ ਦੂਜੇ ਤੇ ਬੀ ਏ ਪਹਿਲਾ ਦੀ ਨਵਰੂਪ ਕੌਰ ਤੀਜੇ ਸਥਾਨ 'ਤੇ ਰਹੀ। ਜੇਤੂਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਪ੍ਰੋਗਰਾਮ ਨੇ ਸਫਲਤਾਪੂਰਵਕ ਨਸ਼ਾ ਮੁਕਤ ਸਮਾਜ ਦਾ ਸੰਦੇਸ਼ ਫੈਲਾਇਆ ਤੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਡਾ.ਸ਼ੁਕਲਾ ਨੇ ਇਸ ਅਰਥਪੂਰਨ ਜਾਗਰੂਕਤਾ ਗਤੀਵਿਧੀ ਦੇ ਆਯੋਜਨ ਲਈ ਬੱਡੀ ਕਲੱਬ ਅਤੇ ਐੱਨ ਐੱਸ ਐੱਸ. ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।



## ਸਾਹਿਤ ਵਿਗਿਆਨ ਕੇਂਦਰ ਦੀ ਮਾਸਿਕ ਇਕੱਤਰਤਾ



**ਚੰਡੀਗੜ੍ਹ (ਸੁਰਜੀਤ ਸੁਮਨ)**

ਸਾਹਿਤ ਵਿਗਿਆਨ ਕੇਂਦਰ ਦੀ ਮਾਸਿਕ ਇਕੱਤਰਤਾ ਰੋਟਰੀ ਕਲੱਬ ਸੈਕਟਰ 70 ਮੁਹਾਲੀ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਸ਼੍ਰੋਮਣੀ ਪੱਤਰਕਾਰ ਕਮਲਜੀਤ ਸਿੰਘ ਬਨਵੈਤ ਵੱਲੋਂ ਕੀਤੀ ਗਈ। ਪ੍ਰਧਾਨਗੀ ਮੰਡਲ ਵਿੱਚ ਪ੍ਰਸਿੱਧ ਸ਼ਾਇਰਾ ਪਰਮਜੀਤ ਕੌਰ ਪਰਮ, ਡਾ. ਅਵਤਾਰ ਸਿੰਘ ਪਤੰਗ, ਗੁਰਦਰਸ਼ਨ ਸਿੰਘ ਮਾਵੀ ਅਤੇ ਦਵਿੰਦਰ ਕੌਰ ਢਿੱਲੋਂ ਸ਼ਾਮਲ ਸਨ। ਕੇਂਦਰ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਨੇ ਸਮਾਗਮ ਦੀ ਰੂਪ-ਰੇਖਾ ਬਾਰੇ, ਨਵੇਂ ਉਲੀਕੇ ਪ੍ਰੋਗਰਾਮਾਂ ਬਾਰੇ ਚਾਨਣਾ ਪਾਇਆ ਅਤੇ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਕਵੀ ਦਰਬਾਰ ਦਾ ਆਗਾਜ਼ ਰਾਜਵਿੰਦਰ ਸਿੰਘ ਗੱਡੂ ਦੁਆਰਾ ਗਰਮੀਆਂ ਦੀਆਂ ਛੁੱਟੀਆਂ ਨਾਲ ਸੰਬੰਧਤ ਰਚਨਾ ਨਾਲ ਹੋਇਆ। ਡਾ. ਅਨਿਲ ਬਹਿਲ, ਸੁਮਨ ਰਾਣੀ, ਪ੍ਰਤਾਪ ਪਾਰਸ, ਸੁਰਿੰਦਰ ਕੁਮਾਰ ਅਤੇ ਗੁਰਿੰਦਰ ਗੌਰੀ ਨੇ ਧੀਆਂ ਨੂੰ ਸਮਰਪਤ ਰਚਨਾਵਾਂ ਪੇਸ਼ ਕੀਤੀਆਂ। ਸੁਰਜੀਤ ਸਿੰਘ ਧੀਰ ਤੇ ਸ਼ਰਨਜੀਤ ਨਯੀਅਰ ਨੇ ਸ਼ਿਵ ਕੁਮਾਰ ਬਟਾਲਵੀ ਦੀਆਂ ਰਚਨਾਵਾਂ ਤਰੰਨਮ ਵਿੱਚ ਸੁਣਾਈਆਂ। ਬਲਵਿੰਦਰ ਢਿੱਲੋਂ ਨੇ ਹੀਰ ਵਾਰਿਸ ਸ਼ਾਹ ਅਤੇ ਮਲਕੀਤ ਨਾਗਰਾ ਨੇ ਬੰਦਾ ਸਿੰਘ ਬਹਾਦਰ ਦੀ ਵਾਰ ਬੁਲੰਦ ਅਵਾਜ਼ ਨਾਲ ਸਰੋਤਿਆਂ ਦੇ ਸਨਮੁੱਖ ਕੀਤੀ। ਸੁਦਰਸ਼ਨ ਕੌਰ ਮਝੈਲ ਤੇ ਲਾਭ ਸਿੰਘ ਲਹਿਲੀ ਨੇ ਸ੍ਰੀ ਗੁਰੂ ਅਰਜਨ ਦੇਵ ਦੀ ਸ਼ਹੀਦੀ ਨਾਲ ਸਬੰਧਿਤ ਰਚਨਾਵਾਂ ਸਭ ਦੀ ਨਜ਼ਰ ਕੀਤੀਆਂ। ਮੰਦਰ ਗਿੱਲ, ਡਾ. ਰੁਪਿੰਦਰ ਕੌਰ, ਮਨਦੀਪ ਕੌਰ ਸੋਹਲ ਅਤੇ ਸੁਖਦੇਵ ਸਿੰਘ ਕਾਹਲੋਂ ਨੇ ਪੰਜਾਬ ਅਤੇ ਕਿਸਾਨਾਂ ਦਾ ਦਰਦ ਬਿਆਨ ਕਰਦੀਆਂ ਨਜ਼ਮਾਂ ਨਾਲ ਹਾਜ਼ਰੀ ਲਵਾਈ। ਨਰਿੰਦਰ ਕੌਰ ਲੌਂਗੀਆ ਨੇ ਆਪਣੀ ਕਵਿਤਾ ਰਾਹੀਂ ਪਿੰਡਾਂ ਦੇ ਪੁਰਾਣੇ ਸਮਿਆਂ ਦੀ ਯਾਦ ਤਾਜ਼ਾ ਕਰਵਾ ਦਿੱਤੀ। ਇਸੇ ਤਰ੍ਹਾਂ ਰਤਨ ਬਾਬਕ ਵਾਲਾ ਤੇ ਬਾਬੂ ਰਾਮ ਦੀਵਾਨਾ ਨੇ ਆਪਣੀਆਂ ਰਚਨਾਵਾਂ ਵਿੱਚ ਪਰਦੇਸ ਗਏ ਬੱਚਿਆਂ ਤੇ ਮਾਪਿਆਂ ਦਾ ਦਰਦ ਬਿਆਨ ਕੀਤਾ। ਦਰਸ਼ਨ ਤਿਉਣਾ, ਚਰਨਜੀਤ ਕਲੇਰ, ਹਰਜੀਤ ਸਿੰਘ, ਅਵਨੀਤ ਕੌਰ ਅਤੇ ਸਰਬਜੀਤ ਸਿੰਘ ਪੱਡਾ ਨੇ ਖੂਬਸੂਰਤ ਗੀਤ ਸੁਣਾ ਕੇ ਵਾਹ ਵਾਹ ਖੱਟੀ। ਡਾ. ਸਤਿੰਦਰ ਸਿੰਘ ਬੇਦੀ ਤੇ ਜਯਾ ਸੂਦ ਨੇ ਜ਼ਿੰਦਗੀ ਦੇ ਵੱਖ ਵੱਖ ਰੰਗਾਂ ਨਾਲ ਸਬੰਧਤ ਕਵਿਤਾਵਾਂ ਪੇਸ਼ ਕੀਤੀਆਂ। ਜੋਗਾ ਸਿੰਘ ਨੇ ਸੁਰਜੀਤ ਪਾਤਰ ਦੀ ਰਚਨਾ ਅਤੇ ਪਰਮਜੀਤ ਸਿੰਘ ਨੇ ਇੱਕ ਧਾਰਮਿਕ ਗੀਤ ਨਾਲ ਹਾਜ਼ਰੀ ਲਵਾਈ। ਡਾ. ਜਤਿੰਦਰ ਅਰੋੜਾ, ਗੀਤਕਾਰ ਬਲਜੀਤ ਫਿੱਡਿਆਂ ਵਾਲਾ, ਕੁਲਵਿੰਦਰ ਕੌਰ, ਵੈਸ਼ਾਲੀ, ਨਰਿੰਦਰ ਸਿੰਘ ਦੌੜਕਾ ਅਤੇ ਅਤਰ ਸਿੰਘ ਨੇ ਵੀ ਇਸ ਸਮਾਗਮ ਵਿੱਚ ਸ਼ਮੂਲੀਅਤ ਕੀਤੀ।

## ਸ਼ਹੀਦਾਂ ਦੇ ਸਨਮਾਨ ਨੂੰ ਸਰਵਉੱਚ ਪ੍ਰਾਥਮਿਕਤਾ : ਰਾਓ ਇੰਦਰਜੀਤ ਸਿੰਘ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਕੇਂਦਰੀ ਅੰਕੜਾ ਅਤੇ ਪ੍ਰੋਗਰਾਮ ਲਾਗੂ ਕਰਨ ਮੰਤਰਾਲਾ ਅਤੇ ਸੱਭਿਆਚਾਰ ਰਾਜ ਮੰਤਰੀ ਰਾਓ ਇੰਦਰਜੀਤ ਸਿੰਘ ਨੇ ਰੇਵਾੜੀ ਜ਼ਿਲ੍ਹੇ ਦੇ ਪਿੰਡ ਖੰਡੋਡਾ ਵਿੱਚ ਅਮਰ ਸ਼ਹੀਦ ਅਰੁਣ ਕੁਮਾਰ ਯਾਦਵ ਦੇ ਪ੍ਰਤਿਮਾ ਦਾ ਉਦਘਾਟਨ ਕੀਤਾ। ਸ਼ਹੀਦ ਅਰੁਣ ਕੁਮਾਰ ਯਾਦਵ ਸਿੱਕਮ ਵਿੱਚ ਡਿਊਟੀ ਦੌਰਾਨ ਆਈ ਕੁਦਰਤੀ ਆਪਦਾ ਵਿੱਚ ਆਮ ਲੋਕਾਂ ਅਤੇ ਆਪਣੇ ਸਾਥੀਆਂ ਨੂੰ ਬਚਾਉਣ ਦੀ ਕੋਸ਼ਿਸ਼ ਵਿੱਚ ਆਪਣੀ ਬਹਾਦਰੀ ਅਤੇ ਵੀਰਤਾ ਦਾ ਪ੍ਰਦਰਸ਼ਨ ਕਰਦੇ ਹੋਏ 4 ਅਕਤੂਬਰ, 2023 ਨੂੰ ਦੇਸ਼ ਦੀ ਸੇਵਾ ਕਰਦੇ ਹੋਏ ਸ਼ਹੀਦ ਹੋ ਗਏ ਸਨ।ਇਸ ਮੌਕੇ 'ਤੇ ਵਿਸ਼ੇਸ਼ ਤੌਰ 'ਤੇ ਬਾਵਲ ਦੇ ਵਿਧਾਇਕ ਡਾ. ਕ੍ਰਿਸ਼ਨ ਕੁਮਾਰ, ਕੋਸਲੀ ਦੇ ਵਿਧਾਇਕ ਅਨਿਲ ਯਾਦਵ ਅਤੇ ਭਾਜਪਾ ਜ਼ਿਲ੍ਹਾ ਪ੍ਰਧਾਨ ਵੰਦਨਾ ਪੋਪਲੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਕੇਂਦਰੀ ਮੰਤਰੀ ਨੇ ਪਿੰਡਾਂ ਦੇ ਵਿਕਾਸ ਲਈ 21 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ।ਰਾਓ ਇੰਦਰਜੀਤ ਸਿੰਘ ਨੇ ਕਿਹਾ ਕਿ ਦੇਸ਼ ਦੀ ਰੱਖਿਆ ਲਈ ਸਰਵਉੱਚ ਕੁਰਬਾਨੀ ਦੇਣ ਵਾਲੇ ਵੀਰ ਜਵਾਨਾਂ ਦਾ ਸਨਮਾਨ ਕਰਨਾ ਹਰ ਨਾਗਰਿਕ ਦਾ ਫ਼ਰਜ਼ ਹੈ। ਉਨ੍ਹਾਂ ਨੇ ਕਿਹਾ ਕਿ ਸ਼ਹੀਦ ਅਰੁਣ ਕੁਮਾਰ ਯਾਦਵ ਨੇ ਦੇਸ਼ ਦੀ ਸੇਵਾ ਵਿੱਚ ਆਪਣਾ ਸਭ ਕੁਝ ਨਿਛਾਵਰ ਕਰਕੇ ਨੌਜਵਾਨਾਂ ਲਈ ਇੱਕ ਪ੍ਰੇਰਨਾਦਾਇਕ ਮਿਸਾਲ ਕਾਇਮ ਕੀਤੀ ਹੈ।

## ਬਰਫਾਨੀ ਬਾਬਾ ਸੇਵਾ ਦਲ ਟਰੱਸਟ ਵੱਲੋਂ ਸਾਲਾਨਾ ਭੰਡਾਰਾ 3 ਜੁਲਾਈ ਤੋਂ ਸ਼ੁਰੂ ਹੋਵੇਗਾ : ਸਚਿਨ ਅਰੋੜਾ



**ਫਗਵਾੜਾ (ਡਾ. ਰਮਨ)**- ਬਰਫ਼ਾਨੀ ਬਾਬਾ ਸੇਵਾ ਦਲ ਟਰੱਸਟ (ਰਜਿ.) ਫਗਵਾੜਾ ਦੀ ਇੱਕ ਮੀਟਿੰਗ ਟਰੱਸਟ ਦੇ ਚੇਅਰਮੈਨ ਸਚਿਨ ਅਰੋੜਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸ੍ਰੀ ਅਮਰਨਾਥ ਯਾਤਰਾ ਦੌਰਾਨ ਇਸ ਸਾਲ ਲਗਾਏ ਜਾਣ ਵਾਲੇ 18ਵੇਂ ਸਾਲਾਨਾ ਵਿਸ਼ਾਲ ਭੰਡਾਰੇ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਚੇਅਰਮੈਨ ਸਚਿਨ ਅਰੋੜਾ ਅਤੇ ਹੋਰਨਾਂ ਟਰੱਸਟ ਅਹੁਦੇਦਾਰਾਂ ਨੇ ਭੰਡਾਰੇ ਦਾ ਸਟਿੱਕਰ ਜਾਰੀ ਕਰਦਿਆਂ ਦੱਸਿਆ ਕਿ ਸਾਲਾਨਾ ਭੰਡਾਰਾ ਇਸ ਸਾਲ 3 ਜੁਲਾਈ ਨੂੰ ਨੂਨਵਾਨ ਬੇਸ ਕੈਂਪ (ਪਹਿਲਗਾਮ) ਵਿਖੇ ਸ਼ੁਰੂ ਹੋਵੇਗਾ। ਉਨ੍ਹਾਂ ਫਗਵਾੜਾ ਦੇ ਸਮੂਹ ਸ਼ਿਵ ਭਗਤਾਂ ਨੂੰ ਹਰ ਸਾਲ ਦੀ ਤਰ੍ਹਾਂ ਪੁਰਜ਼ੋਰ ਸਹਿਯੋਗ ਦੀ ਅਪੀਲ ਕੀਤੀ ਅਤੇ ਨਾਲ ਹੀ ਬਾਬਾ ਬਰਫ਼ਾਨੀ ਦੇ ਸ਼ਰਧਾਲੂਆਂ ਨੂੰ ਸ੍ਰੀ ਅਮਰਨਾਥ ਯਾਤਰਾ ਤੋਂ ਪਹਿਲਾਂ ਰਜਿਸਟ੍ਰੇਸ਼ਨ ਕਰਵਾਉਣ ਅਤੇ ਗਰਮ ਕੱਪੜੇ ਤੇ ਮੈਡੀਕਲ ਕਿੱਟ ਆਪਣੇ ਨਾਲ ਲੈ ਤੇ ਜਾਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਕ੍ਰਿਸ਼ਨ ਕੁਮਾਰ ਸ਼ਰਮਾ, ਵਿਪਨ ਮਦਾਨ, ਅਸ਼ੋਕ ਗਰੋਵਰ, ਬਿੱਟੂ ਵਿਰਕ, ਸੁਨੀਲ ਢੀਂਗਰਾ, ਮੋਨੂੰ ਗਾਂਧੀ, ਰੋਹਿਤ ਜੈਨ, ਰਾਜੇਸ਼ ਪਲਟਾ, ਬੌਬੀ ਅਰੋੜਾ, ਅਸ਼ਵਨੀ ਭਾਰਦਵਾਜ, ਚੰਦਰਮੋਹਨ ਸੋਨੂੰ, ਹਰੀਸ਼ ਚੰਬਾ, ਰਾਜੇਸ਼ ਸੇਠੀ, ਬਿੱਟੂ ਵਿਰਕ ਆਦਿ ਹਾਜ਼ਰ ਸਨ।

## ਹਰਿਆਣਾ ਸਰਕਾਰ ਗੁਰੂਗ੍ਰਾਮ 'ਚ ਮੇਕ ਇਨ ਹਰਿਆਣਾ ਪਾਲਿਸੀ ਕਰੇਗੀ ਲਾਂਚ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ 1 ਜੂਨ, 2026 ਨੂੰ ਗੁਰੂਗ੍ਰਾਮ ਵਿੱਚ ਆਯੋਜਿਤ ਹੋਣ ਵਾਲੇ ਇੱਕ ਵੱਡੇ ਉਦਯੋਗ ਅਤੇ ਨਿਵੇਸ਼ ਪ੍ਰੋਗਰਾਮ ਵਿੱਚ ਆਪਣੀ ਫਲੈਗਸ਼ਿਪ ਮੇਕ ਇਨ ਹਰਿਆਣਾ ਪਾਲਿਸੀ ਨਾਲ 9 ਨਵੀ ਸੇਕਟਰਲ ਪਾਲਿਸਿਯਾਂ ਦਾ ਸ਼ੁਭਾਰੰਭ ਕਰੇਗੀ। ਇਹ ਪ੍ਰੋਗਰਾਮ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਦੀ ਮਾਣਯੋਗ ਮੌਜੂਦਗੀ ਵਿੱਚ ਆਯੋਜਿਤ ਹੋਵੇਗਾ।ਇਸ ਪ੍ਰੋਗਰਾਮ ਵਿੱਚ ਸੀਨੀਅਰ ਅਧਿਕਾਰੀ, ਉਦਯੋਗ ਜਗਤ ਦੇ ਪ੍ਰਤੀਨਿਧੀ, ਨਿਵੇਸ਼ਕ, ਛੋਟੇ ਅਤੇ ਮੱਧ ਉੱਦਮ, ਵਿਦੇਸ਼ੀ ਵਫ਼ਦ ਅਤੇ ਵੱਖ ਵੱਖ ਖੇਤਰਾਂ ਨਾਲ ਜੁੜੇ ਵਿਤਧਾਰਕ ਹਿੱਸਾ ਲੈਣਗੇ।ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਨਵੀਂ ਪਾਲਿਸੀ ਰੂਪਰੇਖਾ ਹਰਿਆਣਾ ਨੂੰ ਦੇਸ਼ ਦੀ ਮੋਹਰੀ ਮੈਨੂਫੈਕਚਰਿੰਗ ਅਤੇ ਨਿਵੇਸ਼ ਸਥਾਨ ਵਜੋਂ ਹੋਰ ਵੱਧ ਸਸ਼ਕਤ ਬਣਾਉਣ ਦੀ ਦਿਸ਼ਾ ਵਿੱਚ ਤਿਆਰ ਕੀਤੀ ਗਈ ਹੈ। ਇਨ੍ਹਾਂ ਨੀਤੀਆਂ ਦਾ ਉਦੇਸ਼ ਉਦਯੋਗਿਕ ਵਿਕਾਸ ਨੂੰ ਗਤੀ ਦੇਣਾ, ਖੇਤਰ ਵਿਸ਼ਿਸ਼ਟ ਉਦਯੋਗਿਕ ਪ੍ਰਣਾਲੀ ਨੂੰ ਮਜਬੂਤ ਕਰਨਾ, ਐਮਐਸਐਮਈ ਨੂੰ ਪ੍ਰੋਤਸਾਹਨ ਦੇਣਾ, ਰੁਜਗਾਰ ਦੇ ਮੌਕੇ ਸ੍ਰਜਿਤ ਕਰਨਾ, ਕਾਰੋਬਾਰ ਸੁਗਮਤਾ ਨੂੰ ਵਧਾਵਾ ਦੇਣਾ ਅਤੇ ਭਵਿੱਖ ਮੁੱਖੀ ਉਦਯੋਗਿਕ ਵਿਕਾਸ ਨੂੰ ਪ੍ਰੋਤਸਾਹਿਤ ਕਰਨਾ ਹੈ।

## ਕੀਰਤਨ ਦਰਬਾਰ ਅੱਜ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**-ਡਿਪਟੀ ਕਮਿਸ਼ਨਰ ਕਪੂਰਥਲਾ ਆਕਾਸ਼ ਬਾਂਸਲ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਕੀਰਤਨ ਦਰਬਾਰ 30 ਮਈ ਨੂੰ ਕਰਵਾਇਆ ਜਾਣਾ ਸੀ, ਪਰ ਮੌਸਮ ਦੀ ਖਰਾਬੀ ਕਾਰਨ ਹੁਣ ਇਹ ਸਮਾਗਮ 2 ਜੂਨ, ਦਿਨ ਮੰਗਲਵਾਰ ਨੂੰ ਫਗਵਾੜਾ ਵਿਖੇ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮੰਦਰ ਦੇ ਸਾਹਮਣੇ ਸਥਿਤ ਸਰਕਾਰੀ ਮਿਡਲ ਸਕੂਲ ਦੇ ਗਰਾਊਂਡ ਜੀ ਟੀ ਰੋਡ ਚੱਕ ਹਕੀਮ ਵਿਖੇ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਮਾਗਮ ਸਬੰਧੀ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਸਮਾਗਮ ਬਹੁਤ ਹੀ ਇਤਿਹਾਸਕ ਅਤੇ ਵਿਸ਼ਾਲ ਪੱਧਰ 'ਤੇ ਮਨਾਇਆ ਜਾ ਰਿਹਾ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਣ ਲਈ ਪਹੁੰਚ ਰਹੀਆਂ ਹਨ, ਇਸ ਲਈ ਪੰਜਾਬ ਸਰਕਾਰ ਵੱਲੋਂ ਸੰਗਤਾਂ ਦੀ ਸਹੂਲਤ ਲਈ ਕੋਈ ਕਮੀ ਨਹੀਂ ਛੱਡੀ ਜਾਵੇਗੀ।ਉਨ੍ਹਾਂ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਪੂਰੀ ਮਨੁੱਖਤਾ ਲਈ ਚਾਨਣ ਮੁਨਾਰਾ ਹਨ ਅਤੇ ਸਾਡੀ ਸਾਰਿਆਂ ਦੀ ਕੋਸ਼ਿਸ਼ ਹੈ ਕਿ ਇਸ 650ਵੇਂ ਪ੍ਰਕਾਸ਼ ਉਤਸਵ ਨੂੰ ਬੇਹੱਦ ਸ਼ਰਧਾ, ਉਤਸ਼ਾਹ ਅਤੇ ਯਾਦਗਾਰੀ ਤਰੀਕੇ ਨਾਲ ਮਨਾਇਆ ਜਾਵੇ। ਉਹਨਾਂ ਨੇ ਦੱਸਿਆ ਕਿ 2 ਜੂਨ ਨੂੰ ਕੀਰਤਨ ਦਰਬਾਰ ਸ਼ਾਮ 5:30 ਵਜੇ ਦੇ ਕਰੀਬ ਸ਼ੁਰੂ ਹੋਵੇਗਾ ਜੋ ਕਿ 8:30 ਵਜੇ ਤੱਕ ਚੱਲੇਗਾ। ਇਸ ਕੀਰਤਨ ਦਰਬਾਰ ਵਿੱਚ ਭਾਈ ਦਵਿੰਦਰ ਸਿੰਘ ਸੋਢੀ (ਰਾਗੀ, ਲੁਧਿਆਣੇ ਵਾਲੇ), ਭਾਈ ਰਵਿੰਦਰ ਸਿੰਘ (ਹਜ਼ੂਰੀ ਰਾਗੀ, ਸ੍ਰੀ ਹਰਿਮੰਦਰ ਸਾਹਿਬ) ਅਤੇ ਭਾਈ ਗੁਰਮੀਤ ਸਿੰਘ ਜੀ (ਕਥਾ ਵਿਚਾਰ) ਵੱਲੋਂ ਆਪਣੇ ਕੀਰਤਨਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ।

## ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਦਾ ਜਥਾ ਮੋਹਾਲੀ ਰੈਲੀ ਲਈ ਰਵਾਨਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੁਰਾਣੇ ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚਾ ਪੰਜਾਬ ਵੱਲੋਂ ਮੋਹਾਲੀ ਵਿਖੇ ਸੂਬਾ ਪੱਧਰੀ ਰੈਲੀ ਕਰਨ ਤੋਂ ਬਾਅਦ ਮੁੱਖ ਮੰਤਰੀ ਦੇ ਚੰਡੀਗੜ੍ਹ ਸਥਿਤ ਨਿਵਾਸ ਵੱਲ ਕੀਤੇ ਜਾਣ ਵਾਲੇ ਰੋਸ ਮਾਰਚ ਵਿੱਚ ਭਾਗ ਲੈਣ ਲਈ ਹੁਸ਼ਿਆਰਪੁਰ ਤੋਂ ਮੁਲਾਜ਼ਮਾਂ ਦਾ ਇੱਕ ਵੱਡਾ ਜਥਾ ਜਥਾ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ.ਪੀ.ਪੀ.ਐੱਫ਼.) ਦੇ ਝੰਡੇ ਹੇਠ ਰਵਾਨਾ ਹੋਇਆ। ਰਵਾਨਾ ਹੋਣ ਸਮੇਂ ਸੰਬੋਧਨ ਕਰਦਿਆਂ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ.ਪੀ.ਪੀ.ਐੱਫ਼.) ਦੇ ਦੋਆਬਾ ਜ਼ੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ, ਜਨਰਲ ਸਕੱਤਰ ਬਲਜੀਤ ਸਿੰਘ ਮਹਿਮੋਵਾਲ, ਵਿੱਤ ਸਕੱਤਰ ਨੰਦ ਰਾਮ ਅਤੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ.ਟੀ.ਐੱਫ਼.) ਦੇ ਜੁਆਇੰਟ ਸਕੱਤਰ ਪ੍ਰਵੀਨ ਸ਼ੇਰਪੁਰ ਤੇ ਮੀਤ ਪ੍ਰਧਾਨ ਰਜਿੰਦਰ ਹੇਜਮਾਂ ਅਤੇ ਬਲਕਾਰ ਸਿੰਘ ਪੁਰਿਕਾ ਆਦਿ ਆਗੂਆਂ ਨੇ ਦੱਸਿਆ ਕਿ ਸਰਕਾਰ ਵੱਲੋਂ ਵਾਅਦਾ ਕੀਤਾ ਗਿਆ ਕਿ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇਗੀ ਅਤੇ ਪੰਜਾਬ ਦੇ ਪੇਂਡੂ ਭੱਤਾ, ਸਫਰੀ ਭੱਤਾ ਤੇ ਬਾਰਡਰ ਏਰੀਆ ਭੱਤੇ ਸਮੇਤ ਕੱਟੇ ਗਏ 37 ਕਿਸਮਾਂ ਦੇ ਭੱਤੇ ਤੇ ਏ ਸੀ ਪੀ (4-9-14 ਸਾਲਾ ਲਾਭ) ਆਦਿ ਬਹਾਲ ਕੀਤੇ ਜਾਣਗੇ, ਪਰ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ ਵੀ ਪੰਜਾਬ ਦੇ ਮੁਲਾਜ਼ਮਾਂ ਨੂੰ ਮਹਿਗਾਈ ਭੱਤੇ (ਡੀ.ਏ.) ਦੀ ਕਿਸ਼ਤ ਦੇਣ ਤੋਂ ਬਿਲਕੁਲ ਇਨਕਾਰੀ ਹੋਈ ਬੈਠੀ ਹੈ।

ਇਸ ਜਥੇ ਵਿੱਚ 5994 ਅਧਿਆਪਕ ਯੂਨੀਅਨ ਦੇ ਆਗੂ ਨਿਤਿਨ ਕੁਮਾਰ, ਅਕਾਸ਼ਦੀਪ ਸਿੰਘ, ਵਰਿੰਦਰ ਸੈਣੀ, ਰਾਜਵਿੰਦਰ ਸਿੰਘ ਬੁੱਢੀ ਪਿੰਡ, ਜਸਵਿੰਦਰ ਝਿੰਗੜ, ਵਿਜੇ ਡਡਵਾਲ, ਦਲਜਿੰਦਰ ਜਲੋਟਾ, ਰਾਕੇਸ਼ ਕੁਮਾਰ, ਰਾਜਨ ਕੁਮਾਰ, ਜਸਵੀਰ ਬੋਦਲ, ਨਿਰਮਲ ਸਿੰਘ, ਰੇਸ਼ਮ ਸਿੰਘ ਧੁੱਗਾ, ਮਨਜੀਤ ਸਿੰਘ ਬਾਬਾ, ਪ੍ਰਦੀਪ ਸ਼ਰਮਾ, ਗੁਰਪਾਲ ਸਿੰਘ, ਦਲਜੀਤ ਮੱਛਰੀਵਾਲ, ਪਰਮਜੀਤ ਸਿੰਘ ਭੂੰਗਾ, ਗੁਰਪ੍ਰੀਤ ਨੰਗਲ ਖ਼ੁਰਦ, ਮਨਦੀਪ ਸਿੰਘ, ਹੀਰਾ ਲਾਲ, ਇਕਬਾਲ ਸਿੰਘ ਅਤੇ ਹਰਮਨ ਸਿੰਘ ਆਦਿ ਆਗੂ ਵੀ ਸ਼ਾਮਿਲ ਸਨ।

## ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ



**ਜਲੰਧਰ (ਸੁਰਿੰਦਰ ਕੁਮਾਰ)**

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਫਿਲੌਰ ਇਲਾਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਪਿੰਡਾਂ ਦੇ ਸਮੂਹ ਭਾਈਚਾਰਿਆਂ ਦੇ ਲੋਕਾਂ ਦੀਆਂ ਮੁਸ਼ਕਲਾਂ ਤੇ ਮੰਗਾਂ ਸੁਣੀਆਂ ਅਤੇ ਮੌਕੇ 'ਤੇ ਸਬੰਧਤ ਅਧਿਕਾਰੀਆਂ ਨੂੰ ਫੋਨ ਕਰਕੇ ਜਲਦ ਤੋਂ ਜਲਦ ਢੁੱਕਵਾਂ ਹੱਲ ਕਰਨ ਦੇ ਨਿਰਦੇਸ਼ ਦਿੱਤੇ।ਚੇਅਰਮੈਨ ਨੇ ਕਿਹਾ ਕਿ ਇਹ ਦੌਰਾ ਸਮੁੱਚੇ ਭਾਈਚਾਰਿਆਂ ਦੇ ਹਿੱਤ ਵਿੱਚ ਕੀਤਾ ਗਿਆ ਹੈ ਤਾਂ ਜੋ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਯੋਗ ਹੱਲ ਕੀਤਾ ਜਾ ਸਕੇ।ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਰਾਜ ਐੱਸ ਸੀ ਕਮਿਸ਼ਨ ਅਨੁਸੂਚਿਤ ਜਾਤੀ ਭਾਈਚਾਰੇ ਦੇ ਸੰਵਿਧਾਨਕ ਅਧਿਕਾਰਾਂ ਦੀ ਰਾਖੀ ਅਤੇ ਉਨ੍ਹਾਂ ਦੇ ਸਮਾਜਿਕ-ਆਰਥਿਕ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਅਨੁਸੂਚਿਤ ਜਾਤੀ ਨਾਲ ਸਬੰਧਤ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰ ਅਤੇ ਸਰਕਾਰੀ ਸਕੀਮਾਂ ਦਾ ਪੂਰਾ ਲਾਭ ਮਿਲੇ, ਇਸ ਦੇ ਲਈ ਕਮਿਸ਼ਨ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।ਗੜ੍ਹੀ ਨੇ ਫਿਲੌਰ ਇਲਾਕੇ ਦੇ ਦੌਰੇ ਦੌਰਾਨ ਬੜਾ ਪਿੰਡ, ਪੱਦੀ ਖਾਲਸਾ, ਚੱਕ ਸਾਬੂ, ਬੰਡਾਲਾ ਮੰਜਕੀ, ਬੀੜ ਬੰਸੀਆਂ ਅਤੇ ਅੱਟਾ ਵਿਖੇ ਵੱਖ-ਵੱਖ ਮੀਟਿੰਗਾਂ ਦੌਰਾਨ ਪਿੰਡਾਂ ਦੇ ਸਮੂਹ ਭਾਈਚਾਰਿਆਂ ਦੀਆਂ ਮੁਸ਼ਕਲਾਂ ਦੀ ਸੁਣਵਾਈ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਢੁੱਕਵਾਂ ਹੱਲ ਕਰਵਾਇਆ ਜਾਵੇਗਾ। ਉਨ੍ਹਾਂ ਇਸ ਮੌਕੇ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀ ਭਲਾਈ ਤੇ ਵਿਕਾਸ ਦੀ ਵਚਨਬੱਧਤਾ ਵੀ ਦੁਹਰਾਈ। ਗੜ੍ਹੀ ਨੇ ਪਿੰਡ ਅੱਪਰਾ ਸਥਿਤ ਡੇਰਾ ਸੰਤ ਟਹਿਲ ਦਾਸ ਜੀ ਵਿਖੇ ਨਤਮਸਤਕ ਹੋ ਕੇ ਗੱਦੀਨਸ਼ੀਨ ਸੰਤ ਆਤਮਾ ਦਾਸ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਉਪਰੰਤ ਗੜ੍ਹੀ ਪਿੰਡ ਰੁੜਕਾ ਵਿਖੇ ਧਰਮ ਅਸਥਾਨ ਬਾਬਾ ਚਿੰਤਾ ਭਗਤ ਵਿਖੇ ਨਤਮਸਤਕ ਹੋਏ।ਚੇਅਰਮੈਨ ਵੱਲੋਂ ਪਿੰਡ ਬੁੰਡਾਲਾ ਮਾਂਝਕੀ ਦਾ ਦੌਰਾ ਵੀ ਕੀਤਾ ਗਿਆ, ਜਿਥੇ ਉਨ੍ਹਾਂ ਵਲੋਂ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਨਾਲ ਜੋੜਨ ਲਈ ਕੀਤੇ ਜਾ ਰਹੇ ਉਪਾਰਲਿਆਂ ਦੀ ਸ਼ਲਾਘਾ ਕੀਤੀ।

## ਸਾਬਕਾ ਡੀ ਆਈ ਜੀ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ




**ਭਲਾਣ (ਹਰਭਜਨ ਸਿੰਘ ਢਿੱਲੋਂ)**-ਸਾਬਕਾ ਡੀ ਆਈ ਜੀ ਦਲਜੀਤ ਸਿੰਘ ਰਾਣਾ ਵੱਲੋਂ ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਅਧੀਨ ਪੈਂਦੇ ਨੰਗਲ ਦੇ ਨਜ਼ਦੀਕੀ ਪਿੰਡ ਸੰਗਤਪੁਰ ਅਤੇ ਸਹਿਜੋਵਾਲ ਵਿਖੇ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਮੀਟਿੰਗਾਂ ਕੀਤੀਆਂ ਗਈਆਂ। ਇਸ ਮੌਕੇ ਉਨ੍ਹਾਂ ਨੇ ਇਲਾਕਾ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਹਲਕੇ ਦੇ ਵਿਕਾਸ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ।ਮੀਟਿੰਗਾਂ ਦੌਰਾਨ ਦੋਵੇਂ ਪਿੰਡਾਂ ਦੇ ਲੋਕਾਂ ਨੇ ਦਲਜੀਤ ਸਿੰਘ ਰਾਣਾ ਦਾ ਭਰਵਾਂ ਸਵਾਗਤ ਕਰਦਿਆਂ ਹਰ ਤਰ੍ਹਾਂ ਦੇ ਸਹਿਯੋਗ ਅਤੇ ਸਮਰਥਨ ਦਾ ਭਰੋਸਾ ਦਿੱਤਾ। ਪਿੰਡ ਵਾਸੀਆਂ ਨੇ ਕਿਹਾ ਕਿ ਉਹ ਹਲਕੇ ਦੀ ਤਰੱਕੀ ਅਤੇ ਲੋਕ ਭਲਾਈ ਲਈ ਉਨ੍ਹਾਂ ਦੇ ਨਾਲ ਖੜ੍ਹੇ ਹਨ।ਇਸ ਮੌਕੇ ਸੰਬੋਧਨ ਕਰਦਿਆਂ ਦਲਜੀਤ ਸਿੰਘ ਰਾਣਾ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਨਾਲ ਜੋੜਨਾ ਅਤੇ ਬੱਚਿਆਂ ਲਈ ਚੰਗੀ ਤੇ ਮਿਆਰੀ ਸਿੱਖਿਆ ਦੇ ਯੋਗ ਪ੍ਰਬੰਧ ਕਰਨਾ ਉਨ੍ਹਾਂ ਦਾ ਮੁੱਖ ਮਕਸਦ ਹੈ। ਉਨ੍ਹਾਂ ਕਿਹਾ ਕਿ ਸਮਾਜ ਦੀ ਤਰੱਕੀ ਲਈ ਨੌਜਵਾਨ ਪੀੜ੍ਹੀ ਦਾ ਸਹੀ ਦਿਸ਼ਾ ਵੱਲ ਵਧਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਉਹ ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਲੋਕਾਂ ਦੇ ਸਹਿਯੋਗ ਤੇ ਅਸ਼ੀਰਵਾਦ ਨਾਲ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲੜਨਗੇ। ਉਨ੍ਹਾਂ ਭਰੋਸਾ ਦਿਵਾਇਆ ਕਿ ਜੇਕਰ ਹਲਕੇ ਦੇ ਲੋਕਾਂ ਨੇ ਉਨ੍ਹਾਂ ਨੂੰ ਸੇਵਾ ਦਾ ਮੌਕਾ ਦਿੱਤਾ ਤਾਂ ਉਹ ਇੱਕ ਐੱਮ ਐੱਲ ਏ ਵਜੋਂ ਨਹੀਂ, ਸਗੋਂ ਆਪਣੇ ਭਰਾ ਵਾਂਗ ਪਹਿਲਾਂ ਦੀ ਤਰ੍ਹਾਂ ਲੋਕਾਂ ਵਿਚ ਰਹਿ ਕੇ ਉਨ੍ਹਾਂ ਦੀ ਸੇਵਾ ਕਰਨਗੇ ਤੇ ਹਲਕੇ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਬੌਬੀ ਸਰਪੰਚ ਸੰਗਤਪੁਰ, ਕੁਲਦੀਪ ਸਿੰਘ ਸਾਬਕਾ ਸਰਪੰਚ ਭਨਾਮ, ਕੰਵਰ ਪੋਸਵਾਲ ਸਾਬਕਾ ਪ੍ਰਧਾਨ ਗੋਹਲਣੀ ਮੰਡਲ, ਚੌਧਰੀ ਮੋਹਨ ਲਾਲ ਸਾਬਕਾ ਸਰਪੰਚ, ਐਡਵੋਕੇਟ ਰੰਜੈ ਸੈਣੀ ਸਹਿਜੋਵਾਲ, ਅਰਜਿਤ ਸੈਣੀ ਸਹਿਜੋਵਾਲ, ਵਜੀਰ ਸਿੰਘ, ਸੰਜੀਵ ਕੁਮਾਰ ਬਿੱਟੂ, ਹਿੰਮਤ ਸਿੰਘ, ਪਵਨ ਕੁਮਾਰ, ਵਿਜੇ ਕੁਮਾਰ, ਗੁਰਬਖਸ਼ ਸਿੰਘ, ਗੁਰਮੀਤ ਸਿੰਘ, ਰਾਹੁਲ, ਡਾਕਟਰ ਪਵਨ ਕੁਮਾਰ, ਤੇਜਾ ਰਾਮ, ਸੋਮਨਾਥ, ਸ਼ਾਮ ਲਾਲ ਬੰਗਾ, ਸਰਵਣ ਕੁਮਾਰ,ਪ੍ਰਕਾਸ਼ ਚੰਦ ਪੰਚ, ਬਲਵੀਰ ਸਿੰਘ ਭੀਰੀ, ਰਜਿੰਦਰ ਸਿੰਘ ਰਾਣਾ, ਰਮਨ ਜੋਤ ਸਿੰਘ ਗੋਨਾ, ਕੈਪਟਨ ਬਹਾਦਰ ਸਿੰਘ ਬਰੂਵਾਲ, ਦਲੇਰ ਸਿੰਘ, ਜਸਵੰਤ ਸਿੰਘ ਭਾਊ, ਗੁਰਵਿੰਦਰ ਸਿੰਘ ਐੱਸ ਐੱਸ ਆਰ, ਰਿੰਕੂ ਅੱਤਰੀ, ਦੇਸਰਾਜ ਮੋੜਾ, ਸਿਕੰਦਰ ਸਿੰਘ ਹਜਾਰਾ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚੋਂ ਇਲਾਕਾ ਵਾਸੀ ਹਾਜ਼ਰ ਸਨ।

## ਮੁਫਤ ਮੈਡੀਕਲ ਕੈਂਪ ਲਗਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਦਰਬਾਰ ਬਾਬਾ ਜੀਜੂ ਸ਼ਾਹ ਜੀ ਕਾਦਰੀ ਜੇਜੋ ਵਿਖੇ ਦਾਤਾ ਜੀ ਦਾ ਸਾਲਾਨਾ ਮੇਲਾ ਬੀਬੀ ਸੁਮਿੱਤਰ ਕੌਰ ਗੱਦੀ ਨਸ਼ੀਨ ਦੀ ਯੋਗ ਅਗਵਾਈ ਹੇਠ ਸਾਂਈ ਅਮਰੀਕ ਸ਼ਾਹ ਜੀ ਗੱਦੀ ਨਸ਼ੀਨ ਦਰਬਾਰ ਬਾਬਾ ਖਾਕੀ ਸ਼ਾਹ ਜੀ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ 27 ਮਈ ਨੂੰ ਮਹਿੰਦੀ ਦੀ ਰਸਮ ਅਤੇ 28 ਮਈ ਨੂੰ ਝੰਡੇ ਦੀ ਰਸਮ ਅਦਾ ਕੀਤੀ ਗਈ। 29 ਮਈ ਨੂੰ ਸਾਲਾਨਾ ਮੇਲੇ ਵਿੱਚ ਇਸ਼ਰਤ ਅਲੀ, ਕੁਲਦੀਪ ਰੂਹਾਨੀ, ਸੂਬੇ ਖਾਨ ਕਵਾਲ, ਇਸੂ ਨਕਾਲ, ਰੋਕੀ ਖਾਨ, ਲੱਕੀ ਹਿਆਲਾ ਅਤੇ ਰੈਕੀ ਸਿੰਘ ਵੱਲੋ ਧਾਰਮਿਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਐਂਕਰ ਦੀਆਂ ਸੇਵਾਵਾਂ ਜੱਸੀ ਮੁੱਗੋਵਾਲ ਨੇ ਨਿਭਾਈਆਂ। ਵੱਖ ਵੱਖ ਦਰਬਾਰਾਂ ਤੋਂ ਮਹਾਂਪੁਰਸ਼ਾ ਨੇ ਆਪਣੀ ਹਾਜ਼ਰੀ ਲਗਵਾਈ। ਹਲਕਾ ਵਿਧਾਇਕ ਡਾਕਟਰ ਇਸ਼ਾਂਕ ਕੁਮਾਰ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਸਰਪੰਚ ਪਰਵੀਨ ਸੋਨੀ ਨੇ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਦਾਤਾ ਜੀ ਦਾ ਲੰਗਰ ਅਟੁੱਟ ਵਰਤਿਆ। 30 ਮਈ ਨੂੰ ਚਾਦਰ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਬੀਬੀ ਨਸੀਬ ਕੌਰ ਜੀ ਕਾਦਰੀ, ਸ਼ੀਲਾ ਮਹੰਤ ਸਾਬਰੀ ਜੀ, ਸਾਂਈ ਹਰੀ ਰਾਮ ਕਾਦਰੀ ਜੀ ਦੀਆਂ ਸੇਵਾਵਾਂ ਨੂੰ ਵੀ ਯਾਦ ਕੀਤਾ ਗਿਆ । ਇਸ ਮੌਕੇ ਸਿੱਧ ਯੋਗੀ ਟਰੱਸਟ ਪਿੰਡ ਖਾਨਪੁਰ ਵੱਲੋਂ ਡਾਕਟਰ ਜਸਵੰਤ ਥਿੰਦ ਅਤੇ ਡਾਕਟਰ ਪ੍ਰਭ ਹੀਰ ਦੀ ਯੋਗ ਅਗਵਾਈ ਹੇਠ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ। ਡਾਕਟਰੀ ਟੀਮ ਵਿੱਚ ਹਰਜਿੰਦਰ ਕੁਮਾਰੀ, ਨਵਜੋਤ ਕੌਰ, ਭੁਪਿੰਦਰ ਸਿੰਘ, ਭੁਪਿੰਦਰ ਕੁਮਾਰ ਤੇ ਕਿਸ਼ਨ ਚੰਦ ਨੇ ਸੇਵਾਵਾਂ ਨਿਭਾਈਆਂ। ਬੀਬੀ ਸੁਮਿੱਤਰ ਕੌਰ ਤੇ ਸਾਂਈ ਅਮਰੀਕ ਸ਼ਾਹ ਵੱਲੋਂ ਡਾਕਟਰੀ ਟੀਮ ਦੇ ਸਾਰੇ ਹੀ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ।



## ਪੁਰਾਣੇ ਸਕੇਲ, ਪੁਰਾਣੀ ਪੈਨਸ਼ਨ ਤੇ ਭੱਤੇ ਬਹਾਲੀ ਮੋਰਚਾ ਵੱਲੋਂ ਰੈਲੀ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੁਰਾਣੇ ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚਾ ਵੱਲੋਂ ਮੁਲਾਜ਼ਮਾਂ ਦੀਆਂ ਪ੍ਰਮੁੱਖ ਵਿੱਤੀ ਮੰਗਾਂ, ਜਿਸ ਵਿੱਚ 17 ਜੁਲਾਈ 2020 ਤੋਂ ਬਾਅਦ ਭਰਤੀ ਵੱਖ ਵੱਖ ਵਿਭਾਗਾਂ ਅਦਾਰਿਆਂ ਅਤੇ ਬੋਰਡਾਂ ਦੇ ਮੁਲਾਜ਼ਮਾਂ ਦਾ ਵੱਡੇ ਪੱਧਰ 'ਤੇ ਸੋਸ਼ਣ ਕਰਨ ਲਈ ਲਾਗੂ ਕੀਤੇ ਕੇਂਦਰੀ ਪੈਟਰਨ ਅਧਾਰਿਤ ਨਵੇਂ ਤਨਖਾਹ ਸਕੇਲਾਂ, ਸਮਗਰਾ ਤੋਂ ਸਿੱਖਿਆ ਵਿਭਾਗ ਵਿੱਚ ਰੈਗੂਲਰ ਕੀਤੇ 1007 ਐੱਸ ਐੱਸ ਏ/ਮਿਡ ਡੇ ਮੀਲ ਕਰਮਚਾਰੀਆਂ ਨੂੰ ਵਿੱਤ ਵਿਭਾਗ ਦੇ ਪੱਤਰ ਅਨੁਸਾਰ ਸਾਲ 2018 ਤੋਂ ਸਾਰੇ ਵਿੱਤੀ ਲਾਭ ਨਾ ਦੇਣ, ਬਜਾਰੂ ਜੋਖਮਾਂ ਨਾਲ ਜੁੜੀ ਨਵੀਂ ਪੈਨਸ਼ਨ ਪ੍ਰਣਾਲੀ ਰੱਦ ਨਾ ਕਰਨ, ਮੁਲਾਜ਼ਮਾਂ ਦਾ 18% ਪੈਂਡਿੰਗ ਮਹਿੰਗਾਈ ਭੱਤਾ ਰੋਕਣ, ਪੇਂਡੂ ਤੇ ਬਾਰਡਰ ਏਰੀਆ ਭੱਤਿਆਂ ਸਮੇਤ 37 ਕਿਸਮ ਦੇ ਕੱਟੇ ਗਏ ਭੱਤੇ ਬਹਾਲ ਨਾ ਕਰਨ, ਰੀਕਾਸਟ ਲਿਸਟਾਂ ਦੇ ਨਾਂ ਹੇਠ 4161 ਮਾਸਟਰ, 6635 ਈ ਟੀ ਟੀ ਤੇ ਬਾਕੀ ਭਰਤੀਆਂ ਦੇ ਸੈਂਕੜੇ ਅਧਿਆਪਕਾਂ ਨੂੰ ਟਰਮੀਨੇਸ਼ਨ ਦੇ ਸ਼ੋਅ ਕਾਜ ਨੋਟਿਸ ਜਾਰੀ ਕਰਨ, ਕੱਚੇ ਮੁਲਾਜ਼ਮਾਂ ਸਮੇਤ ਐਸੋਸੀਏਟ ਟੀਚਰਜ਼ ਅਤੇ ਕੰਪਿਊਟਰ ਅਧਿਆਪਕਾਂ ਨੂੰ ਸਿਵਲ ਸੇਵਾ ਨਿਯਮਾਂ ਤਹਿਤ ਲਿਆ ਕੇ ਰੈਗੂਲਰ ਨਾ ਕਰਨ ਵਿਰੁੱਧ ਮੋਹਾਲੀ ਵਿਖੇ ਸੂਬਾਈ ਰੈਲੀ ਕੀਤੀ ਗਈ। ਗੁਰਦੁਆਰਾ ਅੰਬ ਸਾਹਿਬ ਦੇ ਸਾਹਮਣੇ ਇਕੱਤਰਤਾ ਕਰਨ ਉਪਰੰਤ ਮੁੱਖ ਮੰਤਰੀ ਨਿਵਾਸ ਚੰਡੀਗੜ੍ਹ ਵੱਲ ਮਾਰਚ ਕੀਤਾ ਗਿਆ। ਇਸ ਮੌਕੇ ਚੰਡੀਗੜ੍ਹ ਪੁਲਿਸ ਵੱਲੋਂ ਮੁਲਾਜ਼ਮਾਂ 'ਤੇ ਲਾਠੀਚਾਰਜ ਕੀਤਾ ਗਿਆ ਜਿਸ ਵਿੱਚ ਅਨੇਕਾਂ ਮੁਲਾਜ਼ਮ ਗੰਭੀਰ ਜ਼ਖ਼ਮੀ ਹੋਏ। ਵਾਰ ਵਾਰ ਪਾਣੀ ਦੀਆਂ ਬੁਛਾੜਾਂ ਝੱਲਦੇ ਹੋਏ ਅੱਗੇ ਵਧਦੇ ਰਹੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡੈਮੋਕ੍ਰੈਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ, ਮਨਪ੍ਰੀਤ ਸਿੰਘ ਫਰੀਦਕੋਟ, ਹਰਦੀਪ ਟੋਡਰਪੁਰ ਨੇ ਵੀ ਸੰਬੋਧਨ ਕੀਤਾ।

## ਠੇਕੇਦਾਰੀ ਪ੍ਰਣਾਲੀ ਨੂੰ ਖਤਮ ਕਰਕੇ ਸਰਕਾਰ ਨੇ ਰੋਜ਼ਗਾਰ ਸੁਰੱਖਿਆ ਨੂੰ ਕੀਤਾ ਮਜ਼ਬੂਤ : ਡਾ. ਰਵਜੋਤ ਸਿੰਘ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਪੰਜਾਬ ਮੰਤਰੀ ਮੰਡਲ ਵੱਲੋਂ ਲਏ ਗਏ ਇਤਿਹਾਸਕ ਫੈਸਲਿਆਂ ਦਾ ਸਵਾਗਤ ਕਰਦਿਆਂ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਆਪ ਸਰਕਾਰ ਆਮ ਲੋਕਾਂ, ਮੁਲਾਜ਼ਮਾਂ ਅਤੇ ਮਜ਼ਦੂਰ ਵਰਗ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਦਹਾਕਿਆਂ ਤੋਂ ਚੱਲ ਰਹੀ ਠੇਕੇਦਾਰੀ ਪ੍ਰਣਾਲੀ ਨੂੰ ਖਤਮ ਕਰਕੇ 65 ਹਜ਼ਾਰ ਤੋਂ ਵੱਧ ਕਰਮਚਾਰੀਆਂ ਨੂੰ ਰੈਗੂਲਰ ਕਰਨ ਲਈ ਰਾਹ ਪੱਧਰਾ ਕਰਨ ਦਾ ਫੈਸਲਾ ਪੰਜਾਬ ਦੇ ਇਤਿਹਾਸ ਵਿੱਚ ਇੱਕ ਮੀਲ ਪੱਥਰ ਸਾਬਤ ਹੋਵੇਗਾ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਹਮੇਸ਼ਾ ਮੁਲਾਜ਼ਮਾਂ ਨੂੰ ਠੇਕੇਦਾਰੀ ਪ੍ਰਣਾਲੀ ਦੇ ਜਾਲ ਵਿੱਚ ਫਸਾ ਕੇ ਰੱਖਿਆ, ਜਿਸ ਕਾਰਨ ਹਜ਼ਾਰਾਂ ਕਰਮਚਾਰੀ ਸਾਲਾਂ ਤੱਕ ਸੇਵਾਵਾਂ ਦੇਣ ਦੇ ਬਾਵਜੂਦ ਨੌਕਰੀ ਦੀ ਸੁਰੱਖਿਆ ਅਤੇ ਬਣਦੇ ਹੱਕਾਂ ਤੋਂ ਵਾਂਝੇ ਰਹੇ ਪਰ ਭਗਵੰਤ ਮਾਨ ਸਰਕਾਰ ਨੇ ਇਹ ਇਤਿਹਾਸਕ ਕਦਮ ਚੁੱਕਦਿਆਂ ਸਰਕਾਰ ਅਤੇ ਕਰਮਚਾਰੀਆਂ ਵਿਚਕਾਰ ਸਿੱਧਾ ਸੰਬੰਧ ਸਥਾਪਿਤ ਕਰਨ ਦਾ ਫੈਸਲਾ ਕੀਤਾ ਹੈ, ਜਿਸ ਨਾਲ ਵਿਚੋਲੇ ਠੇਕੇਦਾਰਾਂ ਦੀ ਭੂਮਿਕਾ ਪੂਰੀ ਤਰ੍ਹਾਂ ਖਤਮ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਆਊਟਸੋਰਸਡ ਪਰਸੋਨਲ ਬਿੱਲ 2026 ਅਤੇ ਪੰਜਾਬ ਕੰਟਰੈਕਟੁਅਲ ਪਰਸੋਨਲ ਬਿੱਲ 2026 ਰਾਹੀਂ ਆਊਟਸੋਰਸ ਕਰਮਚਾਰੀਆਂ ਨੂੰ ਪਹਿਲਾਂ ਸਿੱਧੇ ਸਰਕਾਰੀ ਠੇਕੇ ਹੇਠ ਲਿਆਂਦਾ ਜਾਵੇਗਾ ਅਤੇ ਉਸ ਤੋਂ ਬਾਅਦ ਯੋਗਤਾ ਅਨੁਸਾਰ ਰੈਗੂਲਰ ਨੌਕਰੀ ਦਾ ਮੌਕਾ ਪ੍ਰਦਾਨ ਕੀਤਾ ਜਾਵੇਗਾ। ਇਹ ਫੈਸਲਾ ਨਾ ਸਿਰਫ਼ ਮੁਲਾਜ਼ਮਾਂ ਦੇ ਜੀਵਨ ਪੱਧਰ ਨੂੰ ਸੁਧਾਰੇਗਾ, ਸਗੋਂ ਸਰਕਾਰੀ ਪ੍ਰਣਾਲੀ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਵੀ ਮਜ਼ਬੂਤ ਕਰੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਨੀਤੀ ਦਾ ਲਾਭ ਬਿਜਲੀ, ਸਿੱਖਿਆ, ਸਿਹਤ, ਸਥਾਨਕ ਸਰਕਾਰਾਂ, ਟਰਾਂਸਪੋਰਟ, ਜਲ ਸਪਲਾਈ, ਖੇਤੀਬਾੜੀ, ਜੇਲ੍ਹ ਵਿਭਾਗ ਅਤੇ ਹੋਰ ਅਨੇਕਾਂ ਸਰਕਾਰੀ ਅਦਾਰਿਆਂ ਵਿੱਚ ਕੰਮ ਕਰ ਰਹੇ 65,048 ਕਰਮਚਾਰੀਆਂ ਨੂੰ ਮਿਲੇਗਾ। ਪਹਿਲੇ ਪੜਾਅ ਵਿੱਚ 26 ਹਜ਼ਾਰ ਤੋਂ ਵੱਧ ਕਰਮਚਾਰੀਆਂ ਨੂੰ ਇਸ ਨੀਤੀ ਦਾ ਸਿੱਧਾ ਫਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਖਤਰਨਾਕ ਅਤੇ ਜੋਖਮ ਭਰੀਆਂ ਸੇਵਾਵਾਂ ਨਿਭਾ ਰਹੇ ਫਾਇਰ ਕਰਮਚਾਰੀਆਂ, ਬਿਜਲੀ ਲਾਈਨਮੈਨਾਂ, ਸੀਵਰ ਕਰਮਚਾਰੀਆਂ ਅਤੇ ਸਫਾਈ ਸੇਵਕਾਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਗਈ ਹੈ, ਜੋ ਸਰਕਾਰ ਦੀ ਸੰਵੇਦਨਸ਼ੀਲ ਸੋਚ ਨੂੰ ਦਰਸਾਉਂਦਾ ਹੈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਨਵੀਂ ਨੀਤੀ ਅਧੀਨ ਕਰਮਚਾਰੀਆਂ ਦੀਆਂ ਤਨਖਾਹਾਂ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਹੋਣਗੀਆਂ ਅਤੇ ਕਿਸੇ ਵੀ ਏਜੰਸੀ ਜਾਂ ਠੇਕੇਦਾਰ ਵੱਲੋਂ ਕਮਿਸ਼ਨ ਜਾਂ ਕਟੌਤੀ ਨਹੀਂ ਕੀਤੀ ਜਾ ਸਕੇਗੀ। ਇਸ ਤੋਂ ਇਲਾਵਾ ਕਰਮਚਾਰੀਆਂ ਨੂੰ ਕਾਨੂੰਨੀ ਜਣੇਪਾ ਲਾਭ, ਸਾਲਾਨਾ ਕੈਜ਼ੂਅਲ ਛੁੱਟੀਆਂ ਅਤੇ ਹੋਰ ਲਾਜ਼ਮੀ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਕਿਸੇ ਵੀ ਕਰਮਚਾਰੀ ਨੂੰ ਬਿਨਾਂ ਕਾਰਨ ਦੱਸੇ ਜਾਂ ਸੁਣਵਾਈ ਦਾ ਮੌਕਾ ਦਿੱਤੇ ਬਿਨਾਂ ਸੇਵਾ ਤੋਂ ਹਟਾਇਆ ਨਹੀਂ ਜਾ ਸਕੇਗਾ, ਜਿਸ ਨਾਲ ਮੁਲਾਜ਼ਮਾਂ ਦੇ ਅਧਿਕਾਰ ਹੋਰ ਮਜ਼ਬੂਤ ਹੋਣਗੇ। ਡਾ. ਰਵਜੋਤ ਸਿੰਘ ਨੇ ਭ੍ਰਿਸ਼ਟਾਚਾਰ ਵਿਰੁੱਧ ਸਰਕਾਰ ਦੀ ਜ਼ੀਰੋ ਟੋਲਰੈਂਸ ਨੀਤੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਭਰ ਵਿੱਚ 7 ਵਿਸ਼ੇਸ਼ ਅਦਾਲਤਾਂ ਦੀ ਸਥਾਪਨਾ ਨਾਲ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਸੁਣਵਾਈ ਤੇਜ਼ ਹੋਵੇਗੀ ਅਤੇ ਦੋਸ਼ੀਆਂ ਨੂੰ ਜਲਦ ਸਜ਼ਾ ਮਿਲਣ ਦਾ ਰਾਹ ਸਾਫ਼ ਹੋਵੇਗਾ। ਅੰਤ ਵਿੱਚ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਦ੍ਰਿੜ ਸੰਕਲਪ ਹੈ।



## ਰਘਵੀਰ ਸਿੰਘ ਖਹਿਰਾ ਨੰਬਰਦਾਰ ਯੂਨੀਅਨ ਦੇ ਪ੍ਰਧਾਨ ਬਣੇ

**ਨਕੋਦਰ (ਮਨਜੀਤ ਮਾਨ)**- ਪੰਜਾਬ ਨੰਬਰਦਾਰ ਯੂਨੀਅਨ ਰਜਿਸਟਰ 643 ਨਕੋਦਰ ਦੀ ਇੱਕ ਵਿਸ਼ੇਸ਼ ਮੀਟਿੰਗ ਤਹਿਸੀਲ ਪ੍ਰਧਾਨ ਨਕੋਦਰ ਸੁਰਜੀਤ ਸਿੰਘ ਹੇਅਰ ਦੀ ਪ੍ਰਧਾਨਗੀ ਹੇਠ ਹੋਈ । ਮੀਟਿੰਗ ਵਿੱਚ ਹਰਕੰਵਲ ਸਿੰਘ ਮੁੰਧ ਸੀਨੀਅਰ ਵਾਈਸ ਪ੍ਰਧਾਨ ਪੰਜਾਬ ਨੰਬਰਦਾਰ ਯੂਨੀਅਨ ਉਚੇਚੇ ਤੌਰ 'ਤੇ ਪਹੁੰਚੇ ਤੇ ਉਹਨਾਂ ਦੀ ਦੇਖ ਰੇਖ ਹੇਠ ਨੰਬਰਦਾਰ ਯੂਨੀਅਨ ਮਹਿਤਪੁਰ ਦੀ ਸਰਬ ਸੰਮਤੀ ਨਾਲ ਹੋਈ ਚੋਣ ਵਿੱਚ ਰਘਵੀਰ ਸਿੰਘ ਖਹਿਰਾ ਨੂੰ ਪ੍ਰਧਾਨ ਚੁਣਿਆ ਗਿਆ, ਜਰਨੈਲ ਸਿੰਘ ਆਦਰਾਮਾਨ ਖਜਾਨਚੀ ਅਤੇ ਤਜਿੰਦਰ ਸਿੰਘ ਆਦਰਾਮਾਨ ਜਨਰਲ ਸਕੱਤਰ ਚੁਣਿਆ ਗਿਆ । ਰਘਬੀਰ ਸਿੰਘ ਖਹਿਰਾ ਨੂੰ ਅਧਿਕਾਰ ਦਿੱਤੇ ਹਨ ਬਾਕੀ ਮੈਂਬਰਾਂ ਨੂੰ ਆਪਣੀ ਟੀਮ ਵਿਚ ਸ਼ਾਮਿਲ ਕਰ ਸਕਦੇ ਹਨ ।ਨੰਬਰਦਾਰ ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਕੰਵਲ ਸਿੰਘ ਮੁੰਧ ਨੇ ਕਿਹਾ ਕਿ ਨੰਬਰਦਾਰ ਯੂਨੀਅਨ ਨੂੰ ਹੋਰ ਮਜਬੂਤ ਕਰਨ ਲਈ ਅਸੀਂ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਵੱਖ-ਵੱਖ ਜਿਲਿਆਂ ਤੇ ਵੱਖ-ਵੱਖ ਤਹਿਸੀਲਾਂ ਵਿੱਚ ਯੂਨੀਅਨ ਦਾ ਵਿਸਥਾਰ ਕੀਤਾ ਜਾਵੇਗਾ ਜਿਸ ਤਹਿਤ ਨੰਬਰਦਾਰ ਯੂਨੀਅਨ ਮਹਿਤਪੁਰ ਦੀ ਹੋਈ ਸਰਬ ਸੰਮਤੀ ਚੋਣ ਵਿੱਚ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਮੁਬਾਰਕਬਾਦ ਦਿੱਤੀ । ਇਸ ਮੌਕੇ ਰਾਜ ਕੁਮਾਰ ਮਹਿੰਮੀ ਜਨਰਲ ਸਕੱਤਰ ਜ਼ਿਲ੍ਹਾ ਜਲੰਧਰ ਦਿਹਾਤੀ, ਹਰਦਿਆਲ ਸਿੰਘ ਸਰਕਪੁਰ, ਜਸਵੰਤ ਸਿੰਘ ਪ੍ਰਧਾਨ ਸ਼ਾਹਕੋਟ, ਗੁਰਭਿੰਦਰ ਸਿੰਘ ਸ਼ਾਹਕੋਟ, ਸੁਖਦੇਵ ਸਿੰਘ ਦਰਗਾਬਾਦ, ਲਾਭ ਸਿੰਘ ਸਰਪ੍ਰਸਤ, ਅਜੈਬ ਸਿੰਘ ਸੰਗੋਵਾਲ ਮੀਤ ਪ੍ਰਧਾਨ, ਜੁਗਰਾਜ ਸਿੰਘ ਮੀਰਾਪੁਰ, ਗੁਰਮਿੰਦਰ ਸਿੱਧੂ ਕੈਂਥ, ਰਤਨ ਰਾਏ ਨਕੋਦਰ,ਹਰਜਿੰਦਰ ਸਿੰਘ ਖਹਿਰਾ ਅਤੇ ਹਰਪ੍ਰੀਤ ਸਿੰਘ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।



# ਸਹਿਕਾਰੀ ਖੰਡ ਮਿੱਲ ਸ਼ੇਰੋਂ ਦੀ ਮਾਲਕੀ ਬਦਲਣ ਵਿਰੁੱਧ ਲੱਗਾ ਪੱਕਾ ਮੋਰਚਾ ਬਾਰ੍ਹਵੇਂ ਦਿਨ 'ਚ ਸ਼ਾਮਲ : ਐੱਸ ਕੇ ਐੱਮ

*** ਜਥੇਬੰਦੀਆਂ ਡਿਪਟੀ ਕਮਿਸ਼ਨਰ ਰਾਹੀਂ ਪੰਜਾਬ ਤੇ ਕੇਂਦਰ ਸਰਕਾਰ ਦੇ ਨਾਂਅ ਦੇਣਗੀਆਂ ਮੰਗ ਪੱਤਰ**



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਸੰਯੁਕਤ ਕਿਸਾਨ ਮੋਰਚਾ ਜਿਲਾ ਤਰਨ ਤਾਰਨ ਵਿੱਚ ਕੰਮ ਕਰਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਸਾਂਝੇ ਰੂਪ ਵਿੱਚ ਲਗਾਤਾਰ ਚਲ ਰਿਹਾ ਪੱਕਾ ਮੋਰਚਾ ਬਾਰ੍ਹਵੇਂ ਦਿਨ ਵਿੱਚ ਸ਼ਾਮਿਲ ਹੋ ਗਿਆ ।ਇਹ ਮੋਰਚਾ ਪੰਜਾਬ ਸਰਕਾਰ ਵੱਲੋਂ ਸਰਕਾਰੀ ਖੰਡ ਵਿੱਚ ਸ਼ੇਰੋਂ ਦੀ ਮਾਲਕੀ ਤਬਦੀਲ ਕਰਨ ਵਿਰੁੱਧ ਸ਼ੁਰੂ ਕੀਤਾ ਗਿਆ ਹੈ।ਇਸ ਮੌਕੇ ਬੋਲਦਿਆਂ ਹੋਇਆਂ ਆਗੂਆਂ ਮਹਾਂਵੀਰ ਸਿੰਘ ਗਿੱਲ, ਤਰਸੇਮ ਸਿੰਘ ਲੁਹਾਰ, ਮਨਜੀਤ ਸਿੰਘ ਬੱਗੂ, ਜੱਸਾ ਸਿੰਘ ਕੱਦਗਿਲ, ਨਛੱਤਰ ਸਿੰਘ ਪੰਨੂ, ਦਵਿੰਦਰ ਸੋਹਲ, ਜੱਸਾ ਸਿੰਘ ਕੱਦਗਿਲ, ਸੁਖਦੇਵ ਸਿੰਘ ਤੁੜ ਆਦਿ ਕਿਸਾਨਾਂ ਨੇ ਕਿਹਾ ਕਿ ਸਾਡਾ ਇਸ ਮਿੱਲ ਬਣਨ ਵਿੱਚ 60 ਫੀਸਦੀ ਸ਼ੇਅਰ ਹੈ ਅਤੇ ਸਰਕਾਰ ਆਪਣੀ ਮਰਜ਼ੀ ਨਾਲ ਮਨਮਾਨੇ ਢੰਗ ਨਾਲ ਇਸ ਦੀ ਮਾਲਕ ਨੂੰ ਤਬਦੀਲ ਨਹੀਂ ਕਰ ਸਕਦੀ ।ਜੇਕਰ ਪ੍ਰਸ਼ਾਸਨ ਨੇ ਨਜਾਇਜ਼ ਉਸਾਰੀਆਂ ਰੱਦ ਨਾ ਬੰਦ ਕੀਤੀਆਂ ਤਾਂ ਆਉਣ ਵਾਲੇ ਦਿਨਾਂ ਵਿੱਚ ਹੋਰ ਤਿੱਖੇ ਐਕਸ਼ਨਾਂ ਦਾ ਐਲਾਨ ਕੀਤਾ ਜਾਵੇਗਾ ।ਆਗੂਆਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਦੋ ਜੂਨ ਨੂੰ ਸਾਰੇ ਪੰਜਾਬ ਵਿੱਚ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਸਾਹਮਣੇ ਧਰਨੇ ਦੇ ਕੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਡਿਪਟੀ ਕਮਿਸ਼ਨਰ ਰਾਹੀਂ ਮੰਗ ਪੱਤਰ ਭੇਜੇ ਜਾਣੇ ਹਨ।ਇਨ੍ਹਾਂ ਮੰਗਾਂ ਵਿੱਚ ਜਿਹੜੀਆਂ ਪੰਜਾਬ ਸਰਕਾਰ ਨਾਲ ਸੰਬੰਧਿਤ ਹਨ ਉਨ੍ਹਾਂ ਵਿੱਚ ਹੱਦ ਕਰਜਾ ਬਹਾਲ ਕਰਾਉਣਾ, ਬਿਜਲੀ ਨਾਲ ਸੰਬੰਧਿਤ ਮਸਲੇ ਚਿੱਪ ਵਾਲੇ ਮੀਟਰ ਬੰਦ ਕਰਵਾਉਣ, ਸਾਰੇ ਖਪਤਕਾਰਾਂ ਨੂੰ ਮੁਫਤ ਬਿਜਲੀ ਸਹੂਲਤ ਦੇਣ, ਹੜ੍ਹਾਂ, ਗੜੇਮਾਰੀ ਦਾ ਮੁਆਵਜ਼ਾ ਜਾਰੀ ਕਰਨਾ, ਹੰਢਣਸਾਰ ਅਤੇ ਵਾਤਾਵਰਨ ਪੱਖੀ ਖੇਤੀ ਨੀਤੀ ਬਣਾਉਣੀ, ਕਿਸਾਨਾਂ ਮਜ਼ਦੂਰਾਂ ਦੀਬੁਢਾਪਾ ਪੈਨਸ਼ਨ ਜਾਰੀ ਕਰਨਾ, ਇਸੇ ਤਰ੍ਹਾਂ ਕੇਂਦਰ ਸਰਕਾਰ ਨਾਲ ਸੰਬੰਧਿਤ ਮੰਗ ਪੱਤਰ ਵਿੱਚ ਬੀਬੀਐੱਮਬੀ ਦੀ ਪੱਕੀ ਨੁਮਾਇੰਦਗੀ, ਖਾਦ ਡੀਜ਼ਲ ਤੇ ਸਬਸਿਡੀ ਦੀ ਕਟੌਤੀ ਬਹਾਲ ਕੀਤੀ ਜਾਵੇ।ਡੀਜ਼ਲ ਪੈਟਰੋਲ ਰਸੋਈ ਗੈਸ ਦੇ ਵਧਾਏ ਹੋਏ ਰੇਟ ਰੱਦ ਕੀਤੇ ਜਾਣ। ਸਾਰੀਆਂ ਫਸਲਾਂ ਦੀ ਐੱਮਐੱਸਪੀ ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ ।ਕਰਜ਼ਾ ਮੁਕਤੀ ਅਧੀਨ ਕਿਸਾਨਾ ਮਜ਼ਦੂਰਾਂ ਦਾ ਕਰਜ਼ਾ ਮਾਫ ਕੀਤਾ ਜਾਵੇ। ਅਮਰੀਕਾ ਦੇ ਦਬਾਅ ਹੇਠ ਕੀਤਾ ਜਾ ਰਿਹਾ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ ।ਬਿਜਲੀ ਸੋਧ ਬਿੱਲ, ਬੀਜ ਬਿੱਲ 2025 ਵਾਪਸ ਲਿਆ ਜਾਵੇ ਅਤੇ ਦਿੱਲੀ ਅੰਦੋਲਨ ਤੋਂ ਪਹਿਲਾਂ ਅਤੇ ਦਿੱਲੀ ਅੰਦੋਲਨ ਦੌਰਾਨ ਦਰਜ ਕੀਤੇ ਨਜਾਇਜ਼ ਕੇਸ ਰੱਦ ਕੀਤੇ ਜਾਣ ।ਅਟਾਰੀ ਵਾਘਾ ਹੁਸੈਨੀਵਾਲਾ ਬਾਰਡਰ ਵਪਾਰ ਲਈ ਖੋਲਿਆ ਜਾਵੇ, ਫਸਲੀ ਬੀਮਾ ਸਕੀਮ ਲਾਗੂ ਕੀਤੀ ਜਾਵੇ ,ਹੜ੍ਹਾਂ ਦੀ ਰੋਕਥਾਮ ਲਈ ਦਰਿਆਵਾਂ ਦੀ ਸਫਾਈ, ਬੰਨਾਂ ਦੀ ਮਜਬੂਤੀ, ਨਵੇਂ ਡਰੇਨੇਜ ਸਿਸਟਮ ਅਤੇ ਚੈੱਕ ਡੈਮਾ ਸਮੇਤ ਸਥਾਈ ਪ੍ਰਬੰਧ ਕੀਤੇ ਜਾਣ ਆਦਿ ਮੰਗਾਂ ਸਬੰਧੀ ਮੰਗ ਪੱਤਰ ਦਿੱਤੇ ਜਾਣਗੇ।ਤਰਨਤਾਰਨ ਵਿਖੇ ਦੋ ਜੂਨ ਵਾਲਾ ਧਰਨਾ ਸਹਿਕਾਰੀ ਖੰਡ ਮਿੱਲ ਸ਼ੇਰੋ ਵਿਖੇ ਹੀ ਲਗਾਇਆ ਜਾਵੇਗਾ।ਕਿਸਾਨਾਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਸਮਾਂ ਰਹਿੰਦਿਆਂ ਮਿੱਲ ਮਾਲਕੀ ਵਾਲੇ ਮਸਲੇ ਵਿਚ ਦਖਲ ਨਾ ਦਿੱਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਇਹ ਸੰਘਰਸ਼ ਹੋਰ ਤਿੱਖਾ ਕੀਤਾ ਜਾਏਗਾ।ਹੋਰਨਾਂ ਤੋਂ ਇਲਾਵਾ ਨਾਜਰ ਸਿੰਘ ਸਰਹਾਲੀ ਖੁਰਦ, ਖੁਸ਼ਪ੍ਰੀਤ ਸਿੰਘ, ਸੁਖਬਾਜ ਸਿੰਘ ਸਿੱਧੂ, ਅਸੀਂ ਦਲੇਰ ਸਿੰਘ ਬਲਕਾਰ ਸਿੰਘ, ਬਾਬਾ ਬਚਨ ਸਿੰਘ ਵੇਰੋਵਾਲ ਗੁਰਵਿੰਦਰ ਤੁਹਾਡਾ ਮੇਰਾ ਨਾਮ ਹਰਬੰਸ ਸਿੰਘ ਰਣਜੀਤ ਸਿੰਘ ਬਹਾਦਰ ਨਗਰ, ਸਤਿੰਦਰ ਸਿੰਘ ਮੈਂ ਲਿਖ ਲਿਆ ਬਚਨ ਸਿੰਘ ਵੈਰੋਵਾਲ, ਸਕੱਤਰ ਸਿੰਘ ਚੇਲਾ ਮੰਗਲ ਸਿੰਘ ਜਵੰਦਾ, ਸੁਖਦੇਵ ਸਿੰਘ ਜਵੰਦਾ , ਨਿਰੰਕਾਰ ਸਿੰਘ, ਤਰਸੇਮ ਸਿੰਘ ਅਤੇ ਬਲਦੇਵ ਸਿੰਘ, ਅਮਰੀਕ ਸਿੰਘ ਫੌਜੀ, ਕਸ਼ਮੀਰ ਸਿੰਘ, ਸਤਨਾਮ ਸਿੰਘ ਆਦਿ ਆਗੂ ਹਾਜ਼ਰ ਸਨ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ

*** ਗੁਰੂ ਘਰਾਂ 'ਚ ਪਹਿਰੇਦਾਰੀ ਯਕੀਨੀ ਬਣਾਉਣ ਤੇ ਬਿਜਲੀ ਉਪਕਰਣਾਂ ਦੀ ਸਮੇਂ-ਸਮੇਂ ਸੰਭਾਲ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣ : ਧਾਮੀ**



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਵਿਖੇ ਹੋਈ ਇਕੱਤਰਤਾ ਵਿਚ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮਾਮਲਿਆਂ ਨੂੰ ਵਿਚਾਰਨ ਦੇ ਨਾਲ-ਨਾਲ ਬੀਤੇ ਕੱਲ੍ਹ ਬਾਬਾ ਬਕਾਲਾ ਸਾਹਿਬ ਵਿਖੇ ਹੋਈ ਵਿਸ਼ਾਲ ਪੰਥਕ ਕਾਨਫ਼ਰੰਸ ਵਿਚ ਪੁੱਜੀਆਂ ਸਮੂਹ ਸਿੱਖ ਜਥੇਬੰਦੀਆਂ ਤੇ ਸੰਗਤ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦੀ ਮਤਾ ਪਾਸ ਕੀਤਾ ਗਿਆ।ਐਡਵੋਕੇਟ ਧਾਮੀ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਨੇ ਅੱਜ ਦੀ ਇਕੱਤਰਤਾ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਈ ਗਈ ਇਸ ਪੰਥਕ ਕਾਨਫ਼ਰੰਸ ਵਿਚ ਸ਼ਮੂਲੀਅਤ ਕਰਨ ਲਈ ਸਮੂਹ ਪੰਥਕ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਿੱਖ ਫੈਡਰੇਸ਼ਨਾਂ, ਸਭਾ ਸੁਸਾਇਟੀਆਂ, ਉਦਾਸੀ, ਨਿਰਮਲੇ ਤੇ ਕਾਰਸੇਵਾ ਵਾਲੇ ਮਹਾਂਪੁਰਸ਼, ਸੇਵਾ ਪੰਥੀ ਸੰਪ੍ਰਦਾਵਾਂ, ਗੁਰਦੁਆਰਾ ਕਮੇਟੀਆਂ, ਗ੍ਰੰਥੀ ਤੇ ਅਖੰਡਪਾਠੀ ਸਿੰਘਾਂ, ਸਿੱਖ ਵਿਦਵਾਨਾਂ ਤੇ ਬੁੱਧੀਜੀਵੀਆਂ ਸਮੇਤ ਸਿੱਖ ਸੰਗਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਦੇ ਨਾਲ ਹੀ ਸੰਗਤਾਂ ਨੂੰ ਪ੍ਰੇਰਣਾ ਕਰਕੇ ਲਿਆਉਣ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸਮਰਪਿਤ ਹੁੰਦਿਆਂ ਆਪਣੀਆਂ ਜ਼ੁੰਮੇਵਾਰੀਆਂ ਤਨਦੇਹੀ ਨਾਲ ਨਿਭਾਉਣ ਲਈ ਸ਼੍ਰੋਮਣੀ ਕਮੇਟੀ ਦੇ ਸਕੱਤਰ ਸਾਹਿਬਾਨ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਸਮੇਤ ਸਮੂਹ ਕਰਮਚਾਰੀਆਂ ਦੀ ਸ਼ਲਾਘਾ ਵੀ ਕੀਤੀ ਗਈ।ਉਨ੍ਹਾਂ ਜਲਾਲਾਬਾਦ ਨੇੜਲੇ ਪਿੰਡ ਬਾਰੇਕੇ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬੀੜ ਅਗਨ ਭੇਟ ਹੋਣ ਦੀ ਘਟਨਾ 'ਤੇ ਦੁੱਖ ਜ਼ਾਹਰ ਕਰਦਿਆਂ ਸੰਗਤਾਂ ਨੂੰ ਸੁਚੇਤ ਹੋ ਕੇ ਸੇਵਾਵਾਂ ਨਿਭਾਉਣ ਲਈ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਗੁਰੂ ਘਰਾਂ ਅੰਦਰ ਪਹਿਰੇਦਾਰੀ ਯਕੀਨੀ ਬਣਾਉਣ ਅਤੇ ਬਿਜਲੀ ਉਪਕਰਣਾਂ ਦੀ ਸਮੇਂ-ਸਮੇਂ ਸੰਭਾਲ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣ।ਐਡਵੋਕੇਟ ਧਾਮੀ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ 'ਚ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਸਿੱਟ ਵੱਲੋਂ ਮੰਗੀਆਂ ਜਾ ਰਹੀਆਂ ਜਾਣਕਾਰੀਆਂ ਬਾਰੇ ਵੀ ਅੱਜ ਦੀ ਅੰਤ੍ਰਿੰਗ ਕਮੇਟੀ 'ਚ ਵਿਚਾਰ ਚਰਚਾ ਹੋਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿੱਟ ਨੂੰ ਸਹਿਯੋਗ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਦਿੱਤਾ ਜਾ ਰਿਹਾ ਹੈ ਅਤੇ ਇਸ ਸਬੰਧ ਵਿਚ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਇਕ ਪੱਤਰ ਲਿਖਿਆ ਸੀ। ਜਥੇਦਾਰ ਸਾਹਿਬ ਵੱਲੋਂ ਪੱਤਰ ਭੇਜ ਕੇ ਕੇਵਲ 328 ਪਾਵਨ ਸਰੂਪਾਂ ਦੇ ਮਾਮਲੇ ਵਿਚ ਹੀ ਸਹਿਯੋਗ ਕਰਨ ਲਈ ਕਿਹਾ ਗਿਆ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਮਾਮਲੇ ਵਿਚ ਪੂਰੀ ਪਾਰਦਰਸ਼ਤਾ ਨਾਲ ਸਹਿਯੋਗ ਕਰ ਰਹੀ ਹੈ।ਉਨ੍ਹਾਂ ਇਸ ਮਾਮਲੇ ਵਿਚ ਕੁਝ ਲੋਕਾਂ ਵੱਲੋਂ ਸਿੱਖ ਸੰਸਥਾ ਖਿਲਾਫ਼ ਕੀਤੀ ਜਾ ਰਹੀ ਗਲਤ ਬਿਆਨੀ ਨੂੰ ਤੁਰੰਤ ਬੰਦ ਕਰਨ ਲਈ ਵੀ ਆਖਿਆ।ਉਨ੍ਹਾਂ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੂੰ 3% ਮਹਿੰਗਾਈ ਭੱਤਾ ਦੇਣ ਦਾ ਫੈਸਲਾ ਵੀ ਕੀਤਾ ਹੈ।ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਸਾਬਕਾ ਕਾਰਜਕਾਰੀ ਪ੍ਰਧਾਨ ਹਰਿੰਦਰ ਸਿੰਘ ਤਰਨ ਤਾਰਨੀ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ਼ੋਕ ਮਤਾ ਵੀ ਪਾਸ ਕੀਤਾ ਹੈ।ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸੁਰਜੀਤ ਸਿੰਘ ਗੜ੍ਹੀ, ਸੁਰਜੀਤ ਸਿੰਘ ਤੁਗਲਵਾਲ, ਸੁਰਜੀਤ ਸਿੰਘ ਕੰਗ, ਗੁਰਪ੍ਰੀਤ ਸਿੰਘ ਝੱਬਰ, ਦਲਜੀਤ ਸਿੰਘ ਭਿੰਡਰ, ਬਲਦੇਵ ਸਿੰਘ ਕਾਇਮਪੁਰ, ਮੇਜਰ ਸਿੰਘ ਢਿੱਲੋਂ,. ਮੰਗਵਿੰਦਰ ਸਿੰਘ ਖਾਪੜਖੇੜੀ, ਓਐੱਸਡੀ ਸਤਬੀਰ ਸਿੰਘ ਧਾਮੀ, ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਵਿੰਦਰ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਤੇਜਿੰਦਰ ਸਿੰਘ ਪੱਡਾ, ਜਸਵਿੰਦਰ ਸਿੰਘ ਜੱਸੀ, ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਗੁਰਨਾਮ ਸਿੰਘ, ਬਲਵਿੰਦਰ ਸਿੰਘ ਖੈਰਾਬਾਦ, ਅਜ਼ਾਦਦੀਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਮੇਜਰ ਸਿੰਘ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਐਕਸੀਅਨ ਜਤਿੰਦਰਪਾਲ ਸਿੰਘ, ਸੁਖਜਿੰਦਰ ਸਿੰਘ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ, ਇੰਚਾਰਜ ਪ੍ਰਜਿੰਦਰ ਸਿੰਘ, ਗੁਰਪ੍ਰੀਤ ਸਿੰਘ ਰੋਡੇ, ਗੁਰਪ੍ਰਤਾਪ ਸਿੰਘ, ਤਰਸੇਮ ਸਿੰਘ ਆਦਿ ਸ਼ਾਮਲ ਸਨ।

# ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵਿਖੇ ਮਹੀਨਾ ਭਰ ਚੱਲਣ ਵਾਲਾ ਐੱਨ ਸੀ ਸੀ ਕੈਂਪ ਸ਼ੁਰੂ



ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਵਿੱਚ ਐੱਨਸੀਸੀ ਸੰਯੁਕਤ ਸਾਲਾਨਾ ਪ੍ਰਸ਼ਿਕਸ਼ਣ ਕੈਂਪ (ਆਰਮੀ ਏਟੀਸੀ ਅਤੇ ਪ੍ਰੀ-ਨੇਵੀ ਕੈਂਪ) ਦਾ ਸ਼ੁਭ ਆਰੰਭ ਬੜੇ ਉਤਸ਼ਾਹ ਅਤੇ ਜੋਸ਼ ਨਾਲ ਕੀਤਾ ਗਿਆ।ਇੱਕ ਮਹੀਨੇ ਤੱਕ ਚੱਲਣ ਵਾਲੇ ਇਸ ਕੈਂਪ ਦੇ ਪਹਿਲੇ ਦਿਨ ਦੀ ਸ਼ੁਰੂਆਤ ਬਹੁਤ ਹੀ ਉਰਜਾਵਾਨ ਅਤੇ ਉਤਸ਼ਾਹਪੂਰਣ ਰਹੀ, ਜਿਸ ਵਿੱਚ ਵੱਖ-ਵੱਖ ਸੰਸਥਾਵਾਂ ਤੋਂ ਆਏ ਸੈਂਕੜੇ ਐਨਸੀਸੀ ਕੈਡੇਟਾਂ ਨੇ ਭਾਗ ਲਿਆ।ਕੈਂਪ ਦੀਆਂ ਗਤੀਵਿਧੀਆਂ ਦਾ ਮੁੱਖ ਉਦੇਸ਼ ਕੈਡੇਟਾਂ ਵਿੱਚ ਸਮਰੱਥਾ, ਅਨੁਸ਼ਾਸਨ, ਸਰੀਰਕ ਯੋਗਤਾ ਅਤੇ ਸਮੁੱਚੇ ਵਿਅਕਤੀਤਵ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ।ਕੈਂਪ ਦਾ ਪਹਿਲਾ ਦਿਨ ਗਤੀਵਿਧੀਆਂ ਅਤੇ ਸਿੱਖਣ ਦੇ ਮੌਕਿਆਂ ਨਾਲ ਭਰਪੂਰ ਰਿਹਾ।ਕੈਡੇਟਾਂ ਨੇ ਰਜਿਸਟ੍ਰੇਸ਼ਨ ਪ੍ਰਕਿਰਿਆ, ਜਾਣ-ਪਛਾਣ ਸੈਸ਼ਨ, ਕਲਾਸਰੂਮ ਪ੍ਰਸ਼ਿਕਸ਼ਣ, ਡ੍ਰਿਲ ਅਭਿਆਸ, ਖੇਡ ਮੁਕਾਬਲਿਆਂ ਅਤੇ ਵੱਖ-ਵੱਖ ਇੰਟਰਐਕਟਿਵ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ ਕੀਤੀ। ਕੈਂਪ ਪਰਿਸਰ ਦੇਸ਼ਭਗਤੀ, ਟੀਮ ਭਾਵਨਾ ਅਤੇ ਆਪਸੀ ਸਹਿਯੋਗ ਦੇ ਜਜ਼ਬੇ ਨਾਲ ਗੂੰਜਦਾ ਰਿਹਾ, ਜਿੱਥੇ ਕੈਡੇਟਾਂ ਨੇ ਪ੍ਰਸ਼ਿਕਸ਼ਣ ਅਤੇ ਸਵੈ-ਵਿਕਾਸ ਦੀ ਆਪਣੀ ਯਾਤਰਾ ਦੀ ਸ਼ੁਰੂਆਤ ਕੀਤੀ।ਇਸ ਮੌਕੇ 'ਤੇ ਪ੍ਰਤਾਪ ਵਰਲਡ ਸਕੂਲ ਦੇ ਪ੍ਰਬੰਧਨ ਅਤੇ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਐਨਸੀਸੀ ਅਧਿਕਾਰੀਆਂ ਦਾ ਭਵਿਆ ਸਵਾਗਤ ਕੀਤਾ ਗਿਆ। ਕਮਾਂਡਰ ਐਨ. ਨਿਸ਼ਾਂਤ, ਕਮਾਂਡਿੰਗ ਅਫ਼ਸਰ, 2 ਪੰਜਾਬ ਨੇਵਲ ਯੂਨਿਟ ਐਨਸੀਸੀ, ਅੰਮ੍ਰਿਤਸਰ; ਕਮਾਂਡਰ ਗੌਰਵ ਪੰਤ, ਕਮਾਂਡਿੰਗ ਅਫ਼ਸਰ, 1 ਚੰਡੀਗੜ੍ਹ ਨੇਵਲ ਯੂਨਿਟ ਐਨਸੀਸੀ; ਅਤੇ ਲੈਫਟਿਨੈਂਟ ਕਮਾਂਡਰ ਸ਼ਿਵਮ ਅਗਰਵਾਲ, ਐਗਜ਼ਿਕਿਊਟਿਵ ਅਫ਼ਸਰ, 1 ਪੰਜਾਬ ਨੇਵਲ ਯੂਨਿਟ ਐੱਨਸੀਸੀ, ਨਵਾਂ ਨੰਗਲ ਨੂੰ ਸਕੂਲ ਪ੍ਰਬੰਧਨ ਅਤੇ ਪ੍ਰਿੰਸੀਪਲ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ 'ਤੇ ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸ਼੍ਰੀ ਸਨੀ ਮਹਾਜਨ ਨੇ ਕਿਹਾ ਕਿ ਪ੍ਰਤਾਪ ਵਰਲਡ ਸਕੂਲ ਲਈ ਇਸ ਮਹੱਤਵਪੂਰਨ ਐੱਨਸੀਸੀ ਪ੍ਰਸ਼ਿਕਸ਼ਣ ਕੈਂਪ ਦੀ ਮੇਜ਼ਬਾਨੀ ਕਰਨਾ ਮਾਣ ਅਤੇ ਸਨਮਾਨ ਦੀ ਗੱਲ ਹੈ। ਸਾਡਾ ਵਿਸ਼ਵਾਸ ਹੈ ਕਿ ਐਨਸੀਸੀ ਅਨੁਸ਼ਾਸਿਤ, ਜ਼ਿੰਮੇਵਾਰ ਅਤੇ ਆਤਮਵਿਸ਼ਵਾਸੀ ਨਾਗਰਿਕਾਂ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।ਸਾਡਾ ਕੈਂਪਸ ਕੈਡੇਟਾਂ ਨੂੰ ਸਭ ਤੋਂ ਵਧੀਆ ਸੁਵਿਧਾਵਾਂ ਅਤੇ ਅਨੁਕੂਲ ਮਾਹੌਲ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।ਸਕੂਲ ਦੀ ਪ੍ਰਿੰਸੀਪਲ ਸੁਸ਼੍ਰੀ ਸੁਭਰਾ ਰਾਣੀ ਨੇ ਸਾਰੇ ਭਾਗ ਲੈਣ ਵਾਲੇ ਕੈਡੇਟਾਂ ਅਤੇ ਅਧਿਕਾਰੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਵੱਖ-ਵੱਖ ਖੇਤਰਾਂ ਤੋਂ ਆਏ ਐਨਸੀਸੀ ਕੈਡੇਟਾਂ ਦੀ ਮੌਜੂਦਗੀ ਸਿੱਖਣ, ਏਕਤਾ ਅਤੇ ਨੇਤ੍ਰਿਤਵ ਦਾ ਸ਼ਾਨਦਾਰ ਮਾਹੌਲ ਤਿਆਰ ਕਰਦੀ ਹੈ।ਸਾਨੂੰ ਵਿਸ਼ਵਾਸ ਹੈ ਕਿ ਇਹ ਕੈਂਪ ਹਰ ਭਾਗੀਦਾਰ ਨੂੰ ਅਮੋਲਕ ਤਜਰਬੇ ਅਤੇ ਜੀਵਨ ਭਰ ਯਾਦ ਰਹਿਣ ਵਾਲੀਆਂ ਯਾਦਾਂ ਪ੍ਰਦਾਨ ਕਰੇਗਾ।ਕੈਡੇਟਾਂ ਨੂੰ ਸੰਬੋਧਨ ਕਰਦਿਆਂ ਕਮਾਂਡਰ ਐਨ. ਨਿਸ਼ਾਂਤ, ਕਮਾਂਡਿੰਗ ਅਫ਼ਸਰ, 2 ਪੰਜਾਬ ਨੇਵਲ ਯੂਨਿਟ ਐਨਸੀਸੀ, ਅੰਮ੍ਰਿਤਸਰ ਨੇ ਉਨ੍ਹਾਂ ਨੂੰ ਇਸ ਪ੍ਰਸ਼ਿਕਸ਼ਣ ਦੇ ਮੌਕੇ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ, ਐੱਨਸੀਸੀ ਕੈਂਪ ਅਨੁਸ਼ਾਸਨ, ਨੇਤ੍ਰਤਵ, ਟੀਮਵਰਕ ਅਤੇ ਚੁਣੌਤੀਆਂ ਦਾ ਸਾਹਮਣਾ ਕਰਨ ਦੀ ਸਮਰੱਥਾ ਸਿੱਖਣ ਲਈ ਇੱਕ ਸ਼ਾਨਦਾਰ ਮੰਚ ਹਨ।ਮੈਂ ਸਾਰੇ ਕੈਡੇਟਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਹਰ ਗਤੀਵਿਧੀ ਵਿੱਚ ਪੂਰੇ ਸਮਰਪਣ ਅਤੇ ਉਤਸ਼ਾਹ ਨਾਲ ਭਾਗ ਲੈਣ ਅਤੇ ਇੱਕ ਹੋਰ ਸਮਰੱਥ ਅਤੇ ਜ਼ਿੰਮੇਵਾਰ ਨਾਗਰਿਕ ਵਜੋਂ ਉਭਰਨ।

## ਅਧਿਆਪਕ ਜਗਦੀਸ਼ ਸਿੰਘ ਦੇ ਕਾਤਲਾਂ ਨੂੰ ਫੜਨ ਦੀ ਮੰਗ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾ ਸਕੱਤਰ ਲੱਖਬੀਰ ਸਿੰਘ ਨਿਜ਼ਾਮਪੁਰ ਅਤੇ ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਤੀਰਥਪੁਰਾ ਨੇ ਜੰਡਿਆਲਾ ਗੁਰੂ ਦੇ ਨਜ਼ਦੀਕ ਰਾਣਾ ਕਾਲਾ ਵਿਖੇ ਅਧਿਆਪਕ ਜਗਦੀਸ਼ ਸਿੰਘ ਮਾਲੋਵਾਲ ਤਲਵੰਡੀ ਦੇ ਹੋਏ ਵਹਿਸ਼ੀਆਨਾ ਕਤਲ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਅਤੇ ਪੰਜਾਬ ਅੰਦਰ ਨਿੱਘਰ ਰਹੀ ਅਮਨ-ਕਾਨੂੰਨ ਦੀ ਹਲਾਤ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ।ਪਿਛਲੇ ਦਿਨੀਂ ਜੰਡਿਆਲਾ ਗੁਰੂ ਸ਼ਹਿਰ ਅਤੇ ਆਸਪਾਸ ਦੇ ਇਲਾਕਿਆਂ ਅੰਦਰ ਜਿਸ ਤਰ੍ਹਾਂ ਗੈਂਗਸਟਰਾਂ ਦੀਆਂ ਧਮਕੀਆਂ ਨੇ ਸਹਿਮ ਦਾ ਮਾਹੌਲ ਬਣਾਇਆ ਹੋਇਆ ਹੈ। ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਰੋਕਣ ਵਾਸਤੇ ਪੁਲਸ ਵਿਭਾਗ ਨੂੰ ਆਪਣੀ ਜ਼ੁੰਮੇਵਾਰੀ ਸੰਜੀਦਗੀ ਨਾਲ ਨਿਭਾਉਣੀ ਚਾਹੀਦੀ ਹੈ।

# ਹਿਮਾਚਲ ਸਰਕਾਰ ਵੱਲੋਂ ਲਗਾਏ ਐਂਟਰੀ ਟੈਕਸ ਨੂੰ ਬੰਦ ਕਰਵਾਉਣ ਲਈ ਕੀਤਾ ਚੱਕਾ ਜਾਮ



ਨੰਗਲ-ਵੱਖ-ਵੱਖ ਕਿਸਾਨ ਮਜ਼ਦੂਰ ਜਥੇਬੰਦੀਆਂ ਦੇ ਸੱਦੇ ਤੇ ਹਿਮਾਚਲ ਦੇ ਬਾਰਡਰਾਂ ਤੇ ਰੋਸ ਪ੍ਰਦਰਸ਼ਨ ਚੱਕਾ ਜਾਮ ਦੇ ਦਿੱਤੇ ਸੱਦੇ ਦੇ ਤਹਿਤ ਨਾਲ ਲੱਗਦੇ ਮਹਿਤਪੁਰ ਬੈਰੀਅਰ ਤੇ ਰੋਸ ਪ੍ਰਦਰਸ਼ਨ ਦੌਰਾਨ ਚੱਕਾ ਜਾਮ ਕੀਤਾ ਗਿਆ।ਇਸ ਮੌਕੇ ਤੇ ਹਾਜ਼ਰ ਆਗੂ ਨੇ ਕਿਹਾ ਕਿ ਹਿਮਾਚਲ ਸਰਕਾਰ ਨੇ ਬੈਰੀਅਰਾ ਤੇ ਐਂਟਰੀ ਟੈਕਸ ਲਗਾ ਕੇ ਹਿਮਾਚਲ ਆਉਣ ਵਾਲੇ ਲੋਕਾਂ ਦਾ ਖੂਨ ਚੂਸਿਆ ਜਾ ਰਿਹਾ ਹੈ। ਇਸ ਦੀ ਨੇੜਲੇ ਸ਼ਹਿਰ ਤੇ ਪਿੰਡਾਂ ਦੇ ਲੋਕਾਂ ਨੂੰ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ। ਲੋਕਾਂ ਤੇ ਵੱਡੇ ਪੱਧਰ ਤੇ ਆਰਥਿਕ ਬੋਝ ਪੈ ਰਿਹਾ ਹੈ। ਜਦੋਂ ਵੀ ਵਹੀਕਲ ਖਰੀਦਿਆ ਜਾਂਦਾ ਹੈ ਤਾਂ ਉਸ ਦਾ ਰੋਡ ਟੈਕਸ ਲੱਖਾਂ ਰੁਪਏ ਸਰਕਾਰੀ ਖਾਤੇ ਵਿੱਚ ਜਮਾ ਹੁੰਦਾ ਹੈ। ਪਰ ਟੋਲ ਟੈਕਸ ਬੈਰੀਅਰ ਲਗਾ ਕੇ ਦੁਬਾਰਾ ਫਿਰ ਲੁੱਟ ਕੀਤੀ ਜਾ ਰਹੀ ਹੈ ਜਿਸ ਦੇ ਰੋਸ ਵਜੋਂ ਅੱਜ ਵੱਖ-ਵੱਖ ਜਥੇਬੰਦੀਆਂ ਦੇ ਸੱਦੇ ਤੇ ਤਿੰਨ ਘੰਟੇ ਦੇ ਕਰੀਬ ਚੱਕਾ ਜਾਮ ਕੀਤਾ ਗਿਆ। ਇਸ ਮੌਕੇ ਤੇ ਅਗਵਾਈ ਕਰ ਰਹੇ ਕਸ਼ਮੀਰ ਸਿੰਘ ਨੰਗਲੀ, ਕਾਮਰੇਡ ਸੁਰਜੀਤ ਸਿੰਘ ਢੇਰ ਨੇ ਕਿਹਾ ਕਿ ਹਿਮਾਚਲ ਸਰਕਾਰ ਨੇ ਟੋਲ ਟੈਕਸ ਵਸੂਲੀ ਦੇ ਵਿੱਚ ਵਾਧਾ ਕਰਕੇ ਹਿਮਾਚਲ ਵਿੱਚ ਦਾਖਲ ਹੋਣ ਵਾਲੇ ਲੋਕਾਂ ਤੇ ਵੱਡਾ ਬੋਝ ਪਾ ਦਿੱਤਾ ਹੈ ਜਿਸ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ। ਹਿਮਾਚਲ ਸਰਕਾਰ ਨੂੰ ਮੰਗ ਕੀਤੀ ਗਈ ਕਿ ਇਸ ਟੋਲ ਟੈਕਸ ਬੈਰੀਅਰਾਂ ਨੂੰ ਚੁੱਕਿਆ ਜਾਵੇ ਤਾਂ ਜੋ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲ ਸਕੇ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਬਲਵੀਰ ਸਿੰਘ ਭੱਟੋ, ਡਾ. ਰਵਿੰਦਰ ਦੀਵਾਨ, ਰਾਜ ਸਿੰਘ ਨੰਗਲ, ਪ੍ਰਦੀਪ ਸੋਨੀ, ਸੁਖਦੇਵ ਸਿੰਘ ਰੋਪੜ, ਮੋਹਨ ਸਿੰਘ ਨੰਗਲੀ, ਅਮਰਜੀਤ ਸਿੰਘ ਸੈਣੀ, ਰਮੇਸ਼ ਕੁਮਾਰ ਨੰਗਲ, ਐਡਵੋਕੇਟ ਵਿਸ਼ਾਲ ਸੈਣੀ, ਬਚਿੱਤਰ ਸਿੰਘ, ਅਮਰੀਕ ਸਿੰਘ, ਬਰਜਿੰਦਰ ਸਿੰਘ ਡੋਡ , ਨੰਬਰਦਾਰ ਸੁਰਿੰਦਰ ਪਾਲ ਸਿੰਘ ਢੇਰ, ਗੁਰਬਖਸ਼ ਸਿੰਘ ਦਸਗਰਾਈਂ, ਰਕੇਸ਼ ਬਾਲੀ ਕਲਸੇੜਾ, ਜਸਵੀਰ ਸਿੰਘ ਨੰਗਲੀ, ਦੀਪ ਸਿੰਘ ਸਮੇਤ ਹੋਰ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਦੋਵਾਂ ਸੂਬਿਆਂ ਦੀ ਪੁਲਿਸ ਪ੍ਰਸ਼ਾਸਨ ਨੇ ਸੁਰੱਖਿਆ ਦੇ ਸਖਤ ਪ੍ਰਬੰਧ ਕੀਤੇ ਹੋਏ ਸਨ ਤੇ ਜਾਮ ਦੇ ਕਾਰਨ ਲੰਬੀਆਂ ਲੰਬੀਆਂ ਲਾਈਨਾਂ ਲੱਗ ਗਈਆਂ ਜਿਸ ਨਾਲ ਰਾਹਗੀਰਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਇਸ ਮੌਕੇ 'ਤੇ ਧਰਨਾਕਾਰੀਆਂ ਨੇ ਹਿਮਾਚਲ ਸਰਕਾਰ ਖ਼ਿਲਾਫ਼ ਜੰਮਕੇ ਨਾਅਰੇਬਾਜ਼ੀ ਕੀਤੀ।

## ਚੇਅਰਮੈਨ ਸਰਹਾਲੀ ਨੇ ਸਰਪੰਚ ਜਗਦੀਸ਼ ਸਿੰਘ ਨਾਲ ਕੀਤਾ ਸਿਆਸੀ ਵਿਚਾਰ-ਵਟਾਂਦਰਾ



ਚੋਹਲਾ ਸਾਹਿਬ, (ਰਮਨ ਚੱਢਾ)-ਵਿਧਾਨ ਸਭਾ ਹਲਕਾ ਪੱਟੀ ਤੋਂ ਸੀਨੀਅਰ ਆਗੂ ਤੇ ਸਾਬਕਾ ਚੇਅਰਮੈਨ ਗੁਰ ਮਹਾਵੀਰ ਸਿੰਘ ਸਰਹਾਲੀ ਵੱਲੋਂ ਵਿਧਾਨ ਸਭਾ ਹਲਕਾ ਪੱਟੀ ਦੇ ਪਿੰਡ ਜੋੜਾ ਵਿਖੇ ਸਰਪੰਚ ਜਗਦੀਸ਼ ਸਿੰਘ ਦੇ ਨਾਲ ਮੁਲਾਕਾਤ ਕੀਤੀ ਅਤੇ ਸਿਆਸੀ ਵਿਚਾਰ ਵਟਾਂਦਰੇ ਸਾਂਝੇ ਕੀਤੇ ਅਤੇ ਪਿੰਡ ਜੱਟਾਂ ਵਿਖੇ ਸਰਪੰਚ ਅਮਰਜੀਤ ਸਿੰਘ ਦੇ ਗ੍ਰਹਿ ਵਿਖੇ ਪੁਹੰਚਣ ਤੇ ਚੇਅਰਮੈਨ ਗੁਰਮਾਹਵੀਰ ਸਿੰਘ ਸਰਹਾਲੀ ਦਾ ਸਨਮਾਨ ਕੀਤਾ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਸਰਹਾਲੀ ਨੇ ਦੱਸਿਆ ਕਿ ਮੈਨੂੰ ਵਿਧਾਨ ਸਭਾ ਹਲਕਾ ਪੱਟੀ ਦੇ ਮੇਰੇ ਸਾਰੇ ਭੈਣ ਭਰਾਵਾਂ, ਸੱਜਣਾਂ ਮਿੱਤਰਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ।

## ਚੇਅਰਮੈਨ ਹਰਭਜਨ ਸਿੰਘ ਤੇ ਵਾਈਸ ਚੇਅਰਮੈਨ ਯੋਗਬੀਰ ਸਿੰਘ ਨੇ ਅਹੁਦਾ ਸੰਭਾਲਿਆ



ਬਿਆਸ (ਪਰਮਜੀਤ ਸਿੰਘ ਰੱਖੜਾ) ਬਲਾਕ ਸੰਮਤੀ ਬਾਬਾ ਬਕਾਲਾ ਸਾਹਿਬ ਦੇ ਨਵੇਂ ਚੁਣੇ ਚੇਅਰਮੈਨ ਹਰਭਜਨ ਸਿੰਘ ਸੂਬੇਦਾਰ ਅਤੇ ਵਾਈਸ ਚੇਅਰਮੈਨ ਯੋਗਬੀਰ ਸਿੰਘ ਯੋਗੀ ਨੇ ਆਪਣੇ ਅਹੁਦਿਆਂ ਦਾ ਕਾਰਜਭਾਰ ਸੰਭਾਲ ਲਿਆ। ਇਸ ਮੌਕੇ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਦੋਵਾਂ ਅਹੁਦੇਦਾਰਾਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੇ ਸਫਲ ਕਾਰਜਕਾਲ ਅਤੇ ਚੰਗੇ ਭਵਿੱਖ ਲਈ ਸ਼ੁਭ-ਕਾਮਨਾਵਾਂ ਦਿੱਤੀਆਂ। ਇਸ ਮੌਕੇ ਬੀ ਡੀ ਪੀ ਓ ਸਰਬਜੀਤ ਸਿੰਘ, ਚੇਅਰਮੈਨ ਗੁਰਦੇਵ ਸਿੰਘ, ਸਰਪੰਚ ਗੁਰਜੀਤ ਸਿੰਘ ਫੱਤੂਵਾਲ, ਸਰਪੰਚ ਕਰਮਜੀਤ ਸਿੰਘ, ਸਰਪੰਚ ਜਸਪਾਲ ਸਿੰਘ, ਸਰਪੰਚ ਬਲਦੇਵ ਸਿੰਘ ਨਿੱਝਰ, ਸੰਜੀਵ ਭੰਡਾਰੀ, ਜਗਤਾਰ ਸਿੰਘ ਬਿੱਲਾ, ਕੌਂਸਲਰ ਵਿਸ਼ਾਲ ਮੰਨਣ, ਸਰਪੰਚ ਰਣਬੀਰ ਸਿੰਘ, ਸਰਪੰਚ ਜੋਬਨ, ਸਰਪੰਚ ਦਲਬੀਰ ਸਿੰਘ ਅਤੇ ਸਰਪੰਚ ਸੁਖਦੇਵ ਸਿੰਘ ਤਿੰਮੋਵਾਲ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਕਾਂਗਰਸੀ ਉਮੀਦਵਾਰਾਂ ਨਾਲ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ: ਚੰਨੀ



ਮਜੀਠਾ (ਸੋਇਮ ਆਨੰਦ)-ਸਾਬਕਾ ਮੁੱਖ ਮੰਤਰੀ ਪੰਜਾਬ ਤੇ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਪਾਰਲੀਮੈਂਟ ਦੀ ਖੇਤੀਬਾੜੀ ਕਮੇਟੀ ਦੇ ਚੇਅਰਮੈਨ ਹੋਣ ਦੇ ਨਾਤੇ ਕਰੀਬ ਵੀਹ ਮੈਂਬਰ ਪਾਰਲੀਮੈਂਟ ਦੇ ਵਫ਼ਦ ਨਾਲ ਤਿੰਨ ਦਿਨਾਂ ਪੰਜਾਬ ਦੌਰੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਪਹੁੰਚੇ ਜਿੱਥੇ ਕਾਂਗਰਸ ਦੇ ਸੀਨੀਅਰ ਆਗੂਆਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਉਪਰੰਤ ਹਲਕਾ ਮਜੀਠਾ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਵੱਲੋਂ ਚੰਨੀ ਨੂੰ ਮਜੀਠਾ ਵਿੱਚ ਨਗਰ ਕੌਂਸਲ ਦੀਆਂ ਚੋਣਾਂ ਵਿੱਚ ਹੋਈਆਂ ਧੱਕੇਸ਼ਾਹੀਆਂ ਬਾਰੇ ਵਿਸਥਾਰਪੂਰਵਕ ਜਾਣੂ ਕਰਵਾਇਆ ਤੇ ਕਿਹਾ ਕਿ ਸਾਡੀ ਵਾਰਡ ਨੰਬਰ 7 ਤੋਂ ਜਿੱਤੀ ਹੋਈ ਕਾਂਗਰਸੀ ਉਮੀਦਵਾਰ ਪ੍ਰਦੀਪ ਕੌਰ ਨੂੰ ਜੇਤੂ ਸਰਟੀਫਿਕੇਟ ਨਾਂ ਦੇ ਕੇ ਹਾਰੇ ਹੋਏ ਉਮੀਦਵਾਰ ਨੂੰ ਜੇਤੂ ਐਲਾਨਿਆ ਗਿਆ ਜਿਸ ਵਿੱਚ ਸਾਰੇ ਅਧਿਕਾਰੀਆਂ ਦੀ ਮਿਲੀਭੁਗਤ ਸੀ, ਜਿਸ 'ਤੇ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਤੇ ਸਭ ਤੋਂ ਪਹਿਲਾਂ ਇਨ੍ਹਾਂ ਭ੍ਰਿਸ਼ਟ ਤੇ ਗ਼ੈਰ-ਕਾਨੂੰਨੀ ਕੰਮ ਕਰਨ ਵਾਲਿਆਂ ਅਧਿਕਾਰੀਆਂ ਨੂੰ ਕਾਨੂੰਨ ਅਨੁਸਾਰ ਕਾਰਵਾਈ ਕਰਕੇ ਬਣਦੀ ਸਜ਼ਾ ਦਿਆਂਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਬਲਾਕ ਕਾਂਗਰਸ ਦੇ ਪ੍ਰਧਾਨ ਨਵਤੇਜਪਾਲ ਸਿੰਘ ਸੋਹੀਆਂ, ਸੁਲੱਖਣ ਸਿੰਘ ਕੱਥੂਨੰਗਲ, ਡਾਕਟਰ ਸੁਖਵਿੰਦਰ ਸਿੰਘ, ਮੋਹਨ ਸਿੰਘ, ਸੁਖਵਿੰਦਰ ਸਿੰਘ ਆਕੜ, ਜਸਪਾਲ ਸਿੰਘ ਜਲਾਲਪੁਰ, ਮਨੋਹਰ ਲਾਲ ਗਾਲੋਵਾਲੀ ਵੀ ਹਾਜ਼ਰ ਸਨ।

## ਵਿਧਾਇਕ ਰੰਧਾਵਾ ਨੇ ਮਹਿਤਾ ਤੇ ਰਾਮਦੀਵਾਲੀ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਕੀਤਾ ਰਵਾਨਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਮਹਿਤਾ ਅਤੇ ਰਾਮਦੀਵਾਲੀ ਤੋਂ ਪਵਿੱਤਰ ਧਰਤੀ ਸ੍ਰੀ ਆਨੰਦਪੁਰ ਸਾਹਿਬ ਲਈ ਸ਼ਰਧਾਲੂਆਂ ਦੀ ਬਸ ਨੂੰ ਰਵਾਨਾ ਕੀਤਾ ਗਿਆ।ਇਸ ਮੌਕੇ ਯਾਤਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਮਈ ਅਤੇ ਚੜ੍ਹਦੀ ਕਲਾ ਵਾਲੀ ਯਾਤਰਾ ਦੀ ਕਾਮਨਾ ਕੀਤੀ ਗਈ।ਇਸ ਮੌਕੇ ਵਿਰਾਸਤ ਸੇਵਾ ਸੰਗਠਨ ਦੇ ਜ਼ਿਲ੍ਹਾ ਪ੍ਰਧਾਨ ਤੇ ਮਾਰਕੀਟ ਕਮੇਟੀ ਕਲਾਨੌਰ ਦੇ ਚੇਅਰਮੈਨ ਰਣਜੇਤ ਸਿੰਘ ਬਾਠ ਝੰਗੀ ਵੀ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ ਹੈ।ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ।

ਉਨ੍ਹਾਂ ਦੱਸਿਆ ਕਿ ਇਹ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ਼੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖਾਲਸਾ, ਸ਼੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ।ਇਸ ਮੌਕੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਅਤੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦਾ ਧੰਨਵਾਦ ਕਰਦਿਆਂ ਕਿ ਮੁੱਖ ਮੰਤਰੀ ਤੀਰਥ ਯੋਜਨਾ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।

## 21 ਸਿੱਖ ਬਟਾਲੀਅਨ ਨੇ 50ਵੀਂ ਗੋਲਡਨ ਜੁਬਲੀ ਮਨਾਈ



ਚੋਹਲਾ ਸਾਹਿਬ (ਰਮਨ ਚੱਢਾ)-21 ਸਿੱਖ ਰੈਜੀਮੈਂਟ ਦੇ ਸਾਬਕਾ ਸੈਨਿਕਾਂ ਨੇ ਗੁਰਦੁਆਰਾ ਬਾਬਾ ਵਿਸਾਖਾ ਸਿੰਘ ਜੀ ਮੰਜੀ ਸਾਹਿਬ ਨੇੜੇ ਖਾਰਾ ਪੁਲ ਵਿਖੇ ਵਿਖੇ ਪਲਟਨ ਦੇ ਹਾਜ਼ਰ ਅਤੇ ਸਾਬਕਾ ਸੈਨਿਕਾਂ ਤੇ ਸਰਬੱਤ ਦੇ ਭਲੇ ਤੇ ਦੀ ਅਰਦਾਸ ਕੀਤੀ।ਉਸ ਤੋਂ ਬਾਅਦ ਜੇ ਜੇ ਹਵੇਲੀ ਹੋਟਲ ਮੇਨ ਰੋਡ ਸਰਹਾਲੀ ਵਿਖੇ ਸ਼ਾਨਦਾਰ ਪਾਰਟੀ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸੂਬੇਦਾਰ ਮੇਜਰ ਸਿੰਘ ਨਿਰਵੈਲ ਸਿੰਘ ਰੱਤੋਕੇ ਨੇ ਬਟਾਲੀਅਨ ਦਾ ਸ਼ਾਨਾਮੱਤਾ ਇਤਿਹਾਸ ਸਾਰੇ ਸੈਨਿਕਾਂ ਦੇ ਨਾਲ ਸਾਂਝਾ ਕੀਤਾ।ਇਸ ਮੌਕੇ ਪਹੁੰਚੇ ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਸਮੇਤ ਸਾਰੇ ਸਾਬਕਾ ਸੈਨਿਕਾਂ ਨੇ ਗੋਲਡਨ ਜੁਬਲੀ ਬੜੀ ਧੂਮਧਾਮ ਨਾਲ ਮਨਾਈ। ਇਸ ਮੌਕੇ ਹਲਕਾ ਵਿਧਾਇਕ ਖਡੂਰ ਸਾਹਿਬ ਮਨਜਿੰਦਰ ਸਿੰਘ ਲਾਲਪੁਰਾ, ਕੈਪਟਨ ਦਲੀਪ ਸਿੰਘ, ਕੈਪਟਨ ਕੁਲਦੀਪ ਸਿੰਘ, ਕੈਪਟਨ ਬਲਜਿੰਦਰ ਸਿੰਘ, ਸੂਬੇਦਾਰ ਕਾਰਜ ਸਿੰਘ, ਸੂਬੇਦਾਰ ਹਰਭਜਨ ਸਿੰਘ, ਸੂਬੇਦਾਰ ਗੁਰਬੇਜ ਸਿੰਘ, ਸੂਬੇਦਾਰ ਨਿਰਵੈਲ ਸਿੰਘ., ਸੂਬੇਦਾਰ ਧੀਰਾ ਸਿੰਘ., ਸੂਬੇਦਾਰ ਹਰਬੰਸ ਸਿੰਘ, ਹੌਲਦਾਰ ਗੁਰਨਿਸ਼ਾਨ ਸਿੰਘ, ਹੌਲਦਾਰ ਛੱਤਰਪਾਲ ਸਿੰਘ, ਸ਼ਬੀਰ ਸਿੰਘ ਫਿਰੋਜ਼ਪੁਰ, ਸੂਬੇਦਾਰ ਸੁਰਜੀਤ ਸਿੰਘ, ਸੂਬੇਦਾਰ ਸਾਬਜਿੰਦਰ ਸਿੰਘ ਅਤੇ ਜ਼ਿਲਾ ਤਰਨ ਤਾਰਨ ਅਤੇ ਸਾਬਕਾ ਸੈਨਿਕ ਹਾਜ਼ਰ ਸਨ।

## ਖੇਡਾਂ ਸਾਡੇ ਸਰੀਰ ਨੂੰ ਤੰਦਰੁਸਤ ਰੱਖਦੀਆਂ : ਰਾਜੂ ਜੂਡੋ



ਛੇਹਰਟਾ, (ਮਨੋਜ ਕੁਮਾਰ) : ਭਾਰਤ ਭਾਰਤੀ ਦੀ ਪੰਜਾਬ ਇਕਾਈ ਵੱਲੋਂ ਓਪਨ ਸਟੇਟ ਕਰਾਟੇ ਚੈਂਪੀਅਨਸ਼ਿਪ 2026 ਕਰਵਾਈ ਗਈ। ਇਸ ਮੌਕੇ ਭਾਰਤ ਭਾਰਤੀ ਦੇ ਸੂਬਾ ਪ੍ਰਧਾਨ ਰਾਜ ਕੁਮਾਰ ਰਾਜੂ ਜੂਡੋ ਬਤੌਰ ਮੁੱਖ ਮਹਿਮਾਨ ਪੁੱਜੇ ਤੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਰਾਜ ਕੁਮਾਰ ਰਾਜੂ ਜੂਡੋ ਨੇ ਖਿਡਾਰੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਖੇਡਾਂ ਵਿਚ ਹਿੱਸਾ ਲੈ ਕੇ ਆਪਣੇ ਦੇਸ਼, ਸੂਬੇ, ਜ਼ਿਲ੍ਹੇ ਤੇ ਮਾਪਿਆਂ ਦਾ ਨਾਂ ਰੌਸ਼ਨ ਕਰਨ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ। ਖੇਡਾਂ ਸਾਡੇ ਸਰੀਰ ਨੂੰ ਤੰਦਰੁਸਤ ਰੱਖਦੀਆਂ ਹਨ ਤੇ ਨਸ਼ਿਆਂ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਦੂਰ ਰੱਖਦੀਆਂ ਹਨ। ਉਨ੍ਹਾਂ ਕਿਹਾ ਕਿ ਵਰਤਮਾਨ ਵਿਚ ਖੇਡਾਂ ਦਾ ਮਹੱਤਵ ਬਹੁਤ ਵਧ ਗਿਆ ਹੈ। ਨੌਜਵਾਨ ਹੁਣ ਸਿਰਫ਼ ਪੜ੍ਹਾਈ ਵਿਚ ਹੀ ਨਹੀਂ, ਖੇਡਾਂ ਰਾਹੀਂ ਵੀ ਆਪਣਾ ਚੰਗਾ ਭਵਿੱਖ ਬਣਾ ਰਹੇ ਹਨ। ਬਹੁਤ ਸਾਰੇ ਸਰਕਾਰੀ ਵਿਭਾਗਾਂ ਵੱਲੋਂ ਖਿਡਾਰੀਆਂ ਨੂੰ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹਰ ਲੜਕੀ ਨੂੰ ਕਰਾਟੇ ਜ਼ਰੂਰ ਸਿੱਖਣੇ ਚਾਹੀਦੇ ਹਨ, ਤਾਂ ਜੋ ਉਹ ਆਪਣੀ ਹਿਫ਼ਾਜ਼ਤ ਖ਼ੁਦ ਕਰਨ ਦੇ ਯੋਗ ਬਣ ਸਕੇ। ਇਸ ਟੂਰਨਾਮੈਂਟ ਵਿਚ ਸਾਰੇ ਪੰਜਾਬ ਵਿਚੋਂ ਛੇ ਸੌ ਦੇ ਕਰੀਬ ਖਿਡਾਰੀਆਂ ਨੇ ਹਿੱਸਾ ਲਿਆ। ਰੈਫਰੀ ਦੀ ਭੂਮਿਕਾ ਕਰਾਟੇ ਕੋਚ ਪਵਨ ਸ਼ਰਮਾ, ਗੌਰਵ ਸੱਚਦੇਵਾ, ਨਵਜੋਤ ਥਾਪਰ, ਯੋਗੇਸ਼ ਕੁਮਾਰ, ਰਾਹੁਲ ਕੁਮਾਰ, ਸਿਮਰਨਜੀਤ ਸਿੰਘ, ਸੰਨੀ ਮਲਹੋਤਰਾ, ਦੀਪਕ ਕੁਮਾਰ, ਰਵਿੰਦਰ ਸਿੰਘ, ਜਤਿੰਦਰ ਰਾਮ, ਬਲਜੀਤ, ਬਲਜਿੰਦਰ ਸਿੰਘ ਆਦਿ ਨੇ ਨਿਭਾਈ। ਟੂਰਨਾਮੈਂਟ ਦੌਰਾਨ ਭਾਰਤ ਭਾਰਤੀ ਦੀ ਜ਼ਿਲ੍ਹਾ ਅੰਮ੍ਰਿਤਸਰ ਮਹਿਲਾ ਵਿੰਗ ਦੀ ਮੀਤ ਪ੍ਰਧਾਨ ਪੂਜਾ ਸ਼ਰਮਾ ਵੀ ਖਿਡਾਰੀਆਂ ਨੂੰ ਅਸ਼ੀਰਵਾਦ ਦੇਣ ਪੁੱਜੇ।

## ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਤਰਨ ਤਾਰਨ ਵੱਲੋਂ ਰੋਸ ਪ੍ਰਦਰਸ਼ਨ



ਝਬਾਲ (ਹਰਜਿੰਦਰ ਸਿੰਘ ਸੋਨੀ)-ਤਰਨ ਤਾਰਨ ਜ਼ਿਲ੍ਹੇ ਦੇ ਸੇਵਾ ਕੇਂਦਰ ਮੁਲਾਜ਼ਮਾਂ ਨੇ ਸੂਬਾ ਕਮੇਟੀ ਯੂਨੀਅਨ ਤਰਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੇਵਾ ਕੇਂਦਰ ਪ੍ਰਧਾਨ ਤਰਨ ਤਾਰਨ ਗੁਰਸੇਵਕ ਸਿੰਘ ਦੀ ਰਹਿਨੁਮਾਈ ਵਿੱਚ ਰੋਸ ਮਾਰਚ ਕਰਕੇ ਤਰਨ ਤਾਰਨ ਦੇ ਵਾਸੀਆਂ ਨੂੰ ਆਪਣੀਆਂ ਹੱਕੀ ਮੰਗਾ ਤੋਂ ਜਾਣੂ ਕਰਾਇਆ ਗਿਆ।ਉਨ੍ਹਾਂ ਦੱਸਿਆ ਕੇ ਅਸੀਂ ਪਿਛਲੇ 10 ਸਾਲ ਤੋਂ ਸੇਵਾ ਕੇਂਦਰ ਵਿੱਚ ਬਹੁਤ ਘੱਟ ਤਨਖਾਹ ਤੇ ਕੰਮ ਕਰ ਰਹੇ ਹਨ ਪਰ ਸਰਕਾਰ ਅਤੇ ਕੰਪਨੀ ਨੇ ਰਲ ਕੇ ਮੁਲਾਜ਼ਮਾਂ ਉਪਰ ਤਾਨਾਸ਼ਾਹੀ ਰੁੱਖ ਅਪਣਾਇਆ ਹੋਇਆ ਹੈ।

ਹੈਰਾਨੀ ਵਾਲੀ ਗੱਲ ਹੈ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੋ ਦਿਨ ਪਹਿਲਾ ਵੱਖ-ਵੱਖ ਵਿਭਾਗਾਂ ਵਿੱਚ ਮੁਲਾਜ਼ਮਾਂ ਨੂੰ ਪੱਕੇ ਕਰਨ ਬਾਰੇ ਪ੍ਰਚਾਰਿਆ ਸੀ। ਪ੍ਰੈੱਸ ਸਕੱਤਰ ਹਰਮਨ ਸਿੰਘ ਨੇ ਕਿਹਾ ਕੇ ਸਰਕਾਰ ਪੱਕੇ ਕਰਨ ਵਾਲੇ ਕਰਮਚਾਰੀਆਂ ਵਿੱਚ ਸੇਵਾ ਕੇਂਦਰ ਮੁਲਾਜ਼ਮਾਂ ਦਾ ਨਾਮ ਨਹੀਂ ਆਇਆ।ਉਨ੍ਹਾਂ ਦਾ ਨਾਮ ਨਾ ਆਉਣ ਕਰਕੇ ਸਾਰੇ ਸੇਵਾ ਕੇਂਦਰ ਦੇ ਮੁਲਾਜ਼ਮਾਂ ਵਿੱਚ ਭਾਰੀ ਵਿਰੋਧ ਆਇਆ ਹੈ ਜਿਸ ਕਰਕੇ ਸਾਨੂੰ ਸਰਕਾਰ ਦੇ ਖਿਲਾਫ ਰੋਸ ਮਾਰਚ ਕਰਨਾ ਪਿਆ।

ਇਸ ਸਮੇਂ ਬੇਅੰਤ ਕੌਰ ਨੇ ਦੱਸਿਆ ਕੇ ਸਰਕਾਰ ਨੂੰ ਸਾਡੀ ਚਿਤਾਵਨੀ ਹੈ ਕੇ ਜੇਕਰ ਸਾਡੀਆਂ ਮੰਗਾ ਨਾ ਮੰਨੀਆਂ ਗਈਆਂ ਤਾਂ 3 ਜੂਨ ਨੂੰ ਜੋ ਸਰਕਾਰ ਤੇ ਕੰਪਨੀ ਵੱਲੋਂ ਰੋਜ਼ਗਾਰ ਮੇਲਾ ਰੱਖਿਆ ਗਿਆ ਹੈ।ਪੈਦਲ ਰੋਸ ਕਰਦਿਆਂ ਸੇਵਾ ਕੇਂਦਰ ਮੁਲਾਜ਼ਮਾਂ ਆਮ ਆਦਮੀ ਪਾਰਟੀ ਦੇ ਐੱਮ. ਐੱਲ. ਏ. ਹਰਮੀਤ ਸਿੰਘ ਸੰਧੂ ਨੂੰ ਮੰਗ ਪੱਤਰ ਸੌਂਪਿਆ ਤੇ ਮੰਗਾ ਬਾਰੇ ਜਾਣੂ ਕਰਵਾਇਆ ਗਿਆ। ਇਸ ਸਮੇਂ ਸਮੂਹ ਸਟਾਫ ਸੇਵਾ ਕੇਂਦਰ ਦੇ ਮੁਲਾਜ਼ਮ ਹਾਜ਼ਰ ਸਨ।

## ਸ਼ਹਿਰ 'ਚ ਕਰਵਾਏ ਵਿਕਾਸ ਕਾਰਜਾਂ ਨੂੰ ਵੇਖਦਿਆਂ ਲੋਕਾਂ ਨੇ ਨਗਰ ਨਿਗਮ ਦੀ ਸੇਵਾ 'ਆਪ' ਨੂੰ ਸੌਂਪੀ: ਸ਼ੈਰੀ ਕਲਸੀ

ਬਟਾਲਾ (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਉਹ ਬਟਾਲਾ ਹਲਕੇ ਦੇ ਵਿਕਾਸ ਲਈ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਵਿਕਾਸ ਕਾਰਜਾਂ ਦੀ ਰਫਤਾਰ ਹੋਰ ਤੇਜ਼ ਕੀਤੀ ਜਾਵੇਗੀ।ਵਿਧਾਇਕ ਸ਼ੈਰੀ ਕਲਸੀ ਨੇ ਹਲਕਾ ਵਾਸੀਆਂ ਦੀਆਂ ਮੁਸ਼ਕਿਲਾਂ ਸੁਣ ਕੇ ਨਿਪਟਾਰਾ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕਰ ਰਹੇ ਹਨ ਅਤੇ ਲੋਕਾਂ ਨੂੰ ਮਿਲ ਕੇ ਉਨਾਂ ਦੀਆਂਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਬਟਾਲੇ ਸ਼ਹਿਰ ਦੀ ਗੱਲ ਕਰਦਿਆਂ ਦੱਸਿਆ ਕਿ ਬਟਾਲਾ ਵਾਸੀਆਂ ਨੇ ਵਿਕਾਸ ਕਾਰਜਾਂ ਤੇ ਮੋਹਰ ਲਗਾਉਂਦਿਆਂ ਨਗਰ ਨਿਗਮ ਬਟਾਲਾ ਦੀ ਸੇਵਾ ਆਪ ਪਾਰਟੀ ਦੇ ਉਮੀਦਵਾਰਾਂ ਨੂੰ ਸੌਂਪੀ ਹੈ ਅਤੇ ਉਹ ਸ਼ਹਿਰ ਵਾਸੀਆਂ ਨੂੰ ਵਿਸ਼ਵਾਸ ਦਿਵਾਉਂਦੇ ਹਨ ਕਿ ਬਟਾਲਾ ਸ਼ਹਿਰ ਦੀ ਵਿਕਾਸ ਪੱਖੋਂ ਹੋਰ ਨੁਹਾਰ ਬਦਲੀ ਜਾਵੇਗੀ।ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਲੋਕਾਂ ਦੀ ਸਿਹਤ ਸਹੂਲਤਾਂ ਨੂੰ ਮੁੱਖ ਰੱਖਦਿਆਂ ਸੂਬੇ ਦੇ ਸਾਰੇ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫਤ ਇਲਾਜ ਮੁਹੱਈਆ ਕਰਵਾਇਆ ਗਿਆ ਹੈ।ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਔਰਤਾਂ ਨੂੰ 1000 ਰੁਪਏ, ਐੱਸ ਸੀ ਭਾਈਚਾਰੇ ਨਾਲ ਸਬੰਧਤ ਔਰਤਾਂ ਨੂੰ 1500 ਮਹੀਨੇ ਦੇਣ ਦੀ ਸ਼ੁਰੂਆਤ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਵਿੱਚ ਹਲਕੇ ਅੰਦਰ ਸਰਬਪੱਖੀ ਵਿਕਾਸ ਕਰਵਾਏ ਗਏ ਹਨ।ਬਟਾਲਾ ਹਲਕਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ। ਸ਼ਹਿਰ ਦੀਆਂ ਪ੍ਰਮੁੱਖ ਸੜਕਾਂ ਤੇ ਲਾਈਟਾਂ ਲਗਾਈਆਂ ਜਾ ਰਹੀਆਂ ਹਨ।ਸ਼ਹਿਰ ਵਿੱਚ ਲਾਇਬ੍ਰੇਰੀ ਦੀ ਨਵੀਂ ਇਮਾਰਤ ਉਸਾਰੀ ਗਈ ਹੈ। ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾਇਆ ਗਿਆ ਹੈ। ਲੋਕਾਂ ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਚੱਲ ਰਿਹਾ ਹੈ। ਇਸ ਤੋਂ ਇਲਾਵਾ ਹਲਕੇ ਦੇ ਪਿੰਡਾਂ ਅੰਦਰ ਵੀ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਵਿਕਾਸ ਕਾਰਜ ਹੋਰ ਤੇਜ਼ੀ ਨਾਲ ਕਰਵਾਏ ਜਾਣਗੇ।

## ਬਲਬੀਰ ਸਿੰਘ ਯੂ ਐੱਸ ਏ ਤੇ ਸੁਰਜੀਤ ਸਿੰਘ ਵੱਲੋਂ ਲੰਗਰ ਲਈ 2 ਲੱਖ 21 ਹਜ਼ਾਰ ਦੀ ਨਗਦ ਰਾਸ਼ੀ ਭੇਟ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਪ੍ਰਗਟਾਉਂਦਿਆਂ ਯੂਐੱਸਏ ਵਾਸੀ ਬਲਬੀਰ ਸਿੰਘ ਵੱਲੋਂ 2 ਲੱਖ 10 ਹਜ਼ਾਰ ਅਤੇ ਸ. ਸੁਰਜੀਤ ਸਿੰਘ ਵੱਲੋਂ 11 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਭੇਟ ਕੀਤੀ ਗਈ।ਇਹ ਰਾਸ਼ੀ ਸ. ਸੁਰਜੀਤ ਸਿੰਘ ਤੂਰਕੋਟ ਨੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੀ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਦੀ ਗਿਣਤੀ 'ਚ ਸੰਗਤਾਂ ਰੋਜ਼ਾਨਾ ਨਤਮਸਤਕ ਹੁੰਦੀਆਂ ਹਨ ਅਤੇ ਆਪਣੀ ਸ਼ਰਧਾ ਅਨੁਸਾਰ ਭੇਟਾਵਾਂ ਭੇਟ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਰੋਜ਼ਾਨਾ ਲੱਖਾਂ ਦੀ ਗਿਣਤੀ ਸੰਗਤਾਂ ਬਿਨਾਂ ਭੇਦ-ਭਾਵ ਦੇ ਪ੍ਰਸ਼ਾਦਾ ਛਕਦੀਆਂ ਹਨ। ਐਡਵੋਕੇਟ ਧਾਮੀ ਨੇ ਚੱਲ ਰਹੀਆਂ ਲੰਗਰ ਸੇਵਾਵਾਂ ਵਿਚ ਹਿੱਸਾ ਪਾਉਣ ਲਈ ਸ. ਬਲਬੀਰ ਸਿੰਘ ਯੂਐੱਸਏ ਤੇ ਸੁਰਜੀਤ ਸਿੰਘ ਤੂਰਕੋਟ ਤੇ ਪਰਿਵਾਰ ਦਾ ਧੰਨਵਾਦ ਕੀਤਾ।ਸ਼੍ਰੋਮਣੀ ਕਮੇਟੀ ਪ੍ਰਧਾਨ ਤੇ ਅਹੁਦੇਦਾਰ ਸਾਹਿਬਾਨ ਵੱਲੋਂ ਸੇਵਕ ਪਰਿਵਾਰ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸੁਰਜੀਤ ਸਿੰਘ ਗੜ੍ਹੀ, ਸੁਰਜੀਤ ਸਿੰਘ ਤੁਗਲਵਾਲ, ਸੁਰਜੀਤ ਸਿੰਘ ਕੰਗ, ਗੁਰਪ੍ਰੀਤ ਸਿੰਘ ਝੱਬਰ, ਦਲਜੀਤ ਸਿੰਘ ਭਿੰਡਰ, ਬਲਦੇਵ ਸਿੰਘ ਕਾਇਮਪੁਰ, ਮੇਜਰ ਸਿੰਘ ਢਿੱਲੋਂ, ਮੰਗਵਿੰਦਰ ਸਿੰਘ ਖਾਪੜਖੇੜੀ, ਓਐੱਸਡੀ ਸਤਬੀਰ ਸਿੰਘ ਧਾਮੀ, ਸਕੱਤਰ ਬਲਵਿੰਦਰ ਸਿੰਘ ਕਹਾਲਵਾਂ, ਇੰਜੀ: ਸੁਖਵਿੰਦਰ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਤੇਜਿੰਦਰ ਸਿੰਘ ਪੱਡਾ, ਜਸਵਿੰਦਰ ਸਿੰਘ ਜੱਸੀ, ਭਗਵੰਤ ਸਿੰਘ ਧੰਗੇੜਾ, ਮੈਨੇਜਰ ਮੇਜਰ ਸਿੰਘ ਅਤੇ ਹੋਰ ਮੌਜੂਦ ਸਨ।

# ਗੁ. ਬਾਲ ਲੀਲਾ ਸਾਹਿਬ ਪਟਨਾ ਸਾਹਿਬ ਦੇ ਲੰਗਰ ਲਈ ਰਸਦਾਂ ਦੇ ਟਰੱਕ ਰਵਾਨਾ



ਝਬਾਲ, (ਹਰਜਿੰਦਰ ਸਿੰਘ ਸੋਨੀ)-ਕਲਗੀਧਰ ਦਸ਼ਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਾਵਨ ਬਾਲ ਅਸਥਾਨ ਗੁਰਦੁਆਰਾ ਬਾਲ ਲੀਲਾ ਸਾਹਿਬ ਪਟਨਾ ਸਾਹਿਬ ਵਿਖੇ ਚੱਲ ਰਹੇ ਗੁਰੂ ਕੇ ਅਟੁੱਟ ਲੰਗਰ ਦੀ ਸੇਵਾ ਨੂੰ ਨਿਰੰਤਰ ਜਾਰੀ ਰੱਖਣ ਲਈ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਅਤੇ ਬਾਬਾ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਸਥਾਨਕ ਡੇਰਾ ਨਿਰਮਲੇ ਤਪੋਬਨ, ਤਰਨ ਤਾਰਨ ਰੋਡ ਤੋਂ ਲੰਗਰ ਲਈ ਲੋੜੀਂਦੀ ਰਸਦ ਦੇ ਟਰੱਕ ਸ੍ਰੀ ਪਟਨਾ ਸਾਹਿਬ ਲਈ ਰਵਾਨਾ ਕੀਤੇ ਗਏ।

ਇਸ ਮੌਕੇ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨੇ ਭਾਵੁਕ ਸ਼ਬਦਾਂ ਵਿੱਚ ਕਿਹਾ ਕਿ ਗੁਰੂ ਕਾ ਲੰਗਰ ਕੇਵਲ ਭੋਜਨ ਨਹੀਂ, ਸਗੋਂ ਗੁਰੂ ਸਾਹਿਬ ਦੀ ਬਖ਼ਸ਼ੀ ਹੋਈ ਬਰਾਬਰੀ, ਸੇਵਾ ਅਤੇ ਸਾਂਝੀਵਾਲਤਾ ਦੀ ਮਹਾਨ ਪਰੰਪਰਾ ਦਾ ਪ੍ਰਤੀਕ ਹੈ।ਇਸ ਮੌਕੇ ਹਾਜ਼ਰ ਸੰਗਤਾਂ ਨੇ ਅਰਦਾਸ ਉਪਰੰਤ ਰਸਦਾਂ ਨਾਲ ਭਰੇ ਟਰੱਕਾਂ ਨੂੰ ਰਵਾਨਾ ਕੀਤਾ।

ਇਸ ਮੌਕੇ ਬਾਬਾ ਸੋਹਨ ਸਿੰਘ, ਬਾਬਾ ਅਵਤਾਰ ਸਿੰਘ, ਬਾਬਾ ਨਾਜਰ ਸਿੰਘ, ਬਾਬਾ ਕਰਨ ਸਿੰਘ, ਬਾਬਾ ਰਤਨ ਸਿੰਘ, ਬਾਬਾ ਹਰੀ ਸਿੰਘ, ਬਾਬਾ ਜੁਗਰਾਜ ਸਿੰਘ, ਬਾਬਾ ਲਸ਼ਕਰ ਸਿੰਘ, ਬਾਬਾ ਰਾਣਾ , ਬਾਬਾ ਯਾਦਵਿੰਦਰ ਸਿੰਘ, ਬਾਬਾ ਸੁਖਦੇਵ ਸਿੰਘ, ਬਾਬਾ ਸੇਵਾ ਸਿੰਘ, ਬਾਬਾ ਕਾਲਾ ਸਿੰਘ, ਬਾਬਾ ਦੀਦਾਰ ਸਿੰਘ, ਬਾਬਾ ਜੋਧਬੀਰ ਸਿੰਘ, ਬਾਬਾ ਫਤਿਹ ਸਿੰਘ, ਬਾਬਾ ਗੁਰਸਾਜਨ ਸਿੰਘ, ਨਿਰਮਲ ਸਿੰਘ ਤੇ ਸੁਖਵਿੰਦਰ ਸਿੰਘ ਆਦਿ ਮੌਜੂਦ ਸਨ।

## ਮਾਨ ਸਰਕਾਰ ਵੱਲੋਂ ਠੇਕੇਦਾਰੀ ਵਿਵਸਥਾ ਨੂੰ ਖਤਮ ਕਰਨਾ ਇਤਿਹਾਸਕ ਫੈਸਲਾ : ਚੇਅਰਮੈਨ ਚੀਮਾ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਬੀਤੇ ਦਿਨੀਂ ਹੋਈ ਕੈਬਨਿਟ ਮੀਟਿੰਗ ਵਿੱਚ ਸਰਕਾਰੀ, ਅਰਧ ਸਰਕਾਰੀ ਵਿਭਾਗਾਂ ਅੰਦਰ ਠੇਕਾ ਅਧਾਰਿਤ ਕੰਮ ਕਰਦੇ 65 048 ਕਰਮਚਾਰੀਆਂ ਨੂੰ ਸਿੱਧੀ ਤਨਖਾਹ ਸਰਕਾਰ ਵੱਲੋਂ ਜਾਰੀ ਕਰਨ ਦਾ ਫੈਸਲਾ ਇਤਿਹਾਸਿਕ ਫੈਸਲਾ ਹੈ।ਮਾਨ ਸਰਕਾਰ ਵੱਲੋਂ ਲਏ ਗਏ ਇਸ ਫੈਸਲੇ ਨਾਲ ਠੇਕੇਦਾਰੀ ਵਿਵਸਥਾ ਖਤਮ ਹੋ ਜਾਏਗੀ, ਠੇਕੇਦਾਰਾਂ ਵੱਲੋਂ ਮੁਲਾਜ਼ਮਾਂ ਦੇ ਕੀਤੇ ਜਾਂਦੇ ਆਰਥਿਕ ਸ਼ੋਸ਼ਣ ਤੋਂ ਛੁਟਕਾਰਾ ਮਿਲੇਗਾ ਅਤੇ ਠੇਕਾ ਅਧਾਰਿਤ ਕੰਮ ਕਰਦੇ ਮੁਲਾਜ਼ਮਾਂ ਨੂੰ ਹੁਣ ਪੱਕਾ ਰੁਜ਼ਗਾਰ, ਸਮੇਂ ਸਿਰ ਤਨਖਾਹ, ਪੱਕੇ ਕਰਮਚਾਰੀਆਂ ਨੂੰ ਮਿਲਦੀਆਂ ਸੁੱਖ ਸਹੂਲਤਾਂ ਦੇ ਬਰੋਬਰ ਸੁੱਖ ਸਹੂਲਤਾਂ ਮਿਲਣਗੀਆਂ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਰਣਜੀਤ ਸਿੰਘ ਚੀਮਾ ਚੇਅਰਮੈਨ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਨਿਗਮ ਪੰਜਾਬ ਨੇ ਚੀਮਾ ਨਿਵਾਸ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਚੇਅਰਮੈਨ ਚੀਮਾ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੀਆਂ ਅਕਾਲੀ-ਕਾਂਗਰਸੀ ਸਰਕਾਰਾਂ ਸਮੇਂ ਠੇਕੇਦਾਰੀ ਸਿਸਟਮ ਬਹੁਤ ਵਧਿਆ ਫੁੱਲਿਆ, ਵੱਖ-ਵੱਖ ਵਿਭਾਗਾਂ ਅੰਦਰ ਭਰਤੀ ਕਰਕੇ ਠੇਕੇਦਾਰਾਂ ਰਾਹੀਂ ਮੁਲਾਜ਼ਮਾਂ ਦੀ ਆਰਥਿਕ ਲੁੱਟ ਜ਼ੋਰ ਸ਼ੋਰ ਨਾਲ ਕਰਵਾਈ।ਮਾਨ ਸਰਕਾਰ ਵੱਲੋਂ ਠੇਕੇਦਾਰੀ ਵਿਵਸਥਾ ਖਤਮ ਕਰਨ ਦੇ ਲਏ ਗਏ ਫੈਸਲੇ ਨਾਲ ਮੁਲਾਜ਼ਮਾਂ ਦੀ ਠੇਕੇਦਾਰਾਂ ਵੱਲੋਂ ਕੀਤੀ ਜਾਂਦੀ ਆਰਥਿਕ ਲੁੱਟ ਤੋਂ ਨਿਜਾਤ ਮਿਲੇਗੀ।ਚੇਅਰਮੈਨ ਚੀਮਾ ਨੇ ਕਿਹਾ ਕਿ ਜਿਹੜੇ ਪਿਛਲੇ 10-12 ਸਾਲਾਂ ਤੋਂ ਠੇਕਾ ਅਧਾਰਤ ਕੰਮ ਕਰਦੇ ਸਨ ਉਨ੍ਹਾਂ ਨੂੰ ਪੱਕਿਆਂ ਹੋਣ ਦੀ ਆਸ ਬੱਝੀ ਹੈ, ਠੇਕਾ ਮੁਲਾਜ਼ਮਾਂ ਨੂੰ ਤਨਖਾਹ ਹੁਣ ਸਿੱਧੀ ਸਰਕਾਰ ਤੋਂ ਮਿਲੇਗੀ।ਆਊਟਸੋਰਸਿੰਗ ਅਧੀਨ ਕੰਮ ਕਰਦੇ ਕਰਮਚਾਰੀਆਂ ਦੀ ਸਰਵਿਸ ਸੇਵਾ ਤਿੰਨ ਸਾਲ ਪੂਰੀ ਹੋਣ ਉਪਰੰਤ ਉਹ ਸਰਕਾਰ ਮੁਲਾਜ਼ਮ ਬਣ ਜਾਣਗੇ।

ਮਾਨ ਸਰਕਾਰ ਦਾ ਇਹ ਫੈਸਲਾ ਇਤਿਹਾਸਕ ਫੈਸਲਾ ਹੈ ਜਿਸ ਨਾਲ ਠੇਕਾ ਅਧਾਰਿਤ ਕੰਮ ਕਰਦੇ ਸਮੂਹ ਮੁਲਾਜ਼ਮ ਖੁਸ਼ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆਮ ਆਦਮੀ ਪਾਰਟੀ ਇਲਾਕਾ ਪੱਟੀ ਦੇ ਆਗੂ ਸਰਬਦੀਪ ਸਿੰਘ ਕੈਰੋਂ, ਵਿਰਸਾ ਸਿੰਘ ਰੱਤਾਗੁੱਦਾ, ਸੁਖਦੇਵ ਸਿੰਘ ਕਿਰਤੋਵਾਲ, ਲਾਡੀ ਭੰਗਾਲਾ, ਪਰਮਿੰਦਰ ਸਿੰਘ ਕੈਰੋਂ ਅਤੇ ਕੁਲਦੀਪ ਸਿੰਘ ਸਭਰਾ ਆਦਿ ਸਾਥੀ ਹਾਜ਼ਰ ਸਨ।

# ਹੈਰੋਇਨ ਦੇ ਮਾਮਲੇ 'ਚ ਨਾਮਜ਼ਦ ਪੰਜ ਦੋਸ਼ੀਆਂ ਦੀ ਇਕ ਕਰੋੜ 25 ਲੱਖ ਦੀ ਪ੍ਰਾਪਰਟੀ ਫਰੀਜ਼



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-21 ਸਤੰਬਰ 2025 ਨੂੰ ਪੁਲਸ ਥਾਣਾ ਡੇਰਾ ਬਾਬਾ ਨਾਨਕ ਵੱਲੋਂ ਪੰਜ ਦੋਸ਼ੀਆਂ ਨੂੰ 10 ਕਿੱਲੋ 20 ਗਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਜੇਲ ਦੀਆਂ ਸਲਾਖਾਂ ਪਿੱਛੇ ਭੇਜਿਆ ਗਿਆ ਸੀ ਤੇ ਫੜੇ ਗਏ ਦੋਸ਼ੀ ਜ਼ਿਲ੍ਹਾ ਗੁਰਦਾਸਪੁਰ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਵੱਖ-ਵੱਖ ਪਿੰਡਾਂ ਦੇ ਰਹਿਣ ਵਾਲੇ ਸਨ ਤੇ ਪੁਲਸ ਵੱਲੋਂ ਫੜੇ ਗਏ ਦੋਸ਼ੀਆਂ ਦੀਆਂ ਨਸ਼ੇ ਦੇ ਕਾਲੇ ਕਾਰੋਬਾਰ ਤੋਂ ਬਣਾਈਆਂ ਗਈਆਂ ਪ੍ਰਾਪਰਟੀਆਂ ਫਰੀਜ਼ ਕਰਨ ਲਈ ਉਚ ਅਧਿਕਾਰੀਆਂ ਨੂੰ ਕਾਗਜ਼ਾਤ ਭੇਜੇ ਗਏ ਸਨ ਤੇ ਅੱਜ ਉਨ੍ਹਾਂ ਦੋਸ਼ੀਆਂ ਦੀਆਂ ਸਰਕਾਰ ਵੱਲੋਂ ਪ੍ਰਾਪਰਟੀਆਂ ਫਰੀਜ਼ ਕਰਨ ਦੇ ਪ੍ਰਸ਼ਾਸਨ ਨੂੰ ਨਿਰਦੇਸ਼ ਜਾਰੀ ਕੀਤੇ ਗਏ ਹਨ।ਇਸ ਸਬੰਧੀ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਡੀਐੱਸਪੀ ਜੋਗਾ ਸਿੰਘ ਵੱਲੋਂ ਪ੍ਰੈੱਸ ਕਾਨਫਰਸ ਕਰਕੇ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਡੀਜੀਪੀ ਪੰਜਾਬ ਗੌਰਵ ਯਾਦਵ ਵੱਲੋਂ ਛੇੜੇ ਗਏ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਬੀਤੀ 21 ਸਤੰਬਰ 2025 ਨੂੰ ਪੰਜ ਨਸ਼ਾ ਤਸਕਰਾਂ ਨੂੰ 10 ਕਿਲੋ 20 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਪੁਲਸ ਥਾਣਾ ਡੇਰਾ ਬਾਬਾ ਨਾਨਕ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਸੀ। ਪੰਜ ਨਸ਼ਾ ਤਸਕਰਾਂ ਜਿਸ ਵਿੱਚ ਦਿਲਬਾਗ ਸਿੰਘ ਪੁੱਤਰ ਸ਼ਿਵਦਿਆਲ ਸਿੰਘ ਵਾਸੀ ਮਾਨੇਪੁਰ ਥਾਣਾ ਕਲਾਨੌਰ ਦੀ ਪ੍ਰਾਪਰਟੀ 14 ਲੱਖ 50 ਹਜ਼ਾਰ ਰੁਪਏ, ਜਗਦੀਪ ਸਿੰਘ ਪੁੱਤਰ ਬਖਸ਼ੀਸ਼ ਸਿੰਘ ਵਾਸੀ ਪਿੰਡ ਬਲੱਗਣ ਥਾਣਾ ਸਦਰ ਗੁਰਦਾਸਪੁਰ ਦੀ ਪ੍ਰਾਪਰਟੀ 16 ਲੱਖ 50 ਹਜ਼ਾਰ ਰੁਪਏ, ਜਗਬੀਰ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਪਿੰਡ ਪੱਖਾ ਤਾਰਾ ਸਿੰਘ (ਅਜਨਾਲਾ) ਦੀ ਪ੍ਰਾਪਰਟੀ 22 ਲੱਖ ਰੁਪਏ, ਅੰਮ੍ਰਿਤ ਕੌਰ ਪਤਨੀ ਬਚਿੱਤਰ ਸਿੰਘ ਵਾਸੀ ਪਿੰਡ ਬਲੱਗਣ ਦੀ ਪ੍ਰਾਪਰਟੀ 26 ਲੱਖ 50 ਹਜ਼ਾਰ ਰੁਪਏ ਅਤੇ ਗੁਰਮਿੰਦਰ ਸਿੰਘ ਪੁੱਤਰ ਬਲਜਿੰਦਰ ਸਿੰਘ ਵਾਸੀ ਭੱਲਾ ਕਲੋਨੀ ਛਿਹਾਰਟਾ (ਅੰਮ੍ਰਿਤਸਰ) ਦੀ ਪ੍ਰਾਪਰਟੀ 44 ਲੱਖ 70 ਹਜ਼ਾਰ ਰੁਪਏ ਫਰੀਜ਼ ਕੀਤੀ ਗਈ ਹੈ ਜੋ ਕਿ ਕੁੱਲ ਮਿਲਾ ਕੇ ਇਕ ਕਰੋੜ 25 ਲੱਖ ਰੁਪਏ ਦੀ ਪ੍ਰਾਪਰਟੀ ਫਰੀਜ਼ ਕੀਤੀ ਗਈ ਹੈ।ਇਸ ਮੌਕੇ ਉਨ੍ਹਾਂ ਹੋਰਨਾਂ ਨਸ਼ਾ ਤਸਕਰਾਂ ਅਤੇ ਭੈੜੇ ਅਨਸਰਾਂ ਨੂੰ ਚੇਤਾਵਨੀ ਦਿੱਤੀ ਕਿ ਉਹ ਆਪੋ ਆਪਣੇ ਕਾਲੇ ਕਾਰੋਬਾਰ ਛੱਡ ਦੇਣ ਨਹੀਂ ਤਾਂ ਉਨ੍ਹਾਂ ਉਪਰ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।

## ਕੈਬਨਿਟ ਮੰਤਰੀ ਵੱਲੋਂ ਸਰਫੇਸ ਵਾਟਰ ਸਪਲਾਈ ਸਕੀਮ ਦਾ ਉਦਘਾਟਨ

**ਨੰਗਲ (ਸੁਰਜੀਤ ਸਿੰਘ)**



ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਵਿੱਚ ਸਾਫ਼ ਅਤੇ ਸੁਰੱਖਿਅਤ ਪੀਣ ਯੋਗ ਪਾਣੀ ਦੀ ਉਪਲੱਬਧਤਾ ਯਕੀਨੀ ਬਣਾਉਣ ਲਈ ਇੱਕ ਹੋਰ ਮਹੱਤਵਪੂਰਨ ਉਪਰਾਲਾ ਕੀਤਾ ਗਿਆ ਹੈ। ਬਲਾਕ ਸ੍ਰੀ ਅਨੰਦਪੁਰ ਸਾਹਿਬ ਦੇ ਅਧੀਨ ਆਉਂਦੇ 67 ਪਿੰਡਾਂ ਲਈ ਨਹਿਰੀ ਪਾਣੀ ਆਧਾਰਿਤ ਆਧੁਨਿਕ ਸਰਫੇਸ ਵਾਟਰ ਸਪਲਾਈ ਸਕੀਮ ਦਾ ਸ਼ਾਨਦਾਰ ਢੰਗ ਨਾਲ ਮਾਣਕਪੁਰ ਨੰਗਲ ਵਿਖੇ ਉਦਘਾਟਨ ਕੀਤਾ ਗਿਆ। ਇਹ ਸਕੀਮ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਵੱਲੋਂ ਲੋਕਾਂ ਨੂੰ ਸਮਰਪਿਤ ਕੀਤੀ ਗਈ।ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਲਗਭਗ 43.46 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਇਸ ਯੋਜਨਾ ਦੀ ਸਮਰੱਥਾ 13 ਐੱਮ ਐੱਲ ਡੀ ਹੈ, ਜੋ ਇਲਾਕੇ ਵਿੱਚ ਪਾਣੀ ਦੀ ਕਮੀ ਨੂੰ ਦੂਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਕਿਹਾ ਕਿ ਇਹ ਸਕੀਮ ਨਾ ਸਿਰਫ ਪਿੰਡਾਂ ਨੂੰ ਸ਼ੁੱਧ ਪਾਣੀ ਪ੍ਰਦਾਨ ਕਰੇਗੀ, ਸਗੋਂ ਧਰਤੀ ਹੇਠਲੇ ਪਾਣੀ ਦੀ ਖਪਤ ਨੂੰ ਘਟਾ ਕੇ ਵਾਤਾਵਰਨ ਦੀ ਸੁਰੱਖਿਆ ਨੂੰ ਵੀ ਮਜ਼ਬੂਤ ਕਰੇਗੀ।ਜਵਾਹਰ ਮਾਰਕੀਟ, ਨੰਗਲ ਵਿਖੇ ਆਯੋਜਿਤ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਹਲਕੇ ਦਾ ਚੰਗਰ ਇਲਾਕਾ ਲੰਮੇ ਸਮੇਂ ਤੋਂ ਸਿੰਚਾਈ ਲਈ ਪਾਣੀ ਦੀ ਕਮੀ ਦਾ ਸਾਹਮਣਾ ਕਰ ਰਿਹਾ ਸੀ, ਪਰ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲਗਭਗ 100 ਕਰੋੜ ਰੁਪਏ ਦੀ ਲਾਗਤ ਨਾਲ ਲਿਫਟ ਇਰੀਗੇਸ਼ਨ ਪ੍ਰੋਜੈਕਟ ਤਿਆਰ ਕੀਤਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਇਸ ਇਲਾਕੇ ਲਈ ਇਹ ਵੱਡੀ ਤਰਾਸਦੀ ਹੈ ਕਿ ਜਿੱਥੇ ਸਤਲੁਜ ਸ਼ੁਰੂ ਹੁੰਦਾ ਹੈ ਅਤੇ ਜਿਸ ਇਲਾਕੇ ਦੇ 50 ਮੀਟਰ ਦੇ ਘੇਰੇ ਵਿਚ ਦਰਿਆ ਅਤੇ ਨਹਿਰਾ ਵਗਦੀਆਂ ਹਨ, ਉਨ੍ਹਾਂ ਪਿੰਡਾਂ ਦੇ ਲੋਕ ਪਿਛਲੇ 70 ਸਾਲ ਤੋਂ ਪਾਣੀ ਨੂੰ ਤਰਸ ਰਹੇ ਹਨ, ਪਰ ਹੁਣ ਅਸੀ ਹਾਲਾਤ ਬਦਲ ਦਿੱਤੇ ਹਨ।

ਇਸ ਮੌਕੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਾਣੀ ਦੇ ਸਰੋਤਾਂ ਦੀ ਸੰਭਾਲ ਅਤੇ ਸੁਚੱਜੇ ਪ੍ਰਬੰਧ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਖੇਤਾਂ ਤੱਕ ਪਾਣੀ ਪਹੁੰਚਾ ਕੇ ਨਾ ਸਿਰਫ ਕਿਸਾਨਾਂ ਨੂੰ ਮਦਦ ਮਿਲੀ ਹੈ, ਸਗੋਂ ਪੰਜਾਬ ਨੂੰ ਰੇਗਿਸਤਾਨ ਬਣਨ ਤੋਂ ਬਚਾਉਣ ਵਿੱਚ ਵੀ ਅਹਿਮ ਯੋਗਦਾਨ ਦਿੱਤਾ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਵਿਕਾਸਾਤਮਕ ਯੋਜਨਾਵਾਂ ਲਾਗੂ ਕੀਤੀਆਂ ਜਾਣਗੀਆਂ।

## ਨਵਾਂਸ਼ਹਿਰ-ਗੜ੍ਹਸ਼ੰਕਰ ਰੋਡ ਜਲਦ ਬਣਾਉਣ ਲਈ ਦਿੱਤਾ ਧਰਨਾ



**ਬੰਗਾ (ਅਵਤਾਰ ਕਲੇਰ)**-ਨਵਾਂਸ਼ਹਿਰ-ਗੜ੍ਹਸ਼ੰਕਰ ਰੋਡ ਦੀ ਖਸਤਾ ਹਾਲਤ ਤੋਂ ਤੰਗ ਹੋ ਕੇ ਨਾਲ ਲੱਗਦੇ ਪਿੰਡਾਂ ਦੇ ਲੋਕਾਂ ਨੇ ਸੜਕ ਉੱਤੇ ਹੀ ਧਰਨਾ ਲਾ ਦਿੱਤਾ,ਜਿਸ ਦੇ ਤੁਰੰਤ ਬਾਅਦ ਹੋਰ ਵੀ ਲੋਕ ਪਹੁੰਚਣੇ ਸ਼ੁਰੂ ਹੋ ਗਏ।ਧਰਨੇ ਨੂੰ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸਰਪੰਚ ਮਨਦੀਪ ਕੌਰ, ਪੰਚ ਸੁਰਜੀਤ ਕੌਰ, ਸਾਬਕਾ ਚੈਅਰਮੈਨ ਹਰਬੰਸ ਲਾਲ, ਮਾਸਟਰ ਗੁਰਦਿਆਲ ਸਿੰਘ, ਆਟੋ ਯੂਨੀਅਨ ਦੇ ਪ੍ਰਧਾਨ ਪੁਨੀਤ ਕੁਮਾਰ, ਦੇਸ ਰਾਜ ਬਾਲੀ ਮੁਬਾਰਕਪੁਰ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਹਰਮੇਸ਼ ਢੇਸੀ, ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਮਲਜੀਤ ਸਨਾਵਾ ਤੇ ਇਲਾਕਾ ਪ੍ਰਧਾਨ ਕਿਰਨਜੀਤ ਕੌਰ ਨੇ ਕਿਹਾ ਕਿ ਕਈ ਸਰਕਾਰਾਂ ਆਈਆਂ ਤੇ ਕਈ ਗਈਆਂ,ਪਰ ਨਵਾਂਸ਼ਹਿਰ-ਗੜ੍ਹਸ਼ੰਕਰ ਰੋਡ ਦੀ ਹਾਲਤ ਨਹੀਂ ਬਦਲੀ। ਸਥਾਨਕ ਲੋਕਾਂ ਦੇ ਨਾਲ ਨਾਲ ਅਵਾਜਾਈ ਵੀ ਵੱਡੀ ਪੱਧਰ ਤੇ ਪ੍ਰਭਾਵਿਤ ਹੋ ਰਹੀ। ਸ੍ਰੀ ਅਨੰਦਪੁਰ ਸਾਹਿਬ ਦੇ ਦਰਸ਼ਨਾਂ ਨੂੰ ਜਾਂਦੀਆਂ ਸੰਗਤਾਂ ਨੂੰ ਵੀ ਭਾਰੀ ਮੁਸ਼ੱਕਤ ਝੱਲਣੀ ਪੈਂਦੀ ਹੈ। ਤਿੰਨ ਘੰਟੇ ਚੱਲੇ ਧਰਨੇ ਦੇ ਸਮੇਂ ਦੌਰਾਨ ਸਿਵਲ ਪ੍ਰਸ਼ਾਸ਼ਨ ਦੇ ਤਹਿਸੀਲਦਾਰ ਗੁਰਮੁੱਖ ਸਿੰਘ ਤੇ ਡੀ ਐੱਸ ਪੀ ਪੰਕਜ ਸ਼ਰਮਾ ਮੌਕੇ ਤੇ ਪਹੁੰਚੇ ਤੇ ਧਰਨਾਕਾਰੀਆਂ ਨੂੰ ਵਿਸ਼ਵਾਸ ਦੁਆਇਆ ਕਿ ਰੋਡ ਦਾ ਰੁਕਿਆ ਕੰਮ ਛੇਤੀ ਹੀ ਸ਼ੁਰੂ ਕਰਵਾ ਦਿੱਤਾ ਜਾਵੇਗਾ। ਦੂਸਰੇ ਪਾਸੇ ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਛੇਤੀ ਹੀ ਰੋਡ ਦਾ ਕੰਮ ਸ਼ੁਰੂ ਨਾ ਕੀਤਾ ਗਿਆ ਤਾਂ ਅਗਲੇ ਸੰਘਰਸ਼ ਦੇ ਸਿੱਟੇ ਪ੍ਰਸ਼ਾਸ਼ਨ ਨੂੰ ਭੁੱਗਤਣੇ ਪੈਣਗੇ। ਇਸ ਮੌਕੇ ਪੀ ਐੱਮ ਯੂ ਦੇ ਆਗੂ ਸੁਰਿੰਦਰ ਮੀਰਪੁਰ ਤੇ ਸੁਰਿੰਦਰ ਸਿੰਘ ਸ਼ਿੰਦਾ, ਆਟੋ ਯੂਨੀਅਨ ਦੇ ਮੀਤ ਪ੍ਰਧਾਨ ਤਰਨਜੀਤ ਸਿੰਘ, ਅਰਜੁਨ ਸਿੰਘ ਦਾਸ ਮਹਿੰਦੀਪੁਰ ਨੇ ਸੰਬੋਧਨ ਕੀਤਾ ਤੇ ਪੀ ਐੱਸ ਯੂ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਧਰਮਕੋਟ, ਸਮਾਜਿਕ ਏਕਤਾ ਮੰਚ ਦੇ ਆਗੂ ਸ਼ੱਬੀਰ ਅੰਸਾਰੀ ਤੇ ਇਜ਼ਰਾਇਲ, ਗੁਰਜੀਤ ਸਿੰਘ ਮਹਿੰਦੀਪੁਰ, ਸਾਬਕਾ ਪ੍ਰਿਸੀਪਲ ਓਮਕਾਰ ਸਿੰਘ, ਇੰਦਰਜੀਤ ਸਿੰਘ, ਸਰਬਜੀਤ ਸਿੰਘ, ਭੁਪਿੰਦਰ ਕੁਮਾਰ, ਹਰਜੀਤ ਕੁਮਾਰ, ਹਰਵਿੰਦਰ ਸਿੰਘ, ਪਰਮਿੰਦਰ ਸਿੰਘ, ਸਰਬਜੀਤ ਸਿੰਘ, ਸੁਰਜੀਤ ਸਿੰਘ ਆਦਿ ਵੀ ਮੌਜੂਦ ਸਨ।

## ਦੋ ਰੋਜ਼ਾ 'ਨਵ ਕਵਿਤਾ ਉਤਸਵ' ਤਹਿਤ ਪੁਸਤਕ ਵਿਚਾਰ-ਚਰਚਾ ਕਰਵਾਈ

**ਚੰਡੀਗੜ੍ਹ (ਸੁਰਜੀਤ ਸੁਮਨ)**

ਪੰਜਾਬ ਕਲਾ ਭਵਨ, ਚੰਡੀਗੜ੍ਹ ਵਿਖੇ ਦੋ ਰੋਜ਼ਾ ਨਵ ਕਵਿਤਾ ਉਤਸਵ ਤਹਿਤ ਪੁਸਤਕ ਵਿਚਾਰ-ਚਰਚਾ ਦਾ ਆਯੋਜਨ ਕੀਤਾ ਗਿਆ। ਪਰਿਸ਼ਦ ਦੇ ਚੇਅਰਮੈਨ ਸਵਰਨਜੀਤ ਸਵੀ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਇਹ ਉਤਸਵ ਨਵ ਕਵਿਤਾ 'ਤੇ ਅਧਾਰਿਤ ਹੈ, ਚਾਹੇ ਇਸ ਵਿਚ ਸ਼ਾਮਿਲ ਚੌਦਾਂ ਵਰ੍ਹਿਆਂ ਦਾ ਸੁਰਖ਼ਾਬ ਹੋਵੇ ਜਾ ਸੱਤਰ ਵਰ੍ਹਿਆਂ ਦਾ ਅਮਰਜੀਤ ਸਿੰਘ ਗਰੇਵਾਲ। ਸਮਾਗਮ ਦੇ ਕਨਵੀਨਰ ਡਾ. ਅਮਰਜੀਤ ਸਿੰਘ ਨੇ ਇਸ ਉਤਸਵ ਦੇ ਉਦੇਸ਼ਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਜਸਵੰਤ ਜ਼ਫ਼ਰ ਦੀ ਕਾਵਿ-ਕਿਤਾਬ 'ਮੈਨੂੰ ਬੁੱਧੂ ਹੋਣਾ ਚਾਹੀਦਾ' 'ਤੇ ਚਰਚਾ ਕਰਵਾਈ ਗਈ। ਜ਼ਫ਼ਰ ਹੋਰਾਂ ਨੇ ਆਪਣੀਆਂ ਕੁਝ ਕਵਿਤਾਵਾਂ ਸੁਣਾਈਆਂ। ਡਾ ਧਰਮਿੰਦਰ ਸਿੰਘ ਨੇ ਜ਼ਫ਼ਰ ਦੀ ਕਿਤਾਬ ਬਾਰੇ ਗੱਲ ਕਰਦਿਆਂ ਕਿਹਾ ਕਿ 'ਬੁੱਧੂ' ਇਕ ਮੈਟਾਫਰ ਹੈ। ਉਹਨਾਂ ਜ਼ਫ਼ਰ ਦੀ ਕਵਿਤਾ ਨੂੰ ਜ਼ਿੰਦਗੀ ਨੂੰ ਸਮਝਣ ਦਾ ਸੂਤਰ ਕਿਹਾ। ਚਰਚਾ ਵਿੱਚ ਸ਼ਾਮਿਲ ਦੂਸਰੀ ਕਿਤਾਬ ਅਮਰਜੀਤ ਸਿੰਘ ਗਰੇਵਾਲ ਪੁਸਤਕ 'ਅਦਭੁਤ ਦੀ ਵਾਪਸੀ' ਸੀ। ਇਸ ਬਾਰੇ ਬੋਲਦਿਆਂ ਉੱਘੇ ਆਲੋਚਕ ਡਾ. ਪ੍ਰਵੀਨ ਕੁਮਾਰ ਨੇ ਕਿਹਾ ਕਿ ਅਮਰਜੀਤ ਦੀ ਕਵਿਤਾ ਇੱਕੀਵੀਂ ਸਦੀ ਦੀ ਕਵਿਤਾ ਨਵੇਂ ਰੁਝਾਨਾਂ ਵਿਚ ਦਾਖ਼ਲ ਹੋ ਚੁੱਕੀ ਹੈ। ਉਹਨਾਂ ਕਿਹਾ ਕਿ ਇਸ ਕਵਿਤਾ ਵਿਚ ਪੰਜਾਬ ਦੀ ਰੂਹ ਨੂੰ ਦਾਰਸ਼ਨਿਕ ਸੰਦਰਭ ਵਿਚ ਦੇਖਣ ਦਾ ਨਿਵੇਕਲਾ ਉਪਰਾਲਾ ਹੈ। ਡਾ. ਮਨਮੋਹਨ ਦੀ ਕਾਵਿ-ਕਿਤਾਬ 'ਨਿਮਖ ਨਾ ਵੀਸਰੈ' 'ਤੇ ਚਰਚਾ ਦਾ ਆਰੰਭ ਹੋਇਆ। ਡਾ. ਮਨਮੋਹਨ ਨੇ ਮਾਤਾ ਪਿਤਾ ਨਾਲ ਸੰਬਿਧਤ ਕਵਿਤਾਵਾਂ ਦਾ ਪਾਠ ਕੀਤਾ। ਡਾ. ਮਨਜਿੰਦਰ ਨੇ ਪੁਸਤਕ ਬਾਰੇ ਬੋਲਦਿਆਂ ਕਿਹਾ ਕਿ ਇਹ ਪਹਿਲੀ ਕਿਤਾਬ ਹੈ, ਜਿਸ ਵਿਚ ਸਾਰੀਆਂ ਕਵਿਤਾਵਾਂ ਹੀ ਮਾਤਾ ਪਿਤਾ ਬਾਰੇ ਹਨ।



ਉਹਨਾਂ ਕਿਹਾ ਕਿ ਮਨਮੋਹਨ ਦੀਆਂ ਕਵਿਤਾਵਾਂ ਦੇ ਦੋ ਧਰਾਤਲ ਹਨ, ਇਕ ਭਾਵਨਾਤਮਕ ਤੇ ਦੂਸਰਾ ਦਾਰਸ਼ਨਿਕ ਪੱਖ। ਦੂਸਰੇ ਦਿਨ ਸੁਰਖ਼ਾਬ ਦੀ ਕਾਵਿ-ਕਿਤਾਬ 'ਵੈਤਰਨੀ' 'ਤੇ ਚਰਚਾ ਕੀਤੀ ਗਈ। ਜਿਸ ਵਿੱਚ ਸੁਰਖ਼ਾਬ ਨੇ ਕੁਝ ਕਵਿਤਾਵਾਂ ਦਾ ਪਾਠ ਕੀਤਾ। ਉੱਘੇ ਆਲੋਚਕ ਡਾ. ਯੋਗਰਾਜ ਅੰਗਰਿਸ਼ ਨੇ ਆਪਣਾ ਪਰਚਾ ਪੜ੍ਹਿਆ। ਉਹਨਾਂ ਕਿਹਾ ਕਿ ਇਹ ਕਵਿਤਾ ਸ਼ੁੱਧ ਹੈ। ਉਹਨਾਂ ਅਗਾਂਹ ਕਿਹਾ ਕਿ ਇਸ ਕਵਿਤਾ ਵਿਚ ਅਜੇ ਫਿਲਾਸਫੀ ਆਉਣੀ ਹੈ। ਇਹ ਕਵਿਤਾ ਅੱਗੇ ਜਾ ਕੇ ਬੋਧਿਕ ਪਰੰਪਰਾ ਨਾਲ ਜੁੜੇਗੀ। ਕਿਤਾਬ 'ਕੋਇਲਾ' 'ਤੇ ਵਿਚਾਰ ਚਰਚਾ ਸਮੇਂ ਜਸਵਿੰਦਰ ਸੀਰਤ ਨੇ ਖ਼ੂਬਸੂਰਤ ਕਵਿਤਾਵਾਂ ਦਾ ਪਾਠ ਕੀਤਾ। ਇਸ ਸਮਾਗਮ ਵਿਚ ਪਾਲ ਅਜਨਬੀ, ਸੁਰਜੀਤ ਸੁਮਨ, ਸੁਖਵਿੰਦਰ ਸਿੱਧੂ, ਵਰਿੰਦਰ ਸਿੰਘ, ਗੁਰਚਰਨ ਮੁਹਾਲੀ, ਮਨਜੀਪਾਲ ਸਿੰਘ, ਚਰਨਜੀਤ ਬਾਠ, ਦੀਪਕ ਕੁਮਾਰ, ਮਦਨਦੀਪ ਸਿੰਘ, ਡਾ. ਸੰਦੀਪ ਸ਼ਰਮਾ, ਕੋਮਲ ਸ਼ਰਮਾ, ਅਵਤਾਰ ਸਿੰਘ ਪਤੰਗ, ਬਲਜੀਤ ਕੌਰ ਆਦਿ ਨੇ ਸ਼ਮੂਲੀਅਤ ਕੀਤੀ।

## ਬੱਚਿਆਂ ਨੂੰ ਵਾਤਾਵਰਣ ਬਾਰੇ ਕੀਤਾ ਜਾਗਰੂਕ



**ਜਲੰਧਰ (ਰਾਜੇਸ਼ ਥਾਪਾ)**

ਏ ਜੀ ਆਈ ਗਲੋਬਲ ਸਕੂਲ ਨੇ ਬੱਚਿਆਂ ਨੂੰ ਕੁਦਰਤ ਦੀ ਰੱਖਿਆ ਕਰਨ ਲਈ ਇੱਕ ਅਭਿਆਨ ਸ਼ੁਰੂ ਕੀਤਾ ਤਾਂ ਜੋ ਭਵਿੱਖ ਸਾਫ਼, ਸੁੰਦਰ ਅਤੇ ਚੰਗਾ ਬਣ ਸਕੇ।ਇਸ ਮੁਹਿੰਮ ਦੇ ਲਈ ਆਪਣੇ ਸੰਦੇਸ਼ ਵਿੱਚ ਏ ਜੀ ਆਈ ਇਨਫਰਾ ਲਿਮਿਟਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਨੇ ਕਿਹਾ ਕਿ ਏ ਜੀ ਆਈ ਗਲੋਬਲ ਸਕੂਲ ਦਾ ਮਕਸਦ ਸਿਰਫ਼ ਵਧੀਆ ਪੜ੍ਹਾਈ ਦੇਣਾ ਹੀ ਨਹੀਂ, ਸਗੋਂ ਬੱਚਿਆਂ ਵਿੱਚ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨੀ ਵੀ ਹੈ। ਹਰ ਬੱਚੇ ਨੂੰ ਇਹ ਸਿੱਖਣਾ ਚਾਹੀਦਾ ਹੈ ਕਿ ਰੁੱਖ ਲਗਾਉਣਾ ਅਤੇ ਉਨ੍ਹਾਂ ਦੀ ਸੰਭਾਲ ਕਰਨਾ ਆਉਣ ਵਾਲੀਆਂ ਪੀੜ੍ਹੀਆਂ ਪ੍ਰਤੀ ਸਾਡਾ ਫਰਜ਼ ਹੈ।ਉਨ੍ਹਾਂ ਕਿਹਾ ਕਿ ਜੇ ਹਰ ਵਿਦਿਆਰਥੀ ਇੱਕ ਰੁੱਖ ਵੀ ਲਗਾਏ ਅਤੇ ਉਸ ਦੀ ਦੇਖਭਾਲ ਕਰੇ ਤਾਂ ਮਿਲ ਕੇ ਅਸੀਂ ਸਮਾਜ ਅਤੇ ਦੇਸ਼ ਲਈ ਹਰਾ-ਭਰਾ, ਤੰਦਰੁਸਤ ਅਤੇ ਸੁੰਦਰ ਭਵਿੱਖ ਬਣਾ ਸਕਦੇ ਹਾਂ।ਉਨ੍ਹਾਂ ਹੋਰ ਕਿਹਾ, ਰੁੱਖ ਸਿਰਫ਼ ਕੁਦਰਤ ਦਾ ਹਿੱਸਾ ਨਹੀਂ, ਸਗੋਂ ਜੀਵਨ ਦੀ ਨੀਂਹ ਹਨ।ਵਾਤਾਵਰਣ ਪ੍ਰੇਮੀ ਅਤੇ ਏਜੀਆਈ ਗਲੋਬਲ ਸਕੂਲ ਦੀ ਚੇਅਰਪਰਸਨ ਸਲਵਿੰਦਰਜੀਤ ਕੌਰ ਨੇ ਕਿਹਾ ਕਿ ਏ ਜੀ ਆਈ ਗਲੋਬਲ ਸਕੂਲ ਵਿੱਚ ਸਿੱਖਿਆ ਸਿਰਫ਼ ਕਿਤਾਬਾਂ ਅਤੇ ਕਲਾਸਰੂਮ ਤੱਕ ਸੀਮਿਤ ਨਹੀਂ ਹੈ। ਬੱਚਿਆਂ ਨੂੰ ਕੁਦਰਤ ਦੀ ਕਦਰ ਅਤੇ ਵਾਤਾਵਰਣ ਦੀ ਰੱਖਿਆ ਦੀ ਜ਼ਿੰਮੇਵਾਰੀ ਸਿਖਾਉਣਾ ਵੀ ਬਹੁਤ ਜ਼ਰੂਰੀ ਹੈ। ਕੁਦਰਤ ਦੇ ਸਭ ਤੋਹਫ਼ਿਆਂ ਵਿੱਚ ਰੁੱਖਾਂ ਦਾ ਮਨੁੱਖੀ ਜੀਵਨ ਵਿੱਚ ਬਹੁਤ ਖਾਸ ਅਤੇ ਅਹਿਮ ਸਥਾਨ ਹੈ।ਸਕੂਲ ਦੀ ਡਾਇਰੈਕਟਰ ਹਰਲੀਨ ਮੋਹੰਤੀ ਨੇ ਕਿਹਾ ਕਿ ਰੁੱਖ ਸਾਡੀ ਧਰਤੀ ਦੀ ਜੀਵਨ ਰੇਖਾ ਹਨ। ਰੁੱਖ ਸਾਨੂੰ ਆਕਸੀਜਨ ਦਿੰਦੇ ਹਨ, ਹਵਾ ਨੂੰ ਸਾਫ਼ ਕਰਦੇ ਹਨ, ਪ੍ਰਦੂਸ਼ਣ ਘਟਾਉਂਦੇ ਹਨ ਅਤੇ ਵਾਤਾਵਰਣ ਦਾ ਸੰਤੁਲਨ ਬਣਾਈ ਰੱਖਦੇ ਹਨ। ਰੁੱਖਾਂ ਤੋਂ ਬਿਨਾਂ ਧਰਤੀ ਉੱਤੇ ਜੀਵਨ ਮੁਸ਼ਕਲ ਅਤੇ ਅਸਿਹਤਮੰਦ ਹੋ ਜਾਵੇਗਾ। ਰੁੱਖ ਹਵਾ ਵਿੱਚੋਂ ਹਾਨੀਕਾਰਕ ਕਾਰਬਨ ਡਾਈਆਕਸਾਈਡ ਨੂੰ ਸੋਖ ਕੇ ਮੌਸਮੀ ਬਦਲਾਅ ਨੂੰ ਘਟਾਉਣ ਵਿੱਚ ਵੀ ਮਦਦ ਕਰਦੇ ਹਨ।ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਆਰਤੀ ਸ਼ਰਮਾ ਨੇ ਕਿਹਾ ਕਿ ਬੱਚਿਆਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਰੁੱਖ ਸਿਰਫ਼ ਵਾਤਾਵਰਣ ਲਈ ਹੀ ਨਹੀਂ, ਸਗੋਂ ਮਨੁੱਖੀ ਜੀਵਨ ਲਈ ਵੀ ਬਹੁਤ ਜ਼ਰੂਰੀ ਹਨ।

## ਵਿਦਿਆਰਥੀਆਂ ਦਾ ਜੇ ਈ ਈ ਐਡਵਾਂਸਡ-2026 'ਚ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਸ਼ੈਲੀ ਐਲਬਰਟ)**-ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ ਦੇ ਵਿਦਿਆਰਥੀ ਨੇ ਰਾਸ਼ਟਰੀ ਪਰੀਖਿਆ ਏਜੰਸੀ ਵੱਲੋਂ ਆਯੋਜਿਤ ਜੇ ਈ ਈ ਐਡਵਾਂਸਡ-2026 ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਤਾਨਿਸ਼ ਸ਼ਰਮਾ ਨੇ ਆਲ ਇੰਡੀਆ ਰੈਂਕ 4146 ਦਾ ਪ੍ਰਭਾਵਸ਼ਾਲੀ ਸਕੋਰ ਪ੍ਰਾਪਤ ਕੀਤਾ।ਇਸ ਮੌਕੇ 'ਤੇ ਇੰਨੋਸੈਂਟ ਹਾਰਟਸ ਦੇ ਚੇਅਰਮੈਨ ਡਾ. ਅਨੂਪ ਬੌਰੀ ਨੇ ਵਿਦਿਆਰਥੀ, ਉਸ ਦੇ ਮਾਪਿਆਂ ਅਤੇ ਸਟਾਫ ਮੈਂਬਰਾਂ ਨੂੰ ਇਸ ਵਿਲੱਖਣ ਸਫਲਤਾ ਲਈ ਵਧਾਈ ਦਿੱਤੀ। ਪ੍ਰਿੰਸੀਪਲ ਰਾਜੀਵ ਪਾਲੀਵਾਲ ਨੇ ਤਾਨਿਸ਼ ਸ਼ਰਮਾ ਦੀ ਮਿਹਨਤ, ਲਗਨ ਅਤੇ ਸਮਰਪਣ ਦੀ ਸਰਾਹਨਾ ਕਰਦਿਆਂ ਉਸ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।



## ਫਰੀ ਫੁੱਟਬਾਲ ਟ੍ਰੇਨਿੰਗ ਸਮਰ ਕੈਂਪ ਲਾਇਆ

**ਬਲਾਚੌਰ (ਜਸਵਿੰਦਰ ਬੈਂਸ)**

ਚਾਰ ਸਾਹਿਬਜ਼ਾਦਿਆਂ ਨੂੰ ਸਮਰਪਿਤ 7 ਵਾ ਫਰੀ ਫੁੱਟਬਾਲ ਟ੍ਰੇਨਿੰਗ ਸਮਰ ਕੈਂਪ ਯੂਥ ਫੁੱਟਬਾਲ ਵੈਲਫੇਅਰ ਕਲੱਬ (ਰਜਿ.) ਨਵਾਂ ਸ਼ਹਿਰ ਵਲੋਂ 1 ਜੂਨ ਤੋਂ 30 ਜੂਨ ਤੱਕ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਯੂਥ ਫੁੱਟਬਾਲ ਕਲੱਬ ਨਵਾਂ ਸ਼ਹਿਰ ਦੇ ਪ੍ਰਧਾਨ ਕਰਨਜੀਤ ਸਿੰਘ ਅਤੇ ਸੀਨੀਅਰ ਖਿਡਾਰੀ ਰਘੁਵਿੰਦਰ ਪਾਲ ਸਿੰਘ ਅਤੇ ਵਰਿੰਦਰ ਸਿੰਘ ਨੇ ਦੱਸਿਆ ਕਿ ਇਹ ਸਮਰ ਫੁੱਟਬਾਲ ਟ੍ਰੇਨਿੰਗ ਕੈਂਪ ਜੇ ਐੱਸ ਐੱਸ ਐੱਚ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਨਵਾਂ ਸ਼ਹਿਰ ਦੀ ਗਰਾਊਂਡ ਵਿੱਚ ਪ੍ਰਿੰਸੀਪਲ ਦਲਜੀਤ ਸਿੰਘ ਬੋਲਾ ਦੇ ਸਹਿਯੋਗ ਨਾਲ ਹਰੇਕ ਸਾਲ ਦੀ ਤਰਾਂ ਇਸ ਸਾਲ ਵੀ ਲਗਾਇਆ ਜਾ ਰਿਹਾ ਹੈ।ਇਸ ਕੈਂਪ ਵਿੱਚ ਪੰਜਾਬ ਦੇ ਮਾਨਤਾ ਪ੍ਰਾਪਤ ਫੁੱਟਬਾਲ ਕੋਚਾ ਵਲੋਂ ਹਰ ਵਰਗ ਦੇ ਬੱਚਿਆਂ ਨੂੰ ਫੁੱਟਬਾਲ ਦੀ ਟ੍ਰੇਨਿੰਗ ਫਰੀ ਦਿੱਤੀ ਜਾਵੇਗੀ।ਰਿਟਾਇਰਡ ਐਸ ਡੀ ਓ ਰਘੁਵਿੰਦਰ ਪਾਲ ਸਿੰਘ ਨੇ ਕਿਹਾ ਕਿ ਮਾਂ -ਬਾਪ ਆਪਣੇ ਬੱਚਿਆਂ ਨੂੰ ਮੋਬਾਈਲ ਤੇ ਗੇਮਾਂ ਨਾ ਖੇਡਦੇ ਹੋਏ ਇਸ ਕੈਂਪ ਵਿੱਚ ਭੇਜ ਕੇ ਗਰਾਊਡਾ ਨਾਲ ਜੋੜ ਸਕਦੇ ਹਨ। ਡੇਲੀ ਮੋਰਨਿੰਗ ਫੁੱਟਬਾਲ ਕਲੱਬ ਨਵਾਂ ਸ਼ਹਿਰ ਦੇ ਪ੍ਰਧਾਨ ਅਜੇ ਮਹਿਰਾ ਅਤੇ ਚੈਅਰਮੈਨ ਤਰਸੇਮ ਲਾਲ ਜ਼ਿਲਾ ਮਾਸ ਮੀਡੀਆ ਅਫ਼ਸਰ ਨੇ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਇਸ ਕੈਂਪ ਵਿੱਚ ਆਪਣੇ ਬੱਚਿਆਂ ਨੂੰ ਭੇਜ ਕੇ ਬਿਨਾਂ ਕਿਸੇ ਫੀਸ ਤੋਂ ਫੁੱਟਬਾਲ ਦੇ ਵਧੀਆ ਖਿਡਾਰੀ ਬਣਾ ਸਕਦੇ ਹਨ।



## ਆਖਰੀ ਉਮੀਦ ਵੈੱਲਫੇਅਰ ਸੋਸਾਇਟੀ ਨੇ ਸਮਰ ਕੈਂਪ ਲਗਾਇਆ



**ਜਲੰਧਰ (ਲਖਵਿੰਦਰ ਸਿੰਘ ਆਧੀ)**

ਆਖਰੀ ਉਮੀਦ ਵੈਲਫੇਅਰ ਸੋਸਾਇਟੀ (ਰਜਿ:) ਵੱਲੋਂ ਨਿੱਕੂ ਪਾਰਕ ਜਲੰਧਰ ਵਿਖੇ ਆਯੋਜਿਤ ਦੂਜੇ ਸਮਰ ਕੈਂਪ ਦਾ ਪਹਿਲਾ ਦਿਨ ਬਹੁਤ ਹੀ ਸਫਲਤਾਪੂਰਵਕ ਸ਼ੁਰੂ ਹੋਇਆ। 5 ਤੋਂ 15 ਸਾਲ ਦੇ ਬੱਚਿਆਂ ਲਈ ਇਹ ਕੈਂਪ ਉਨ੍ਹਾਂ ਦੇ ਵਿਕਾਸ ਅਤੇ ਮਨੋਰੰਜਨ ਦਾ ਵਧੀਆ ਸਾਧਨ ਬਣ ਰਿਹਾ ਹੈ।ਸੋਸਾਇਟੀ ਦੇ ਪ੍ਰਬੰਧਕਾਂ ਨੇ ਕੈਂਪ ਦੀ ਅੱਗੇ ਦੀ ਰੂਪ-ਰੇਖਾ ਸਾਂਝੀ ਕਰਦਿਆਂ ਦੱਸਿਆ ਕਿ ਕੈਂਪ ਦੇ ਸਾਰੇ ਦਿਨਾਂ ਵਿੱਚ ਵੱਖ-ਵੱਖ ਗਤੀਵਿਧੀਆਂ ਜਾਰੀ ਰਹਿਣਗੀਆਂ।3 ਜੂਨ ਨੂੰ ਇੱਕ ਵਿਸ਼ੇਸ਼ ਸਮਾਗਮ ਦੌਰਾਨ ਬੱਚਿਆਂ ਨੂੰ ਇਨਾਮ ਅਤੇ ਤੋਹਫ਼ੇ ਵੰਡੇ ਜਾਣਗੇ, ਜਿਸ ਵਿੱਚ ਈ-ਸਕੂਟੀ, ਸਾਈਕਲ, ਟੈਬ ਅਤੇ ਹੋਰ ਖੇਡ ਸਮੱਗਰੀ ਸ਼ਾਮਲ ਹੋਵੇਗੀ। ਇਸ ਤੋਂ ਇਲਾਵਾ, ਕੈਂਪ ਦੇ ਆਖਰੀ ਦਿਨ, ਯਾਨੀ 4 ਜੂਨ ਨੂੰ, ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਵਾਟਰ ਪਾਰਕ ਲੈ ਕੇ ਜਾਇਆ ਜਾਵੇਗਾ, ਜਿੱਥੇ ਉਹ ਗਰਮੀ ਤੋਂ ਰਾਹਤ ਅਤੇ ਵਾਟਰ ਪਾਰਕ ਦੀ ਮਸਤੀ ਦਾ ਪੂਰਾ ਆਨੰਦ ਮਾਣ ਸਕਣਗੇ।ਪ੍ਰਬੰਧਕਾਂ ਨੇ ਕਿਹਾ ਕਿ ਆਖਰੀ ਉਮੀਦ ਐੱਨ ਜੀ ਓ ਹਮੇਸ਼ਾ ਬੱਚਿਆਂ ਦੀ ਸਿੱਖਿਆ ਅਤੇ ਮਨੋਰੰਜਨ ਲਈ ਵਚਨਬੱਧ ਹੈ। ਸ਼ਹਿਰ ਦੇ ਜਿਨ੍ਹਾਂ ਮਾਪਿਆਂ ਨੇ ਅਜੇ ਤੱਕ ਰਜਿਸਟ੍ਰੇਸ਼ਨ ਨਹੀਂ ਕਰਵਾਈ, ਉਹ ਅਜੇ ਵੀ ਸੰਪਰਕ ਕਰ ਸਕਦੇ ਹਨ।

## ਮੇਰੀ ਰਸੋਈ ਯੋਜਨਾ ਲੋੜਵੰਦ ਪਰਵਾਰਾਂ ਲਈ ਵੱਡੀ ਸਹਾਇਤਾ : ਸੈਣੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਬੈਕਫਿੰਕੋ ਪੰਜਾਬ ਦੇ ਚੇਅਰਮੈਨ ਸੰਦੀਪ ਸੈਣੀ ਨੇ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਲੋਕ ਭਲਾਈ ਯੋਜਨਾ ਮੇਰੀ ਰਸੋਈ ਯੋਜਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਯੋਜਨਾ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਪਰਵਾਰਾਂ ਲਈ ਵੱਡੀ ਰਾਹਤ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਤੱਕ ਸਰਕਾਰੀ ਸਹੂਲਤਾਂ ਅਤੇ ਮਦਦ ਪਹੁੰਚਾਉਣ ਲਈ ਪੂਰੀ ਵਚਨਬੱਧਤਾ ਅਤੇ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ।ਸੰਦੀਪ ਸੈਣੀ ਨੇ ਕਿਹਾ ਕਿ ਸਰਕਾਰ ਦਾ ਮਕਸਦ ਸਿਰਫ਼ ਯੋਜਨਾਵਾਂ ਦਾ ਐਲਾਨ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਕੇ ਲੋਕਾਂ ਨੂੰ ਅਸਲ ਲਾਭ ਪਹੁੰਚਾਉਣਾ ਹੈ। ਉਨ੍ਹਾਂ ਦੱਸਿਆ ਕਿ ਮੇਰੀ ਰਸੋਈ ਯੋਜਨਾ ਦੇ ਤਹਿਤ ਨੀਲੇ ਕਾਰਡ ਧਾਰਕ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਉਹ ਆਪਣੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਨੂੰ ਆਸਾਨੀ ਨਾਲ ਪੂਰਾ ਕਰ ਸਕਣ ਅਤੇ ਸਨਮਾਨ ਨਾਲ ਜੀਵਨ ਬਤੀਤ ਕਰ ਸਕਣ। ਉਨ੍ਹਾਂ ਕਿਹਾ ਕਿ ਯੋਜਨਾ ਦੇ ਹਰੇਕ ਲਾਭਪਾਤਰੀ ਪਰਿਵਾਰ ਨੂੰ ਹਰ ਤਿੰਨ ਮਹੀਨਿਆਂ ਵਿੱਚ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਰਾਸ਼ਨ ਕਿੱਟ ਦਿੱਤੀ ਜਾ ਰਹੀ ਹੈ, ਜਿਸ ਵਿਚ 2 ਕਿਲੋ ਛੋਲਿਆਂ ਦੀ ਦਾਲ, 2 ਕਿਲੋ ਖੰਡ, 1 ਕਿਲੋ ਲੂਣ, 1 ਲਿਟਰ ਸਰੋਂ ਦਾ ਤੇਲ ਅਤੇ 200 ਗ੍ਰਾਮ ਹਲਦੀ ਸ਼ਾਮਲ ਹੈ।

## ਸਮਰ ਕੈਂਪ ਧੂਮਧਾਮ ਨਾਲ ਸੰਪੰਨ




**ਕਪੂਰਥਲਾ, (ਹਨੀ)**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ ਵਿੱਚ ਚੱਲ ਰਿਹੇ ਤਿੰਨ ਰੋਜਾ ਸਮਰ ਕੈਂਪ ਦਾ ਸਮਾਪਤੀ ਸਮਾਗਮ ਬੜੀ ਧੂਮ ਧਾਮ ਨਾਲ ਕੀਤਾ ਗਿਆ। ਸਕੂਲ ਦੇ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਜਿਨਾਂ ਦਾ ਸਕੂਲ ਦੇ ਪ੍ਰਿੰਸੀਪਲ ਡਿੰਪਲ ਸ਼ਰਮਾ ਅਤੇ ਸਟਾਫ ਮੈਂਬਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਸ਼ਬਦ ਗਾਇਨ, ਗੀਤ, ਲੋਕ ਗੀਤ, ਭੰਗੜਾ, ਕੋਰੀਓਗਰਾਫੀ ਆਦਿ ਮੁੱਖ ਆਕਰਸ਼ਣ ਰਹੇ।

ਇਸ ਦੌਰਾਨ ਵਿਦਿਆਰਥੀਆਂ ਡਾਂਸ, ਆਰਟ ਐਂਡ ਕਰਾਫਟ, ਖੇਡਾਂ, ਯੋਗਾ, ਸੰਗੀਤ, ਕੁਕਿੰਗ ਵਿਦਆਊਟ ਫਾਇਰ, ਪਰਸਨੈਲਿਟੀ ਡਿਵੈਲਪਮੈਂਟ, ਸਟੋਰੀ ਟੈਲਿੰਗ ਆਦਿ ਗਤੀਵਿਧੀਆਂ ਵਿੱਚ ਬੜੇ ਉਤਸਾਹ ਨਾਲ ਭਾਗ ਲਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵਿਦਿਆਰਥੀਆਂ ਵੱਲੋਂ ਦਿਖਾਈ ਗਈ ਪ੍ਰਤਿਭਾ ਦੀ ਖ਼ੂਬ ਸ਼ਲਾਘਾ ਕੀਤੀ।

## ਚੈਰੀਟੇਬਲ ਹਸਪਤਾਲ ਦੀ ਨਵ ਨਿਰਮਾਣ ਉਸਾਰੀ ਦਾ ਕੰਮ ਸ਼ੁਰੂ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਮਹੰਤ ਬਿਕਰਮਜੀਤ ਸਿੰਘ ਚੇਲਾ ਮਹੰਤ ਰਾਮ ਸਿੰਘ ਜੀ ਡੇਰਾ ਬਿਸ਼ਨਪੁਰੀ ਨੇੜੇ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਨੰਗਲ ਖੁਰਦ ਵਿਖੇ ਡੇਰਾ ਲੋਹ ਲੰਗਰ ਗੁਰਦੁਆਰਾ ਸੋਸਾਇਟੀ ਚੈਰੀਟੇਬਲ ਹਸਪਤਾਲ ਐੱਨ ਆਰ ਆਈ ਅਤੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਬਣਾਇਆ ਜਾ ਰਿਹਾ ਹੈ। ਇਸ ਹਸਪਤਾਲ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਇਹ ਹਸਪਤਾਲ ਲੋੜਵੰਦਾਂ ਲਈ ਸਿਹਤ ਸਹੂਲਤਾਂ ਦਾ ਕੇਂਦਰ ਬਣੇਗਾ। ਸੰਗਤਾਂ ਦਾ ਸਹਿਯੋਗ ਇਸ ਦੀ ਵੱਡੀ ਤਾਕਤ ਹੈ। ਮਹੰਤ ਬਿਕਰਮਜੀਤ ਸਿੰਘ ਨੇ ਕਿਹਾ ਕਿ ਇਸ ਹਸਪਤਾਲ ਦਾ ਮੁੱਖ ਉਦੇਸ਼ ਮੁਫਤ ਇਲਾਜ, ਸੇਵਾ, ਮਨੁੱਖਤਾ ਅਤੇ ਸਮਰਪਣ ਦੀ ਭਾਵਨਾ ਹੋਵੇਗਾ। ਵਰਨਣਯੋਗ ਹੈ ਕਿ ਡੇਰਾ ਬਿਸ਼ਨਪੁਰੀ ਨੰਗਲ ਖੁਰਦ ਵਿਖੇ ਜਿੱਥੇ ਮਹੰਤ ਬਿਕਰਮਜੀਤ ਸਿੰਘ ਅਤੇ ਉਹਨਾਂ ਦੀਆਂ ਸਹਿਯੋਗੀ ਸੰਗਤਾਂ ਦੇ ਸਹਿਯੋਗ ਨਾਲ ਸਮੇਂ-ਸਮੇਂ ਤੇ ਇਸ ਡੇਰੇ ਵਿਖੇ ਧਾਰਮਿਕ ਸਮਾਗਮ ਕੀਤੇ ਜਾਂਦੇ ਹਨ। ਉਸ ਦੇ ਨਾਲ ਹੀ ਇਹਨਾਂ ਸਮਾਗਮਾਂ ਮੌਕੇ ਮੁਫਤ ਮੈਡੀਕਲ ਕੈਂਪ ਵੀ ਲਗਾਏ ਜਾਂਦੇ ਹਨ। ਲੋੜਵੰਦ ਵਿਦਿਆਰਥੀਆਂ ਨੂੰ ਸਟੇਸ਼ਨਰੀ ਦਾ ਸਮਾਨ ਵੀ ਦਿੱਤਾ ਜਾਂਦਾ ਹੈ। ਡੇਰਾ ਬਿਸ਼ਨਪੁਰੀ ਨੰਗਲ ਖੁਰਦ ਇਲਾਕੇ ਵਿੱਚ ਸਮੁੱਚੀ ਮਾਨਵਤਾ ਲਈ ਇੱਕ ਪ੍ਰੇਰਨਾ ਸਰੋਤ ਦਾ ਕੰਮ ਕਰ ਰਿਹਾ ਹੈ।

## ਖ਼ਾਲਸਾ ਏਡ ਵੱਲੋਂ ਬੇਸਹਾਰਾ ਬਜ਼ੁਰਗ ਪਰਵਾਰ ਲਈ ਘਰ ਦਾ ਨਿਰਮਾਣ ਜਾਰੀ

**ਜਲੰਧਰ (ਨ ਜ਼ ਸ)**-ਖਾਲਸਾ ਏਡ ਵੱਲੋਂ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਮਨੁੱਖਤਾ ਦੀ ਸੇਵਾ ਨੂੰ ਅੱਗੇ ਵਧਾਉਂਦਿਆਂ ਧਾਰਮਿਕ, ਸਮਾਜਿਕ ਅਤੇ ਕਿਸਾਨ ਭਲਾਈ ਦੇ ਕਈ ਪ੍ਰੋਜੈਕਟ ਚਲਾਏ ਜਾ ਰਹੇ ਹਨ। ਜਲੰਧਰ ਵਿੱਚ ਗੁਰਦੁਆਰਾ ਰਾਮਗੜ੍ਹੀਆ ਨੇੜੇ ਸਥਿਤ ਪਿੰਡ ਲੁਹਾਰ ਸੁੱਚਾ ਸਿੰਘ ਗੁਰੂ ਘਰ ਦੀ ਨਵੀਂ ਇਮਾਰਤ ਦੀ ਸੇਵਾ ਕੀਤੀ ਜਾ ਰਹੀ ਹੈ, ਜਿਸ 'ਤੇ ਲਗਭਗ 8 ਲੱਖ ਰੁਪਏ ਖਰਚ ਕੀਤੇ ਜਾ ਰਹੇ ਹਨ।ਇਸ ਦੇ ਨਾਲ ਹੀ ਘਾਹ ਮੰਡੀ ਇਲਾਕੇ ਵਿੱਚ ਰਹਿ ਰਹੇ ਇੱਕ ਬੇਸਹਾਰਾ ਬਜ਼ੁਰਗ ਪਰਿਵਾਰ ਦੇ ਘਰ ਦਾ ਨਿਰਮਾਣ ਅਤੇ ਮੁਰੰਮਤ ਦਾ ਕੰਮ ਵੀ ਖਾਲਸਾ ਏਡ ਵੱਲੋਂ ਕੀਤਾ ਜਾ ਰਿਹਾ ਹੈ। ਪਰਵਾਰ ਦਾ ਮਕਾਨ ਬਹੁਤ ਖਸਤਾ ਹਾਲਤ ਵਿੱਚ ਸੀ, ਜਿਸ ਕਾਰਨ ਉਨ੍ਹਾਂ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਖਾਲਸਾ ਏਡ ਵੱਲੋਂ ਕਰੀਬ 10 ਲੱਖ ਰੁਪਏ ਦੀ ਲਾਗਤ ਨਾਲ ਘਰ ਦੀ ਮੁਰੰਮਤ ਅਤੇ ਨਵੀਨੀਕਰਨ ਕਰਕੇ ਇਸ ਨੂੰ ਰਹਿਣ ਯੋਗ ਬਣਾਇਆ ਜਾ ਰਿਹਾ ਹੈ।ਗੜੇਮਾਰੀ ਕਾਰਨ ਪ੍ਰਭਾਵਿਤ ਹੋਏ ਕਿਸਾਨਾਂ ਦੀ ਮਦਦ ਲਈ ਖਾਲਸਾ ਏਡ ਵੱਲੋਂ ਮੋਗਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਦੇ ਪ੍ਰਭਾਵਿਤ ਪਿੰਡਾਂ ਵਿੱਚ ਵਿਸ਼ੇਸ਼ ਰਾਹਤ ਮੁਹਿੰਮ ਚਲਾਈ ਗਈ। ਇਸ ਦੌਰਾਨ ਕਿਸਾਨਾਂ ਨੂੰ ਪਸ਼ੂਆਂ ਦਾ ਚਾਰਾ ਤੇ 10 ਲੀਟਰ ਪ੍ਰਤੀ ਏਕੜ ਦੇ ਹਿਸਾਬ ਨਾਲ ਡੀਜ਼ਲ ਮੁਹੱਈਆ ਕਰਵਾਇਆ ਗਿਆ। ਡੀਜ਼ਲ ਸਹਾਇਤਾ 'ਤੇ ਕਰੀਬ 30 ਤੋਂ 32 ਲੱਖ ਰੁਪਏ ਖਰਚ ਕੀਤੇ ਗਏ, ਜਿਸ ਨਾਲ ਸੈਂਕੜੇ ਕਿਸਾਨਾਂ ਨੂੰ ਮੁੜ ਫਸਲ ਦੀ ਬਿਜਾਈ ਕਰਨ ਵਿੱਚ ਮਦਦ ਮਿਲੀ।




ਖਾਲਸਾ ਏਡ ਦੇ ਸੀਨੀਅਰ ਅਗੂ ਲਖਵੀਰ ਸਿੰਘ ਨੇ ਦੱਸਿਆ ਕਿ ਸੰਸਥਾ ਵੱਲੋਂ ਗੜੇਮਾਰੀ ਪ੍ਰਭਾਵਿਤ ਕਿਸਾਨਾਂ ਦੀ ਮਦਦ ਲਈ ਕਰੀਬ 1500 ਕੁਇੰਟਲ ਪਸ਼ੂਆਂ ਦਾ ਚਾਰਾ ਖਰੀਦਿਆ ਗਿਆ ਹੈ, ਜਿਸ ਨੂੰ ਪ੍ਰਭਾਵਿਤ ਇਲਾਕਿਆਂ ਵਿੱਚ ਲਗਾਤਾਰ ਵੰਡਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਕਿਸਾਨਾਂ ਦੀਆਂ ਫਸਲਾਂ ਗੜੇਮਾਰੀ ਕਾਰਨ ਨੁਕਸਾਨੀਆਂ ਗਈਆਂ ਹਨ, ਉਨ੍ਹਾਂ ਦੇ ਪਸ਼ੂਆਂ ਲਈ ਚਾਰੇ ਦਾ ਪ੍ਰਬੰਧ ਕਰਨਾ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਹੋ ਕੇ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਲੋੜਵੰਦਾਂ, ਬਜ਼ੁਰਗਾਂ ਅਤੇ ਕਿਸਾਨਾਂ ਦੀ ਮਦਦ ਲਈ ਲਗਾਤਾਰ ਸੇਵਾ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਖਾਲਸਾ ਏਡ ਵੱਲੋਂ ਸਮਾਜ ਭਲਾਈ ਦੇ ਅਜਿਹੇ ਉਪਰਾਲੇ ਜਾਰੀ ਰਹਿਣਗੇ।ਖਾਲਸਾ ਏਡ ਦੀ ਇਹ ਪਹਿਲ ਲੋੜਵੰਦਾਂ, ਬਜ਼ੁਰਗਾਂ ਅਤੇ ਕਿਸਾਨਾਂ ਲਈ ਵੱਡਾ ਸਹਾਰਾ ਬਣ ਕੇ ਸਾਹਮਣੇ ਆਈ ਹੈ ਅਤੇ ਸਮਾਜ ਸੇਵਾ ਪ੍ਰਤੀ ਸੰਸਥਾ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

## ਐੱਲ ਪੀ ਯੂ ਭਵਿੱਖ ਦੇ ਖੇਤੀਬਾੜੀ ਪੇਸ਼ੇਵਰਾਂ ਨੂੰ ਸਿਖਲਾਈ ਦੇਣ ਦੇ ਤਰੀਕੇ ਨੂੰ ਨਵਾਂ ਰੂਪ ਦੇ ਰਹੀ

**ਜਲੰਧਰ (ਸ਼ੈਲੀ ਐਲਬਰਟ)**

ਜਿਵੇਂ ਕਿ ਖੇਤੀਬਾੜੀ ਇੱਕ ਤਕਨਾਲੋਜੀ-ਅਧਾਰਤ ਅਤੇ ਨਵੀਨਤਾ-ਸੰਚਾਲਿਤ ਖੇਤਰ ਵਿੱਚ ਬਦਲ ਰਹੀ ਹੈ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਭਵਿੱਖ ਦੇ ਖੇਤੀਬਾੜੀ ਪੇਸ਼ੇਵਰਾਂ ਨੂੰ ਸਿਖਲਾਈ ਦੇਣ ਦੇ ਤਰੀਕੇ ਦੀ ਮੁੜ ਨਵਾ ਰੂਪ ਦੇ ਰਹੀ ਹੈ। ਆਪਣੇ ਐਡੂ-ਰਿਵੋਲਿਊਸ਼ਨ ਸਿਖਲਾਈ ਮਾਡਲ ਰਾਹੀਂ, ਯੂਨੀਵਰਸਿਟੀ ਅਨੁਭਵੀ ਸਿਖਲਾਈ, ਉਦਯੋਗ ਐਕਸਪੋਜ਼ਰ, ਖੋਜ ਅਤੇ ਉੱਦਮਤਾ ਨੂੰ ਜੋੜਦੀ ਹੈ ਤਾਂ ਜੋ ਇੱਕ ਗਤੀਸ਼ੀਲ ਸਿਖਲਾਈ ਵਾਤਾਵਰਣ ਬਣਾਇਆ ਜਾ ਸਕੇ ਜਿੱਥੇ ਵਿਦਿਆਰਥੀ ਅਕਾਦਮਿਕ ਗਿਆਨ ਅਤੇ ਵਿਹਾਰਕ ਮੁਹਾਰਤ ਦੋਵੇਂ ਪ੍ਰਾਪਤ ਕਰਦੇ ਹਨ। ਵਿਦਿਆਰਥੀ ਵਿਭਿੰਨ ਖੇਤਰਾਂ ਵਿੱਚ ਸਫਲ ਕਰੀਅਰ ਬਣਾਉਣ ਲਈ ਲੋੜੀਂਦੇ ਗਿਆਨ ਨਾਲ ਲੈਸ ਹਨ, ਜਿਸ ਵਿੱਚ ਸ਼ੁੱਧਤਾ ਖੇਤੀਬਾੜੀ, ਖੇਤੀਬਾੜੀ ਕਾਰੋਬਾਰ, ਬਾਇਓਟੈਕਨਾਲੋਜੀ, ਫੂਡ ਪ੍ਰੋਸੈਸਿੰਗ ਤੇ ਉੱਭਰ ਰਹੇ ਖੇਤੀਬਾੜੀ ਖੇਤਰ ਸ਼ਾਮਲ ਹਨ।ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਦੁਆਰਾ ਮਾਨਤਾ ਪ੍ਰਾਪਤ, ਨੇਕ 1++ ਗ੍ਰੇਡ ਨਾਲ ਮਾਨਤਾ ਪ੍ਰਾਪਤ ਤੇ ਆਈ ਸੀ ਏ ਆਰ-ਐੱਨ ਏ ਈ ਏ ਬੀ ਦੁਆਰਾ ਪ੍ਰਵਾਨਿਤ, ਐੱਲ ਪੀ ਯੂ ਵਿਦਿਆਰਥੀਆਂ ਨੂੰ ਮੌਕਿਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਪ੍ਰਦਾਨ ਕਰਦਾ ਹੈ। ਖੋਜ ਫਾਰਮਾਂ ਅਤੇ ਉੱਨਤ ਪ੍ਰਯੋਗਸ਼ਾਲਾਵਾਂ ਤੋਂ ਲੈ ਕੇ ਪੌਲੀਹਾਊਸਾਂ, ਬਾਗਬਾਨੀ ਸਹੂਲਤਾਂ ਅਤੇ ਮਧੂ-ਮੱਖੀ ਪਾਲਣ ਇਕਾਈਆਂ ਤੱਕ, ਵਿਦਿਆਰਥੀ ਆਧੁਨਿਕ ਖੇਤੀਬਾੜੀ ਅਭਿਆਸਾਂ ਦਾ ਸਿੱਧਾ ਅਨੁਭਵ ਪ੍ਰਾਪਤ ਕਰਦੇ ਹਨ ਅਤੇ ਮਾਲਕਾਂ ਅਤੇ ਉਦਯੋਗ ਦੇ ਹਿੱਸੇਦਾਰਾਂ ਦੁਆਰਾ ਮੰਗੇ ਜਾਂਦੇ ਵਿਹਾਰਕ ਹੁਨਰਾਂ ਨੂੰ ਵਿਕਸਤ ਕਰਦੇ ਹਨ।ਯੂਨੀਵਰਸਿਟੀ ਪ੍ਰੋਗਰਾਮਾਂ ਦਾ ਇੱਕ ਵਿਆਪਕ ਪੋਰਟਫੋਲੀਓ ਪੇਸ਼ ਕਰਦੀ ਹੈ, ਜਿਸ ਵਿੱਚ ਖੇਤੀਬਾੜੀ ਵਿੱਚ ਬੀ.ਐਸ.ਸੀ. (ਆਨਰਜ਼), ਖੇਤੀਬਾੜੀ ਵਿਗਿਆਨ, ਜੈਨੇਟਿਕਸ ਅਤੇ ਪੌਦਾ ਪ੍ਰਜਨਨ, ਮਿੱਟੀ ਵਿਗਿਆਨ, ਕੀਟ ਵਿਗਿਆਨ, ਪੌਦਾ ਰੋਗ ਵਿਗਿਆਨ, ਬਾਗਬਾਨੀ, ਅਤੇ ਭੋਜਨ ਵਿਗਿਆਨ ਅਤੇ ਤਕਨਾਲੋਜੀ ਵਿੱਚ ਐਮ.ਐਸ.ਸੀ. ਵਿਸ਼ੇਸ਼ਤਾਵਾਂ, ਦੇ ਨਾਲ-ਨਾਲ ਕਈ ਵਿਸ਼ਿਆਂ ਵਿੱਚ ਡਾਕਟਰੇਟ ਪ੍ਰੋਗਰਾਮ ਸ਼ਾਮਲ ਹਨ। ਪਾਠਕ੍ਰਮ ਨੂੰ ਪੇਂਡੂ ਖੇਤੀਬਾੜੀ ਕਾਰਜ ਅਨੁਭਵ, ਫਾਰਮ ਸਕੂਲ, ਲਾਈਵ ਪ੍ਰੋਜੈਕਟ, ਉਦਯੋਗ ਸਹਿਯੋਗ, ਅਤੇ ਇਨਕਿਊਬੇਸ਼ਨ ਸਹਾਇਤਾ ਵਰਗੀਆਂ ਪਹਿਲਕਦਮੀਆਂ ਰਾਹੀਂ ਅਕਾਦਮਿਕ ਕਠੋਰਤਾ ਨੂੰ ਵਿਵਹਾਰਕ ਉਪਯੋਗਤਾ ਨਾਲ ਜੋੜਨ ਲਈ ਤਿਆਰ ਕੀਤਾ ਗਿਆ ਹੈ।



## ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੇ ਹੱਕ 'ਚ ਲਿਆ ਇਤਿਹਾਸਕ ਫੈਸਲਾ : ਚੱਬੇਵਾਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਪੰਜਾਬ ਮੰਤਰੀ ਮੰਡਲ ਵੱਲੋਂ ਸੂਬੇ ਦੇ 65 ਹਜ਼ਾਰ ਤੋਂ ਵੱਧ ਆਊਟਸੋਰਸ, ਠੇਕਾ, ਡੇਲੀ ਵੇਜ ਅਤੇ ਹੋਰ ਅਸਥਾਈ ਕਰਮਚਾਰੀਆਂ ਦੀ ਭਲਾਈ ਲਈ ਇਤਿਹਾਸਿਕ ਫ਼ੈਸਲਾ ਲਿਆ ਹੈ ਜੋ ਇਨ੍ਹਾਂ ਕਰਮਚਾਰੀਆਂ ਦੇ ਸੁਨਹਿਰੇ ਭਵਿੱਖ ਲਈ ਮੀਲ ਪੱਥਰ ਸਾਬਤ ਹੋਵੇਗਾ।ਪੰਜਾਬ ਸਰਕਾਰ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਲੰਮੇ ਸਮੇਂ ਤੋਂ ਠੇਕੇਦਾਰੀ ਸਿਸਟਮ ਹੇਠ ਕੰਮ ਕਰ ਰਹੇ ਕਰਮਚਾਰੀਆਂ ਨੂੰ ਹੁਣ ਸਿੱਧੇ ਸਰਕਾਰੀ ਪ੍ਰਬੰਧ ਹੇਠ ਲਿਆਉਣ ਤੇ ਉਨ੍ਹਾਂ ਨੂੰ ਰੈਗੂਲਰ ਨੌਕਰੀਆਂ ਵੱਲ ਰਾਹ ਪ੍ਰਦਾਨ ਕਰਨ ਦੀ ਵੱਡੀ ਪਹਿਲਕਦਮੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਮੇਸ਼ਾ ਹੀ ਮੁਲਾਜ਼ਮਾਂ ਦੇ ਹਿੱਤਾਂ ਨੂੰ ਪਹਿਲ ਦਿੱਤੀ ਹੈ ਜਿਸ ਲੜੀ ਵਿੱਚ ਇਹ ਹਜ਼ਾਰਾਂ ਮੁਲਾਜ਼ਮਾਂ ਦੇ ਭਵਿੱਖ ਨੂੰ ਸੁਰੱਖਿਅਤ ਅਤੇ ਮਜ਼ਬੂਤ ਕਰਨ ਵੱਲ ਕਦਮ ਹੈ। ਉਨ੍ਹਾਂ ਕਿਹਾ ਕਿ ਕੈਬਨਿਟ ਵੱਲੋਂ ਮੁਲਾਜ਼ਮਾਂ ਪੱਖੀ ਨਵੇਂ ਕਾਨੂੰਨਾਂ ਨੂੰ ਝੰਡੀ ਨਾਲ ਸਰਕਾਰ ਅਤੇ ਕਰਮਚਾਰੀਆਂ ਵਿਚਕਾਰ ਸਿੱਧਾ ਰਾਬਤਾ ਹੋਵੇਗਾ ਅਤੇ ਠੇਕੇਦਾਰਾਂ ਦੀ ਭੂਮਿਕਾ ਖਤਮ ਹੋ ਜਾਵੇਗੀ ਜਿਸ ਨਾਲ ਆਊਟਸੋਰਸ, ਠੇਕਾ, ਡੇਲੀ ਵੇਜ ਅਤੇ ਹੋਰ ਅਸਥਾਈ ਕਰਮਚਾਰੀਆਂ ਨੂੰ ਰੋਜ਼ਗਾਰ ਸੁਰੱਖਿਆ, ਮਾਣ-ਸਨਮਾਨ ਅਤੇ ਭਵਿੱਖ ਦੀ ਯਕੀਨੀਤਾ ਮਿਲੇਗੀ।ਲੋਕ ਸਭਾ ਮੈਂਬਰ ਡਾ. ਚੱਬੇਵਾਲ ਨੇ ਕਿਹਾ ਕਿ ਪੰਜਾਬ ਦੇ 51 ਵਿਭਾਗਾਂ ਵਿੱਚ ਕੰਮ ਕਰ ਰਹੇ 65,048 ਕਰਮਚਾਰੀ ਇਸ ਨੀਤੀ ਦੇ ਦਾਇਰੇ ਵਿੱਚ ਆਉਣਗੇ, ਜਦਕਿ 26 ਹਜ਼ਾਰ ਤੋਂ ਵੱਧ ਕਰਮਚਾਰੀ ਪਹਿਲੇ ਪੜਾਅ ਵਿੱਚ ਇਸ ਦਾ ਸਿੱਧਾ ਲਾਭ ਪ੍ਰਾਪਤ ਕਰਨਗੇ। ਜ਼ਿਕਰਯੋਗ ਹੈ ਕਿ ਬਿਜਲੀ, ਸਥਾਨਕ ਸਰਕਾਰਾਂ, ਸਿੱਖਿਆ, ਟਰਾਂਸਪੋਰਟ, ਸਿਹਤ, ਜਲ ਸਪਲਾਈ, ਖੇਤੀਬਾੜੀ ਅਤੇ ਹੋਰ ਅਹਿਮ ਵਿਭਾਗਾਂ ਵਿੱਚ ਸੇਵਾਵਾਂ ਨਿਭਾ ਰਹੇ ਕਰਮਚਾਰੀਆਂ ਲਈ ਇਹ ਫੈਸਲਾ ਨਵੀਂ ਉਮੀਦ ਲੈ ਕੇ ਆਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਖਤਰਨਾਕ ਹਾਲਾਤਾਂ ਵਿੱਚ ਕੰਮ ਕਰਨ ਵਾਲੇ ਫਾਇਰ ਕਰਮਚਾਰੀਆਂ, ਲਾਈਨਮੈਨਾਂ, ਸੀਵਰ ਕਰਮਚਾਰੀਆਂ ਅਤੇ ਸਫਾਈ ਸੇਵਕਾਂ ਲਈ ਵਿਸ਼ੇਸ਼ ਪ੍ਰਬੰਧ ਕਰਦਿਆਂ ਤਿੰਨ ਸਾਲ ਦੀ ਸੇਵਾ ਉਪਰੰਤ ਯੋਗਤਾ ਦੇਣ ਦਾ ਫੈਸਲਾ ਉਨ੍ਹਾਂ ਦੇ ਯੋਗਦਾਨ ਦਾ ਸਨਮਾਨ ਹੈ ਜੋ ਇਨ੍ਹਾਂ ਵਰਗਾਂ ਨੂੰ ਵੱਡੀ ਰਾਹਤ ਦੇਵੇਗੀ। ਉਨ੍ਹਾਂ ਨੇ ਕੈਬਨਿਟ ਵੱਲੋਂ ਡੀ ਏ, ਪੈਨਸ਼ਨ ਅਤੇ ਤਨਖਾਹਾਂ ਦੇ ਬਕਾਏ ਸਬੰਧੀ ਮੰਤਰੀ ਮੰਡਲ ਦੀ ਸਬ-ਕਮੇਟੀ ਦੇ ਪੁਨਰਗਠਨ ਨੂੰ ਵੀ ਮੁਲਾਜ਼ਮ ਪੱਖੀ ਕਦਮ ਦੱਸਿਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਕਰਮਚਾਰੀਆਂ ਦੀਆਂ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਦੇ ਹੱਲ ਲਈ ਪੂਰੀ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ । ਉਨ੍ਹਾਂ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਤੇਜ਼ ਸੁਣਵਾਈ ਲਈ ਸੂਬੇ ਵਿੱਚ 7 ਵਿਸ਼ੇਸ਼ ਅਦਾਲਤਾਂ ਸਥਾਪਤ ਕਰਨ ਦੇ ਫੈਸਲੇ ਦੀ ਵੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਨਾਲ ਭ੍ਰਿਸ਼ਟਾਚਾਰ ਵਿਰੁੱਧ ਲੜਾਈ ਨੂੰ ਹੋਰ ਬਲ ਮਿਲੇਗਾ ਅਤੇ ਦੋਸ਼ੀਆਂ ਨੂੰ ਜਲਦੀ ਸਜ਼ਾ ਮਿਲ ਸਕੇਗੀ। ਜ਼ਿਕਰਯੋਗ ਹੈ ਕਿ ਮੰਤਰੀ ਮੰਡਲ ਦੇ ਇਸ ਫੈਸਲੇ ਨਾਲ 'ਪੰਜਾਬ ਐਡਹਾਕ, ਕੰਟਰੈਕਟੁਅਲ, ਡੇਲੀ ਵੇਜ, ਟੈਂਪਰਰੀ, ਵਰਕ ਚਾਰਜਡ ਐਂਡ ਆਊਟਸੋਰਸਡ ਇੰਪਲਾਈਜ਼ ਵੈਲਫੇਅਰ ਐਕਟ, 2016' ਨੂੰ ਰੱਦ ਕਰਨ ਅਤੇ 'ਪੰਜਾਬ ਸਟੇਟ ਆਊਟਸੋਰਸਡ ਪਰਸੋਨਲ (ਟਰਾਂਜਿਸ਼ਨ ਟੂ ਕੰਟਰੈਕਟੁਅਲ ਐਂਗੇਜਮੈਂਟ) ਬਿੱਲ, 2026' ਤੇ 'ਪੰਜਾਬ ਕੰਟਰੈਕਟੂਅਲ ਪਰਸੋਨਲ (ਮਨਜ਼ੂਰਸ਼ੁਦਾ ਖਾਲੀ ਅਸਾਮੀਆਂ ਵਿਰੁੱਧ ਐਬਸੌਰਪਸ਼ਨ) ਬਿੱਲ, 2026' ਨੂੰ ਮਨਜ਼ੂਰੀ ਮਿਲ ਗਈ ਹੈ। ਇਸੇ ਤਰ੍ਹਾਂ 'ਪੰਜਾਬ ਰਾਜ ਆਊਟਸੋਰਸਡ ਪਰਸੋਨਲ (ਟਰਾਂਜਿਸ਼ਨ ਟੂ ਕੰਟਰੈਕਟੂਅਲ ਇੰਗੇਜਮੈਂਟ) ਬਿੱਲ, 2026' ਤਹਿਤ ਆਊਟਸੋਰਸਡ ਗਰੁੱਪ-ਸੀ ਅਤੇ ਗਰੁੱਪ-ਡੀ ਦੇ ਕਰਮਚਾਰੀਆਂ ਜਿਨ੍ਹਾਂ ਨੇ ਪੰਜ ਸਾਲ ਦੀ ਨਿਰੰਤਰ ਸੇਵਾ ਪੂਰੀ ਕਰ ਲਈ ਹੈ, ਨੂੰ ਸਿੱਧੇ ਸਰਕਾਰੀ ਠੇਕੇ 'ਤੇ ਰੋਜ਼ਗਾਰ ਅਧੀਨ ਲਿਆ ਜਾਵੇਗਾ। ਜ਼ੋਖ਼ਮ ਵਾਲੀਆਂ ਸ਼੍ਰੇਣੀਆਂ 'ਚ ਕੰਮ ਕਰਨ ਵਾਲੇ ਕਰਮਚਾਰੀ ਤਿੰਨ ਸਾਲ ਦੀ ਸੇਵਾ ਪੂਰੀ ਕਰਨ ਤੋਂ ਬਾਅਦ ਯੋਗ ਹੋ ਜਾਣਗੇ।



## ਸਿਲਵਰ ਓਕ ਸਕੂਲ 'ਚ ਸਮਰ ਕੈਂਪ ਸੰਪੰਨ




**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**-ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਹਬਾਜ਼ਪੁਰ ਵਿਖੇ ਭਾਰਤੀ ਭਾਸ਼ਾ ਸਮਰ ਕੈਂਪ ਦਾ ਪੰਜਵਾਂ ਦਿਨ ਬੜੀਆਂ ਦਿਲਚਸਪ ਗਤੀਵਿਧੀਆਂ ਦੇ ਨਾਲ ਸਿਰੇ ਚੜ੍ਹਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ ਅਤੇ ਸੀ ਸੀ ਏ ਵਿਭਾਗ ਦੇ ਸੁਮਿਤ ਅਤੇ ਬਲਜੀਤ ਦੀ ਅਗਵਾਈ ਵਿੱਚ ਬੱਚਿਆਂ ਨੇ ਭਾਰਤੀ ਭਾਸ਼ਾ ਸਮਰ ਕੈਂਪ ਦੇ ਪੰਜਵੇਂ ਦਿਨ ਮਹਾਰਾਸ਼ਟਰ ਵਿੱਚ ਪੈਦਾ ਹੋਏ ਆਜ਼ਾਦੀ ਘੁਲਾਟੀਆਂ ਬਾਰੇ ਜਾਣਕਾਰੀ ਹਾਸਿਲ ਕੀਤੀ। ਇਸ ਦੇ ਨਾਲ ਹੀ ਬੱਚਿਆਂ ਨੂੰ ਮਰਾਠੀ ਸਮਾਜਿਕ ਕਦਰਾਂ ਕੀਮਤਾਂ ਨਾਲ ਸੰਬੰਧਿਤ ਲਘੂ ਫਿਲਮ ਦਿਖਾਈ ਗਈ। ਬੱਚਿਆਂ ਨੇ ਵੀ ਆਪਣੇ ਮਨ ਦੇ ਵਿਚਾਰ ਸਰੋਤਿਆਂ ਅੱਗੇ ਰੱਖੇ। ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਇਹਨਾਂ ਗਤੀਵਿਧੀਆਂ ਦਾ ਮਕਸਦ ਬੱਚਿਆਂ ਦੇ ਵਿੱਚ ਸੁਣਨ ਤੇ ਸਮਝਣ ਦੀ ਕਾਬਲੀਅਤ ਦਾ ਵਿਕਾਸ ਕਰਨਾ ਸੀ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਕੰਚਨ, ਪਰਮਜੀਤ, ਰਾਜਵੀਰ, ਰਾਜਵਿੰਦਰ, ਵਿਸ਼ਾਲੀ, ਹਿਨਾ, ਪ੍ਰਭਜੀਤ, ਪੂਜਾ, ਸ਼ਵੇਤਾ, ਪਰਵੀਨ, ਕੁਲਦੀਪ, ਸੁਰੇਸ਼, ਪੰਕਜ, ਸੁਸ਼ੀਲ ਤੇ ਹੋਰ ਸਟਾਫ ਮੈਂਬਰ ਮੌਜੂਦ ਸਨ।

## ਭਾਈਚਾਰਕ ਸਾਂਝ ਨਾਲ ਰਹਿ ਸਕਦੇ ਹਨ ਕੌਮ ਦੇ ਹੱਕ ਸੁਰੱਖਿਅਤ : ਸੰਤ ਮਹਿੰਦਰ ਪਾਲ ਪੰਡਵਾਂ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**

ਵਿਦੇਸ਼ਾਂ ਦੀ ਧਰਤੀ ਤੇ ਸਤਿਗੁਰੂ ਰਵਿਦਾਸ ਮਹਾਰਾਜ ਦੀ ਕ੍ਰਾਂਤੀਕਾਰੀ ਬਾਣੀ ਦਾ ਪ੍ਰਚਾਰ ਤੇ ਪ੍ਰਸਾਰ ਕਰ ਰਹੇ ਕੌਮ ਦੇ ਵਿਦਵਾਨ ਮਹਾਂਪੁਰਸ਼ ਸੰਤ ਮਹਿੰਦਰ ਪਾਲ ਪੰਡਵਾਂ ਗੱਦੀ ਨਸ਼ੀਨ ਡੇਰਾ ਸੱਚਖੰਡ ਸੰਤ ਹੰਸ ਰਾਜ ਪੰਡਵਾਂ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਨੇ ਵਿਸ਼ੇਸ਼ ਗੱਲਬਾਤ ਦੌਰਾਨ ਕਿਹਾ ਕਿ ਏਕਤਾ ਆਪਸੀ ਭਾਈਚਾਰਕ ਸਾਂਝ ਤੇ ਆਪਸੀ ਪਿਆਰ ਨਾਲ ਹੀ ਕੌਮ ਦੇ ਧਾਰਮਿਕ ਤੇ ਸਮਾਜਕ ਮਸਲੇ ਹੱਲ ਕੀਤੇ ਜਾ ਸਕਦੇ ਹਨ ਅਤੇ ਸੰਵਿਧਾਨਕ ਹੱਕ ਸੁਰੱਖਿਅਤ ਰਹਿ ਸਕਦੇ ਹਨ। ਉਨ੍ਹਾਂ ਕਿਹਾ ਪੰਜਾਬ ਗੁਰੂਆਂ, ਪੀਰਾਂ, ਦੇਸ਼ ਦੀ ਅਜਾਦੀ ਲਈ ਕੁਰਬਾਨੀਆਂ ਦੇਣ ਵਾਲੇ ਮਹਾਨ ਯੋਧਿਆਂ ਦੀ ਧਰਤੀ ਹੈ। ਜਿਥੇ ਗੁਰੂਆਂ ਦੀ ਬਾਣੀ ਹਮੇਸ਼ਾ ਦੂਜਿਆਂ ਦਾ ਭਲਾ ਕਰਨਾ, ਕਿਰਤ ਕਰਨੀ ਅਤੇ ਪ੍ਰਮੇਸ਼ਰ ਦਾ ਸਿਮਰਨ ਕਰਨ ਦਾ ਸਿਧਾਂਤ ਪੈਦਾ ਕਰਦੀ ਹੈ ਓਥੇ ਕ੍ਰਾਂਤੀਕਾਰੀ ਸੂਰਬੀਰਾਂ ਦਾ ਇਤਿਹਾਸ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਅੱਗੇ ਵਧਣ ਦਾ ਸੰਕਲਪ ਅਤੇ ਜਜਬਾ ਪੈਦਾ ਕਰਦਾ ਹੈ। ਉਨ੍ਹਾਂ ਕਿਹਾ ਸਤਿਗੁਰੂ ਰਵਿਦਾਸ ਜੀ ਮਹਾਰਾਜ ਫੁਰਮਾਉਂਦੇ ਹਨ ਨੂੰਬਿਨੁ ਦੇਖੇ ਉਪਜੇ ਨਹੀਂ ਆਸਾ, ਜੋ ਦੀਸੈ ਸੋ ਹੋਇ ਬਿਨਾਸਾ॥ ਬਰਨ ਸਹਿਤ ਜੋ ਜਾਪੈ ਨਾਮ, ਸੋ ਜੋਗੀ ਕੇਵਲ ਨਿਹਕਾਮ 'ਭਾਵ ਜਦੋਂ ਤੱਕ ਅਸੀਂ ਕਿਸੇ ਵੀ ਵਸਤੂ (ਪ੍ਰਭੂ) ਨੂੰ ਪ੍ਰਤੱਖ ਨਹੀਂ ਦੇਖਦੇ ਤੇ ਉਸਦੇ ਤੱਕ ਪਹੁੰਚ ਨਹੀਂ ਜਾਂਦੇ ਉਸ ਨਾਲ ਮੋਹ ਬਣਿਆ ਰਹਿੰਦਾ ਹੈ,ਇਹ ਜੋ ਦਿਸਦਾ ਹੈ ਸਭ ਨਾਸ਼ ਹੋ ਜਾਣ ਵਾਲਾ ਹੈ। ਜੋ ਮਨੁੱਖ ਪ੍ਰਭੂ ਦੇ ਗੁਣ ਗਾਉਂਦਾ ਹੈ ਤੇ ਨਾਮ ਜਪਦਾ ਹੈ ਉਹ ਅਸਲ ਯੋਗੀ ਹੈ, ਸੰਸਾਰ ਦੀ ਮੋਹ ਮਾਇਆ ਤੋਂ ਰਹਿਤ ਹੋ ਜਾਂਦਾ ਹੈ। ਸੰਤ ਮਹਿੰਦਰਪਾਲ ਨੇ ਕਿਹਾ ਕਿ ਡੇਰਾ ਸੰਤ ਹੰਸ ਰਾਜ ਪੰਡਵਾਂ ਹਮੇਸ਼ਾ ਸਮਾਜ,ਕੌਮ ਦੇ ਕਾਰਜਾਂ ਲਈ ਮੋਹਰੀ ਰਿਹਾ ਹੈ ਜਿਥੇ ਅਨੇਕਾਂ ਸਮਾਜ ਸੇਵੀਆਂ ਨੂੰ ਗੋਲਡ ਮੈਡਲ ਨਾਲ ਸਨਮਾਨਤ ਵੀ ਕੀਤਾ ਜਾ ਚੁੱਕਾ ਹੈ।

